☬ ੴ ਵਾਹਿਗੁਰੂ ਜੀ ਕੀ ਫ਼ਤਹ॥ ☬

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਦਾ

ਮਾਸਿਕ ਪੱਤਰ

# ਗੁਰਦੁਆਰਾ ਗਜ਼ਟ

| | |
|---|---|
| ਚੇਤ | ਨਾਨਕਸ਼ਾਹੀ ਸੰਮਤ ੫੫੦ |
| ਅੰਕ ੩ | ਜਿਲਦ ੯੫ |
| ਮਾਰਚ | ੨੦੧੮ |

ਸੰਪਾਦਕ ਦਿਲਜੀਤ ਸਿੰਘ 'ਬੇਦੀ'

**ਸਹਾਇਤਾ**

| ਦੇਸ਼ | ਵਿਦੇਸ਼ |
|---|---|
| ਸਾਲਾਨਾ ੨੦/- | ਸਾਲਾਨਾ ੫੦੦/- |
| ਲਾਈਫ਼ ੨੦੦/- | (ਹਵਾਈ ਡਾਕ) |

**Website : www.sgpc.net**
**E-mail : gurdwaragazette@gmail.com**
**info@sgpc.net**

**Phone: 0183-255 3956-60, Ext. 254**

## ਜ਼ਰੂਰੀ ਬੇਨਤੀ

ਸੰਗਤਾਂ ਦੀ ਸਹੂਲਤ ਨੂੰ ਮੁੱਖ-ਰਖਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਬਿਰਧ ਸਰੂਪਾਂ ਦੀ ਸਾਂਭ-ਸੰਭਾਲ 'ਸ੍ਰੀ ਗੁਰੂ ਗ੍ਰੰਥ ਸਾਹਿਬ ਭਵਨ', ਗੁਰਦੁਆਰਾ ਸ੍ਰੀ ਰਾਮਸਰ ਸਾਹਿਬ (ਨਜ਼ਦੀਕ ਗੁਰਦੁਆਰਾ ਸ਼ਹੀਦ ਗੰਜ ਬਾਬਾ ਦੀਪ ਸਿੰਘ ਜੀ 'ਸ਼ਹੀਦ') ਵਿਖੇ ਕਰਨ ਦਾ ਫ਼ੈਸਲਾ ਕੀਤਾ ਹੈ। ਪਾਵਨ ਬਿਰਧ ਸਰੂਪ ਲੈ ਕੇ ਆਈਆਂ ਸੰਗਤਾਂ ਇਥੋਂ ਹੀ ਪਾਵਨ ਸਰੂਪ ਵੀ ਪ੍ਰਾਪਤ ਕਰ ਸਕਦੀਆਂ ਹਨ। ਸੋ ਸਮੂਹ ਸੰਗਤਾਂ ਦੀ ਸੇਵਾ ਵਿਚ ਬਿਨੈ ਹੈ ਕਿ ਉਹ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਬਿਰਧ ਸਰੂਪ ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਵਿਖੇ ਲਿਆਉਣ ਦੀ ਕ੍ਰਿਪਾਲਤਾ ਕਰਨ।

ਗੁਰੂ-ਪੰਥ ਦਾ ਦਾਸ,
ਸਕੱਤਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

---

ਕੇਂਦਰੀ ਲਾਇਬ੍ਰੇਰੀ ਕਮੇਟੀ ਅਤੇ ਸੰਚਾਲਕ ਲੋਕ ਸੰਪਰਕ ਵਿਭਾਗ ਚੰਡੀਗੜ੍ਹ ਦੀ ਚਿੱਠੀ ਨੰ: ਲ. ਸ. ਵ. (ਲਾਇਬ)-੬੮/੧੦੨੫੮ ਮਿਤੀ ੨੦-੬-੬੭ ਰਾਹੀਂ ਸਰਕਾਰੀ ਲਾਇਬ੍ਰੇਰੀਆਂ ਲਈ ਪ੍ਰਵਾਨ ਹੈ।

---

ਗੋਲਡਨ ਆਫਸੈੱਟ ਪ੍ਰੈੱਸ, ਗੁਰਦੁਆਰਾ ਰਾਮਸਰ ਸਾਹਿਬ, ਸ੍ਰੀ ਅੰਮ੍ਰਿਤਸਰ ਤੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਲਈ **ਦਿਲਜੀਤ ਸਿੰਘ** ਪ੍ਰਿੰਟਰ ਤੇ ਪਬਲਿਸ਼ਰ ਨੇ ਛਪਵਾ ਕੇ ਦਫ਼ਤਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਤੋਂ ਜਾਰੀ ਕੀਤਾ।

***ਪ੍ਰਤੀ ਕਾਪੀ 2/-ਰੁਪਏ***

## ਲੇਖ ਸੂਚੀ

| *ਲੇਖ* | *ਪੰਨਾ* |
|---|---|
| ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅੰਮ੍ਰਿਤਸਰ ਦੀ ਪਵਿੱਤਰ ਮਰਯਾਦਾ | ੪ |
| ਇਤਿਹਾਸਕ ਦਿਹਾੜੇ | ੫ |
| ਗੁਰਬਾਣੀ ਵਿਚਾਰ | ੭ |
| ਸੰਪਾਦਕੀ<br>*-ਦਿਲਜੀਤ ਸਿੰਘ 'ਬੇਦੀ'* | ੮ |
| ਖ਼ਾਲਸਾ ਪੰਥ ਦੀ ਵਿਲੱਖਣਤਾ ਦਾ ਪ੍ਰਤੀਕ 'ਹੋਲਾ ਮਹੱਲਾ'<br>*- ਭਾਈ ਗੋਬਿੰਦ ਸਿੰਘ ਲੌਂਗੋਵਾਲ* | ੧੦ |
| ਸ. ਬਘੇਲ ਸਿੰਘ<br>*-ਗਿਆਨੀ ਭਜਨ ਸਿੰਘ (ਡਾ.)* | ੧੨ |
| ਭਾਈ ਸੁਬੇਗ ਸਿੰਘ-ਭਾਈ ਸ਼ਾਹਬਾਜ਼ ਸਿੰਘ<br>*-ਡਾ. ਹਰਬੰਸ ਸਿੰਘ* | ੧੮ |
| ਮਨੁੱਖਤਾ ਦੀ ਭਲਾਈ ਲਈ...<br>*-ਦਿਲਜੀਤ ਸਿੰਘ 'ਬੇਦੀ'* | ੨੯ |
| ਕੇਸਰੀ ਝੰਡਾ<br>*-ਦਾਨ ਸਿੰਘ ਕੋਮਲ* | ੩੨ |
| ਖ਼ਬਰਨਾਮਾ | ੩੪ |
| ਧਰਮ ਪ੍ਰਚਾਰ ਸਰਗਰਮੀਆਂ | ੫੮ |
| ਕਾਰਵਾਈ ਜਨਰਲ ਇਜਲਾਸ | ੬੧ |
| ਹਿਸਾਬ-ਕਿਤਾਬ | ੬੫ |
| ***English Section*** | |
| Historical Events | 77 |
| Sri Guru Gobind Singh Ji<br>*- S. Surjit Singh 'Gandhi'* | 79 |

ੴ ਸਤਿਗੁਰ ਪ੍ਰਸਾਦਿ॥

# ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅੰਮ੍ਰਿਤਸਰ ਦੀ ਪਵਿੱਤਰ ਮਰਯਾਦਾ

## (ਮਹੀਨਾ ਚੇਤ)

* ਕਿਵਾੜ ਖੁੱਲ੍ਹਣ ਦਾ ਸਮਾਂ — ੨-੩੦ ਵਜੇ ਅੰਮ੍ਰਿਤ ਵੇਲੇ
* ਕੀਰਤਨ ਆਰੰਭ — ੨-੩੦ ਵਜੇ ਅੰਮ੍ਰਿਤ ਵੇਲੇ
* ਆਸਾ ਦੀ ਵਾਰ ਦਾ ਕੀਰਤਨ ਆਰੰਭ — ੩-੩੦ ਵਜੇ ਸਵੇਰੇ
* ਪਾਲਕੀ ਸਾਹਿਬ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਚੱਲਣ ਦਾ ਸਮਾਂ — ੪-੩੦ ਵਜੇ ਸਵੇਰੇ
* ਪਹਿਲਾ ਹੁਕਮਨਾਮਾ — ੫-੦੦ ਵਜੇ ਸਵੇਰੇ
* ਪਹਿਲੀ ਅਰਦਾਸ — ੫-੩੦ ਵਜੇ ਸਵੇਰੇ
* ਸ੍ਰੀ ਆਸਾ ਦੀ ਵਾਰ ਦੀ ਸਮਾਪਤੀ — ੬-੩੦ ਵਜੇ ਸਵੇਰੇ
* ਦੂਸਰੀ ਅਰਦਾਸ ਤੇ ਹੁਕਮਨਾਮਾ — ੬-੩੦ ਤੋਂ ੬-੪੫ ਵਜੇ ਸਵੇਰੇ
* ਸ਼ਾਮ ਨੂੰ ਸੋਦਰੁ, ਰਹਰਾਸਿ ਸਾਹਿਬ ਦਾ ਪਾਠ ਸੂਰਜ ਛਿਪਣ ਉਪਰੰਤ ਸ਼ੁਰੂ ਹੁੰਦਾ ਹੈ।
* ਹੁਕਮਨਾਮਾ ਰਾਤ ਨੂੰ ਸਮਾਪਤੀ ਸਮੇਂ — ੯-੪੫ ਵਜੇ ਰਾਤ
* ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੋਂ ਪਾਲਕੀ ਸਾਹਿਬ ਚੱਲਣ ਦਾ ਸਮਾਂ — ੧੦-੦੦ ਵਜੇ ਰਾਤ
* ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪਹੁੰਚਣ ਦਾ ਸਮਾਂ — ੧੦-੧੫ ਵਜੇ ਰਾਤ
* ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦੇ ਕਿਵਾੜ ਖੁੱਲ੍ਹਣ ਤੋਂ ਸਮਾਪਤੀ ਤਕ ਅਖੰਡ ਕੀਰਤਨ ਹੁੰਦਾ ਰਹਿੰਦਾ ਹੈ।
* ਰਾਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸਵਾਰੀ ਜਾਣ ਉਪਰੰਤ ਇਕ ਘੰਟਾ ਸੇਵਾ ਤੇ ਸਫਾਈ ਆਦਿ ਉਪਰੰਤ ਇਸ਼ਨਾਨ ਕਰਾਉਣ ਦੀ ਸੇਵਾ ਸ਼ਰਧਾਲੂ, ਸੇਵਾਦਾਰਾਂ ਦੇ ਸਹਿਯੋਗ ਨਾਲ ਕਰਦੇ ਹਨ।
* ਇਸ਼ਨਾਨ ਸਮੇਂ ਮਿਲ ਕੇ ਪ੍ਰੇਮੀ ਇਸ਼ਨਾਨ ਕਰਾਉਂਦੇ ਹਨ ਅਤੇ ਨਾਲ ਬੜੇ ਹੀ ਪ੍ਰੇਮ ਸਹਿਤ ਰਸ-ਭਿੰਨੀ ਸੁਰ ਵਿਚ ਗੁਰਬਾਣੀ ਦੇ ਸ਼ਬਦ ਗਾਇਨ ਕਰਦੇ ਹਨ। ਇਸ਼ਨਾਨ ਆਦਿ ਦੀ ਸੇਵਾ ਕਰਾਉਣ ਉਪਰੰਤ ਵਿਛਾਈਆਂ 'ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਸਿੰਘਾਸਨ ਸਜਾ ਕੇ ਅਰਦਾਸ ਹੁੰਦੀ ਹੈ ਤੇ ਕੜਾਹ ਪ੍ਰਸ਼ਾਦਿ ਦੀ ਦੇਗ ਵਰਤਦੀ ਹੈ।
* ਫਿਰ ਤਿੰਨ-ਪਹਿਰੇ ਦੀ ਚੌਂਕੀ ਦਾ ਕੀਰਤਨ ਆਰੰਭ ਹੁੰਦਾ ਹੈ।
* ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦੀ ਵਿਚਕਾਰਲੀ ਛੱਤ ਅਤੇ ਗੁੰਬਦ ਵਿਚ ਹਰ ਵਕਤ ਅਖੰਡ ਪਾਠ ਸਾਹਿਬ ਚੱਲਦੇ ਹਨ, ਜਿਨ੍ਹਾਂ ਦਾ ਵਾਰੀ ਨਾਲ ਰੋਜ਼ਾਨਾ ਇਕ ਅਖੰਡ ਪਾਠ ਸਾਹਿਬ ਦਾ ਭੋਗ ਪੈਂਦਾ ਹੈ।

*ਪਾਠਕ/ਲੇਖਕ 'ਗੁਰਦੁਆਰਾ ਗਜ਼ਟ' ਲਈ ਰਚਨਾਵਾਂ, ਸਹਾਇਤਾ ਅਤੇ ਸੁਝਾਅ ਹੇਠ ਲਿਖੇ ਪਤੇ 'ਤੇ ਭੇਜਣ ਦੀ ਕ੍ਰਿਪਾਲਤਾ ਕਰਨ :*

**ਸਕੱਤਰ,**
**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ-੧੪੩੦੦੬**
**ਫੋਨ : ੦੦੯੧-੧੮੩-੨੫੫੩੯੫੭,੫੮,੫੯**

# ੧੬ ਮਾਰਚ ਤੋਂ ੧੫ ਅਪ੍ਰੈਲ ਵਿਚਲੇ ਇਤਿਹਾਸਕ ਦਿਹਾੜੇ

| | | |
|---|---|---|
| ੧੯ ਮਾਰਚ | | ਨਦੌਣ ਦੀ ਲੜਾਈ ਵਿਚ ਭਾਈ ਮਨੀ ਸਿੰਘ ਦੇ ਭਾਈ ਸੋਹਨ ਚੰਦ ਸ਼ਹੀਦ ਹੋਏ। (੧੯-੩-੧੬੯੦) |
| ੨੧ ਮਾਰਚ | | ਅਕਾਲੀ ਦਲ ਨੇ 'ਸਿੱਖ ਸਟੇਟ' ਲਈ ਇਕ ਮਤਾ ਪਾਸ ਕੀਤਾ। (੨੧-੩-੧੯੪੬) |
| ੨੨ ਮਾਰਚ | | ਜੈਤੋ ਦੇ ਮੋਰਚੇ ਲਈ ਤੀਜਾ ਸ਼ਹੀਦੀ ਜਥਾ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਜੈਤੋ ਲਈ ਰਵਾਨਾ ਹੋਇਆ। (੨੨-੩-੧੯੨੪) |
| ੨੩ ਮਾਰਚ | | ਸ. ਭਗਤ ਸਿੰਘ ਨੂੰ ਲਾਹੌਰ ਜੇਲ੍ਹ ਵਿਚ ਫਾਂਸੀ ਦਿੱਤੀ। (੨੩-੩-੧੯੩੧) |
| ੨੪ ਮਾਰਚ | | ਅਨੰਦਪੁਰ ਸਾਹਿਬ ਵਿਖੇ ਇਕ ਵਿਸ਼ਾਲ ਅਕਾਲੀ ਕਾਨਫਰੰਸ ਹੋਈ ਜਿਸ ਵਿਚ ਸਿੱਖਾਂ ਦੇ ਗੁਰਧਾਮਾਂ ਦੇ ਪ੍ਰਬੰਧ ਵਿਚ ਸਰਕਾਰੀ ਦਖ਼ਲ-ਅੰਦਾਜ਼ੀ ਦੀ ਨਿੰਦਾ ਕੀਤੀ। (੨੪-੩-੧੯੫੯) |
| ੨੫ ਮਾਰਚ | (ੳ) | ਜਥੇਦਾਰ ਮੋਹਣ ਸਿੰਘ 'ਤੁੜ' ਸ਼੍ਰੋਮਣੀ ਅਕਾਲੀ ਦਲ ਦੇ ਕਾਰਜਕਾਰੀ ਪ੍ਰਧਾਨ ਬਣੇ। (੨੫-੩-੧੯੭੨) |
| | (ਅ) | ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ 'ਸਿੱਖ ਇਕ ਕੌਮ ਹਨ' ਦਾ ਮਤਾ ਪਾਸ ਕੀਤਾ। (੨੫-੩-੧੯੮੧) |
| ੨੭ ਮਾਰਚ | | ਜੈਤੋ ਦੇ ਮੋਰਚੇ ਦਾ ਚੌਥਾ ਸ਼ਹੀਦੀ ਜਥਾ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਰਵਾਨਾ ਹੋਇਆ। (੨੭-੩-੧੯੨੪) |
| ੨੯ ਮਾਰਚ | (ੳ) | ਦੂਜੀ ਪਾਤਸ਼ਾਹੀ ਸ੍ਰੀ ਗੁਰੂ ਅੰਗਦ ਦੇਵ ਜੀ ਜੋਤੀ-ਜੋਤਿ ਸਮਾਏ। (੨੯-੩-੧੫੫੨) |
| | (ਅ) | 'ਅਕਾਲੀ ਦਲ' ਦਾ ਨਾਮ 'ਸ਼੍ਰੋਮਣੀ ਅਕਾਲੀ ਦਲ' ਰੱਖਿਆ ਗਿਆ। (੨੯-੩-੧੯੨੨) |
| ੩੦ ਮਾਰਚ | | ਸਿੱਖਾਂ ਨੇ ਕਿਲ੍ਹਾ ਰਾਮ ਰੌਣੀ (ਅੰਮ੍ਰਿਤਸਰ) ਦੀ ਨੀਂਹ ਰੱਖੀ। (੩੦-੩-੧੭੪੭) |
| ੩੧ ਮਾਰਚ | (ੳ) | ਦੂਜੀ ਪਾਤਸ਼ਾਹੀ ਸ੍ਰੀ ਗੁਰੂ ਅੰਗਦ ਦੇਵ ਜੀ ਦਾ ਪ੍ਰਕਾਸ਼ ਹੋਇਆ। (੩੧-੩-੧੫੦੪) |
| | (ਅ) | ਚੀਫ਼ ਖਾਲਸਾ ਦੀਵਾਨ ਨੇ ਵਾਇਸਰਾਏ ਨੂੰ ਇਕ ਮੈਮੋਰੰਡਮ ਰਾਹੀਂ ਸਿੱਖਾਂ ਨੂੰ ਵੱਖ-ਵੱਖ ਕੌਂਸਲਾਂ ਤੇ ਸੇਵਾਵਾਂ ਵਿਚ ਪ੍ਰਤੀਨਿਧਤਾ ਦੇਣ ਦੀ ਮੰਗ ਕੀਤੀ। (੩੧-੩-੧੯੧੧) |

੨ ਅਪ੍ਰੈਲ ਭਾਈ ਪ੍ਰਿਥੀਪਾਲ ਸਿੰਘ, ਜਿਸ ਨੂੰ ਗੁਰੂ-ਕਾ-ਬਾਗ ਮੋਰਚੇ ਦੌਰਾਨ ਪੁਲਿਸ ਨੇ ਬੁਰੀ ਤਰ੍ਹਾਂ ਕੁੱਟਿਆ ਸੀ, ਗੁਰੂ ਰਾਮਦਾਸ ਹਸਪਤਾਲ ਵਿਖੇ ਦਮ ਤੋੜ ਗਿਆ। (੨-੪-੧੯੨੪)

੪ ਅਪ੍ਰੈਲ (ੳ) ਸਿੱਖਾਂ ਦਾ ਇਕ ਜਥਾ ਸਿਰਾਂ 'ਤੇ ਕਾਲੀਆਂ ਦਸਤਾਰਾਂ ਸਜਾ ਕੇ ਨਨਕਾਣਾ ਸਾਹਿਬ ਪੁੱਜਾ ਅਤੇ ਅਕਾਲੀ ਦਲ ਦੀ ਭਰਤੀ ਸ਼ੁਰੂ ਕੀਤੀ। (੪-੪-੧੯੨੧)

(ਅ) ਅਕਾਲੀ ਦਲ ਦੇ ਸ਼ਾਂਤਮਈ 'ਰਸਤਾ ਰੋਕੋ' ਅੰਦੋਲਨ ਵਿਚ ਪੁਲਿਸ ਹੱਥੋਂ ਚੌਵੀ ਸਿੱਖ ਸ਼ਹੀਦ ਹੋਏ। (੪-੪-੧੯੮੩)

੫ ਅਪ੍ਰੈਲ ਸਿੱਖਾਂ ਨੇ ੨੧ ਫਰਵਰੀ ਦੇ ਦਿਨ ਨੂੰ ਨਨਕਾਣਾ ਸਾਹਿਬ ਦੇ ਸ਼ਹੀਦਾਂ ਦੀ ਯਾਦ ਵਿਚ ਮਨਾਉਣ ਦਾ ਫੈਸਲਾ ਕੀਤਾ। (੫-੪-੧੯੨੧)

੬ ਅਪ੍ਰੈਲ ਪੰਜਾਬ ਸਰਕਾਰ ਨੇ ਅੰਮ੍ਰਿਤਸਰ ਜ਼ਿਲ੍ਹੇ ਵਿਚ 'ਪੰਜਾਬੀ ਸੂਬਾ' ਨਾਅਰੇ 'ਤੇ ਪਾਬੰਦੀ ਲਗਾ ਦਿੱਤੀ। (੬-੪-੧੯੫੫)

੧੨ ਅਪ੍ਰੈਲ (ੳ) ਜੈਤੋ ਦੇ ਮੋਰਚੇ ਲਈ ਪੰਜਵਾਂ ਸ਼ਹੀਦੀ ਜਥਾ ਰਵਾਨਾ ਹੋਇਆ। (੧੨-੪-੧੯੨੪)

(ਅ) ਮਾਸਟਰ ਤਾਰਾ ਸਿੰਘ ਤੇ ਪੰਡਤ ਨਹਿਰੂ ਦੀ ਇਕ ਮੀਟਿੰਗ ਵਿਚ ਸਰਕਾਰ ਵੱਲੋਂ ਸਿੱਖਾਂ ਦੇ ਧਾਰਮਿਕ ਮਾਮਲਿਆਂ ਵਿਚ ਦਖ਼ਲ ਨਾ ਦੇਣ ਦੀ ਸੰਧੀ ਹੋਈ। (੧੨-੪-੧੯੫੯)

੧੩ ਅਪ੍ਰੈਲ (ੳ) ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਨੇ ਤਰਨ ਤਾਰਨ ਵਿਖੇ ਸਰੋਵਰ ਦੀ ਖੁਦਾਈ ਸ਼ੁਰੂ ਕਰਵਾਈ। (੧੩-੪-੧੫੯੦)

(ਅ) ਜ਼ਲ੍ਹਿਆਂ ਵਾਲਾ ਬਾਗ 'ਚ ਅੰਗਰੇਜ਼ੀ ਫ਼ੌਜ ਨੇ ਸੈਂਕੜੇ ਲੋਕ ਗੋਲੀਆਂ ਨਾਲ ਸ਼ਹੀਦ ਕਰ ਦਿੱਤੇ। (੧੩-੪-੧੯੧੯)

(ੲ) 'ਪੰਜਾਬੀ ਭਾਸ਼ਾ' ਪੰਜਾਬ ਵਿਚ ਸਕੱਤਰੇਤ ਪੱਧਰ 'ਤੇ ਦਫ਼ਤਰੀ ਭਾਸ਼ਾ ਵਜੋਂ ਲਾਗੂ ਹੋਈ। (੧੩-੪-੧੯੬੮)

(ਸ) ਸੰਤ ਹਰਚੰਦ ਸਿੰਘ ਲੌਂਗੋਵਾਲ ਸ਼੍ਰੋਮਣੀ ਅਕਾਲੀ ਦਲ ਦੇ ਕਾਰਜਕਾਰੀ ਪ੍ਰਧਾਨ ਬਣੇ। (੧੩-੪-੧੯੭੬)

੧੪ ਅਪ੍ਰੈਲ (ੳ) ਪੰਜਾਬ ਵਿਚ ਸਿਵਲ-ਨਾ-ਫੁਰਮਾਨੀ ਲਹਿਰ ਸ਼ੁਰੂ ਹੋਈ। (੧੪-੪-੧੯੩੦)

(ਅ) ਭਾਰਤ ਸਰਕਾਰ ਨੇ ਜੋਧਪੁਰ ਕੈਦੀਆਂ ਦੀ ਮੁਲਾਕਾਤ 'ਤੇ ਪਾਬੰਦੀ ਲਗਾਈ। (੧੪-੪-੧੯੮੬) ■

**ਗੁਰਬਾਣੀ ਵਿਚਾਰ:**

# ਚੇਤਿ ਗੋਵਿੰਦੁ ਅਰਾਧੀਐ...

**ਚੇਤਿ ਗੋਵਿੰਦੁ ਅਰਾਧੀਐ ਹੋਵੈ ਅਨੰਦੁ ਘਣਾ॥**
**ਸੰਤ ਜਨਾ ਮਿਲਿ ਪਾਈਐ ਰਸਨਾ ਨਾਮੁ ਭਣਾ॥**
**ਜਿਨਿ ਪਾਇਆ ਪ੍ਰਭੁ ਆਪਣਾ ਆਏ ਤਿਸਹਿ ਗਣਾ॥**
**ਇਕੁ ਖਿਨੁ ਤਿਸੁ ਬਿਨੁ ਜੀਵਣਾ ਬਿਰਥਾ ਜਨਮੁ ਜਣਾ॥**
**ਜਲਿ ਥਲਿ ਮਹੀਅਲਿ ਪੂਰਿਆ ਰਵਿਆ ਵਿਚਿ ਵਣਾ॥**
**ਸੋ ਪ੍ਰਭੁ ਚਿਤਿ ਨ ਆਵਈ ਕਿਤੜਾ ਦੁਖੁ ਗਣਾ॥**
**ਜਿਨੀ ਰਾਵਿਆ ਸੋ ਪ੍ਰਭੂ ਤਿੰਨਾ ਭਾਗੁ ਮਣਾ॥**
**ਹਰਿ ਦਰਸਨ ਕੰਉ ਮਨੁ ਲੋਚਦਾ ਨਾਨਕ ਪਿਆਸ ਮਨਾ॥**
**ਚੇਤਿ ਮਿਲਾਏ ਸੋ ਪ੍ਰਭੂ ਤਿਸ ਕੈ ਪਾਇ ਲਗਾ॥੨॥**

*(ਪੰਨਾ ੧੩੩)*

ਚੇਤ ਵਿਚ (ਬਸੰਤ ਰੁੱਤ ਆਉਂਦੀ ਹੈ, ਹਰ ਪਾਸੇ ਖਿੜੀ ਫੁਲਵਾੜੀ ਮਨ ਨੂੰ ਆਨੰਦ ਦਿੰਦੀ ਹੈ, ਜੇ) ਪਰਮਾਤਮਾ ਨੂੰ ਸਿਮਰੀਏ (ਤਾਂ ਸਿਮਰਨ ਦੀ ਬਰਕਤਿ ਨਾਲ) ਬਹੁਤ ਆਤਮਿਕ ਆਨੰਦ ਹੋ ਸਕਦਾ ਹੈ। ਪਰ ਜੀਭ ਨਾਲ ਪਰਮਾਤਮਾ ਦਾ ਨਾਮ ਜਪਣ ਦੀ ਦਾਤ ਸੰਤ-ਜਨਾਂ ਨੂੰ ਮਿਲ ਕੇ ਹੀ ਪ੍ਰਾਪਤ ਹੁੰਦੀ ਹੈ ।

ਉਸੇ ਬੰਦੇ ਨੂੰ ਜਗਤ ਵਿਚ ਜੰਮਿਆ ਜਾਣੋ (ਉਸੇ ਦਾ ਜਨਮ ਸਫਲਾ ਸਮਝੋ) ਜਿਸ ਨੇ (ਸਿਮਰਨ ਦੀ ਸਹਾਇਤਾ ਨਾਲ) ਪਰਮਾਤਮਾ ਦਾ ਮਿਲਾਪ ਹਾਸਲ ਕਰ ਲਿਆ (ਕਿਉਂਕਿ) ਪਰਮਾਤਮਾ ਦੀ ਯਾਦ ਤੋਂ ਬਿਨਾਂ ਇਕ ਛਿਨ-ਮਾਤਰ ਸਮਾਂ ਗੁਜ਼ਾਰਿਆਂ ਭੀ ਜ਼ਿੰਦਗੀ ਵਿਅਰਥ ਬੀਤਦੀ ਜਾਣੋ।

ਜਿਹੜਾ ਪ੍ਰਭੂ ਪਾਣੀ ਵਿਚ, ਧਰਤੀ ਵਿਚ, ਅਕਾਸ਼ ਵਿਚ, ਜੰਗਲਾਂ ਵਿਚ, ਹਰ ਥਾਂ ਵਿਆਪਕ ਹੈ, ਜੇ ਐਸਾ ਪ੍ਰਭੂ ਕਿਸੇ ਮਨੁੱਖ ਦੇ ਹਿਰਦੇ ਵਿਚ ਨਾ ਵਸੇ, ਤਾਂ ਉਸ ਮਨੁੱਖ ਦਾ (ਮਾਨਸਿਕ) ਦੁੱਖ ਬਿਆਨ ਨਹੀਂ ਹੋ ਸਕਦਾ।

(ਪਰ) ਜਿਨ੍ਹਾਂ ਬੰਦਿਆਂ ਨੇ ਉਸ (ਸਰਬ-ਵਿਆਪਕ) ਪ੍ਰਭੂ ਨੂੰ ਆਪਣੇ ਹਿਰਦੇ ਵਿਚ ਵਸਾਇਆ ਹੈ, ਉਨ੍ਹਾਂ ਦਾ ਭਾਗ ਜਾਗ ਪੈਂਦਾ ਹੈ ।

ਨਾਨਕ ਦਾ ਮਨ ਭੀ ਹਰੀ ਦੇ ਦੀਦਾਰ ਨੂੰ ਤਾਂਘਦਾ ਹੈ, ਨਾਨਕ ਦੇ ਮਨ ਵਿਚ ਹਰੀ ਦਰਸ਼ਨ ਦੀ ਪਿਆਸ ਹੈ। ਜਿਹੜਾ ਮਨੁੱਖ ਮੈਨੂੰ ਹਰੀ ਦਾ ਮਿਲਾਪ ਕਰਾ ਦੇਵੇ, ਮੈਂ ਉਸ ਦੀ ਚਰਨੀਂ ਲੱਗਾਂਗਾ ॥੨॥

■

***ਸੰਪਾਦਕੀ...***

# ਜਸਟਿਨ ਟਰੂਡੋ ਦੀ ਅੰਮ੍ਰਿਤਸਰ ਫੇਰੀ

*ਪਿਛਲੇ ਦਿਨੀਂ ਕੈਨੇਡਾ ਦੇ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਦੀ ਸਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਦੀ ਫੇਰੀ ਸਿੱਖ ਕੌਮ ਦੇ ਅਕਸ਼ ਨੂੰ ਦੁਨੀਆਂ ਸਾਹਮਣੇ ਪ੍ਰਗਟ ਕਰਨ ਦਾ ਸਬੱਬ ਸਾਬਤ ਹੋਈ ਹੈ। ਭਾਰਤ ਦੀ ਫੇਰੀ 'ਤੇ ਆਏ ਕੈਨੇਡਾ ਦੇ ਪ੍ਰਧਾਨ ਮੰਤਰੀ ਦਾ ਭਾਰਤ ਆਉਣ ਸਮੇਂ ਵੱਖ-ਵੱਖ ਥਾਵਾਂ ਤੇ ਭਾਵੇਂ ਫਿੱਕਾ ਸਵਾਗਤ ਕੀਤਾ ਗਿਆ ਪਰ ਸ੍ਰੀ ਦਰਬਾਰ ਸਾਹਿਬ ਫੇਰੀ ਸਮੇਂ ਜਿਸ ਤਰੀਕੇ ਨਾਲ ਜਸਟਿਨ ਟਰੂਡੋ ਦਾ ਸਵਾਗਤ ਹੋਇਆ ਉਸ ਦੀ ਹਰ ਪਾਸੇ ਸ਼ਲਾਘਾ ਹੋਈ ਹੈ। ਸਿੱਖਾਂ ਦੀ ਨੁਮਾਇੰਦਾ ਜਥੇਬੰਦੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਕੀਤੇ ਗਏ ਪ੍ਰਬੰਧਾਂ ਨੂੰ ਹਰ ਕਿਸੇ ਨੇ ਸਲਾਹਿਆ ਹੈ।*

*ਸਿੱਖ ਅੱਜ ਦੁਨੀਆਂ ਦੇ ਹਰ ਕੋਨੇ ਵਿਚ ਵੱਸਿਆ ਹੋਇਆ ਹੈ। ਆਪਣੀ ਲਿਆਕਤ ਇਮਾਨਦਾਰੀ ਅਤੇ ਕੰਮ ਪ੍ਰਤੀ ਲਗਨ ਕਾਰਨ ਸਿੱਖਾਂ ਨੇ ਹਰ ਦੇਸ਼ ਵਿਚ ਆਪਣੇ ਚੰਗੇ ਕਾਰੋਬਾਰ ਸਥਾਪਤ ਕੀਤੇ ਹਨ। ਆਪਣੀ ਮੇਹਨਤ ਸਦਕਾ ਹੀ ਵੱਖ-ਵੱਖ ਦੇਸ਼ਾਂ ਵਿਚ ਉੱਚ ਅਹੁੱਦੇ ਪ੍ਰਾਪਤ ਕਰ ਪੂਰੀ ਦੁਨੀਆਂ ਵਿਚ ਸਿੱਖਾਂ ਦਾ ਨਾਮ ਰੋਸ਼ਨ ਕੀਤਾ ਹੈ। ਸਿੱਖਾਂ ਦੀ ਮੇਹਨਤ, ਦਲੇਰੀ, ਨਿਸਚਾ ਤੇ ਕਾਬਲੀਅਤ ਦੀ ਸਹੀ ਪਹਿਚਾਣ ਕਰਨ ਵਾਲਿਆਂ ਵਿਚ ਕੈਨੇਡਾ ਦੇ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਹਨ। ਜਸਟਿਨ ਟਰੂਡੋ ਸਿੱਖ ਭਾਈਚਾਰੇ ਨਾਲ ਕਈ ਪੱਖਾਂ ਤੋਂ ਜੁੜੇ ਹੋਏ ਹਨ। ਉਹ ਸਿੱਖ ਧਰਮ ਦੇ ਰੀਤੀ-ਰਿਵਾਜਾਂ ਅਤੇ ਪਰੰਪਰਾਵਾਂ ਨੂੰ ਚੰਗੀ ਤਰ੍ਹਾਂ ਸਮਝਦੇ ਹਨ। ਜਸਟਿਨ ਟਰੂਡੋ ਦਾ ਕੈਨੇਡਾ ਵਿਚ ਸਮੇਂ-ਸਮੇਂ ਸਿੱਖਾਂ ਵੱਲੋਂ ਆਯੋਜਿਤ ਕੀਤੇ ਜਾਂਦੇ ਪ੍ਰੋਗਰਾਮਾਂ ਵਿਚ ਸ਼ਾਮਲ ਹੋਣਾ ਅਤੇ ਸਿੱਖ ਰੀਤੀ-ਰਿਵਾਜਾਂ ਬਾਰੇ ਜਾਣਕਾਰੀ ਉਨ੍ਹਾਂ ਨੂੰ ਹੋਰ ਹਰਮਨ ਪਿਆਰਾ ਬਣਾਉਂਦੀ ਹੈ।*

*ਕੈਨੇਡਾ ਦੇ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਦੀ ਭਾਰਤ ਫੇਰੀ ਸਿੱਖਾਂ ਲਈ ਵੱਖਰਾ ਤੇ ਵਿਸ਼ੇਸ਼ ਮਹੱਤਵ ਰੱਖਦੀ ਹੈ। ਜਸਟਿਨ ਟਰੂਡੋ ਦੀ ਸਰਕਾਰ ਵਿਚ ੧੯ ਪੰਜਾਬੀ ਐਮ. ਪੀ. ਹਨ ਜਿਨ੍ਹਾਂ ਵਿਚੋਂ ੪ ਕੈਬਨਿਟ ਮੰਤਰੀ ਹਨ। ਅਜਿਹੇ ਸ਼ਖ਼ਸ਼ ਦੇ ਪੰਜਾਬ ਦੀ ਧਰਤੀ 'ਤੇ ਆਉਣ ਸਮੇਂ, ਪੂਰੀ ਦੁਨੀਆਂ ਦੇ ਸਿੱਖਾਂ ਦੀਆਂ ਨਜ਼ਰਾਂ ਇਸ ਫੇਰੀ 'ਤੇ ਲਗੀਆਂ ਹੋਈਆਂ ਸਨ। ਸਿੱਖਾਂ ਦੀ ਨੁਮਾਇੰਦਾ ਜਥੇਬੰਦੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਿੱਖ ਕੌਮ ਦੀਆਂ ਭਾਵਨਾਵਾਂ ਅਨੁਸਾਰ ਜਸਟਿਨ ਟਰੂਡੋ ਦਾ ਸਵਾਗਤ ਅਤੇ ਸਨਮਾਨ ਕਰਨ ਦਾ ਪ੍ਰੋਗਰਾਮ ਉਲੀਕਿਆ ਗਿਆ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਆਦੇਸ਼ਾਂ ਅਨੁਸਾਰ ਸ੍ਰੀ ਦਰਬਾਰ ਸਾਹਿਬ ਦੀ ਹਦੂਦ ਵਿਚ ਅਜਿਹੇ ਪ੍ਰਬੰਧ ਕੀਤੇ ਗਏ ਜਿਸ ਨਾਲ ਆਏ ਹੋਏ ਮਹਿਮਾਨਾਂ ਦੇ ਨਾਲ-ਨਾਲ ਸੰਗਤਾਂ ਨੂੰ ਵੀ ਕਿਸੇ ਕਿਸਮ ਦੀ ਕੋਈ ਦਿਕਤ ਨਾ ਆਵੇ। ਸ਼੍ਰੋਮਣੀ ਕਮੇਟੀ ਵੱਲੋਂ ਕੀਤੇ ਪ੍ਰਬੰਧਾਂ ਵਿਚ ਸਿੱਖ ਸੰਗਤਾਂ ਨੇ ਵੀ ਪੂਰਾ ਸਹਿਯੋਗ ਦਿੱਤਾ।*

*ਜਸਟਿਨ ਟਰੂਡੋ ਦੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਬਾਹਰ ਬਣੇ, ਸੁੰਦਰ ਪਲਾਜ਼ਾ ਵਿਖੇ ਪਹੁੰਚਣ ਤੇ ਉਨ੍ਹਾਂ ਦਾ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਨੇ ਫੁੱਲਾਂ ਦੇ ਗੁਲਦਸਤਿਆਂ ਨਾਲ ਭਰਪੂਰ ਸਵਾਗਤ ਕੀਤਾ। ਇਸ ਮੌਕੇ ਉਨ੍ਹਾਂ ਦੀ ਪਤਨੀ ਸੋਫੀ ਟਰੂਡੋ, ਬੇਟੀ ਐਲਾਗ੍ਰੇਸ ਤੇ ਇੱਕ ਬੇਟਾ, ਕੈਨੇਡਾ ਸਰਕਾਰ ਦੇ ਚਾਰ ਸਿੱਖ/ਪੰਜਾਬੀ ਮੰਤਰੀ ਸ. ਹਰਜੀਤ ਸਿੰਘ ਸੱਜਣ, ਸ. ਨਵਦੀਪ ਸਿੰਘ ਬੈਂਸ, ਸ. ਅਮਰਜੀਤ ਸਿੰਘ ਸੋਹੀ ਤੇ ਬਰਦੀਸ਼ ਕੌਰ ਚੱਗਰ ਸਮੇਤ ਹੋਰ ਮੰਤਰੀ ਅਤੇ ਮੈਂਬਰ ਪਾਰਲੀਮੈਂਟ ਵੀ ਉਨ੍ਹਾਂ ਦੇ ਨਾਲ ਸਨ। ਜਸਟਿਨ ਟਰੂਡੋ ਅਤੇ ਉਨ੍ਹਾਂ ਦਾ ਪਰਿਵਾਰ ਰਵਾਇਤੀ ਪੰਜਾਬੀ ਪਹਿਰਾਵੇ ਵਿਚ ਸੀ। ਘੰਟਾ ਘਰ ਬਾਹੀ ਮੁੱਖ ਪ੍ਰਵੇਸ਼-ਦੁਆਰ ਤੋਂ ਸ੍ਰੀ ਦਰਬਾਰ ਸਾਹਿਬ ਦੀ ਪਰਕਰਮਾ ਵਿਚ ਉੱਤਰਦਿਆਂ ਹੀ ਕੈਨੇਡੀਅਨ ਪ੍ਰਧਾਨ ਮੰਤਰੀ ਅਤੇ ਉਨ੍ਹਾਂ ਦੇ ਪਰਿਵਾਰ ਨੇ ਕੁਝ ਪਲ ਰੁਕ ਕੇ ਰੂਹਾਨੀ ਵਾਤਾਵਰਣ*

ਨੂੰ ਮਹਿਸੂਸ ਕੀਤਾ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਣ ਤੋਂ ਪਹਿਲਾਂ ਉਹ ਸ੍ਰੀ ਗੁਰੂ ਰਾਮਦਾਸ ਲੰਗਰ ਘਰ ਵਿਖੇ ਗਏ, ਜਿਥੇ ਉਨ੍ਹਾਂ ਨੇ ਪ੍ਰਸ਼ਾਦੇ ਤਿਆਰ ਕਰਨ ਦੀ ਸੇਵਾ ਕੀਤੀ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸਤਿਕਾਰ ਭੇਟ ਕਰਦਿਆਂ ਜਸਟਿਨ ਟਰੂਡੋ ਨੇ ਕੜਾਹਿ ਪ੍ਰਸ਼ਾਦਿ ਦੀ ਦੇਗ ਕਰਵਾਈ ਅਤੇ ਪਾਵਨ ਸ੍ਰੀ ਗੁਰੂ ਗ੍ਰੰਥ ਸਾਹਿਬ ਲਈ ਰੁਮਾਲਾ ਸਾਹਿਬ ਵੀ ਭੇਟ ਕੀਤਾ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨਤਮਸਤਕ ਹੋਣ ਸਮੇਂ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਨੇ ਉਨ੍ਹਾਂ ਨੂੰ ਸਿਰੋਪਾਓ, ਫੁੱਲਾਂ ਦਾ ਹਾਰ ਅਤੇ ਗੁਲਦਸਤਾ, ਗੁਰੂ ਬਖ਼ਸ਼ਿਸ਼ ਵਜੋਂ ਦਿੱਤਾ। ਇਸ ਤੋਂ ਇਲਾਵਾ ਸਿੰਘ ਸਾਹਿਬ ਨੇ ਪ੍ਰਧਾਨ ਮੰਤਰੀ ਦੇ ਪਰਿਵਾਰ ਸਮੇਤ ਸਿੱਖ/ਪੰਜਾਬੀ ਮੰਤਰੀਆਂ ਅਤੇ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਵੀ ਸਿਰੋਪਾਓ ਦੀ ਬਖ਼ਸ਼ਿਸ ਕੀਤੀ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀਆਂ ਪਰਕਰਮਾ ਕਰਦਿਆਂ ਇਥੋਂ ਦੇ ਪਾਵਨ ਇਤਿਹਾਸ, ਧਾਰਮਿਕ ਅਤੇ ਸਮਾਜਿਕ ਮਹੱਤਤਾ ਬਾਰੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਤੇ ਸੂਚਨਾ ਅਧਿਕਾਰੀ ਸ. ਜਸਵਿੰਦਰ ਸਿੰਘ ਨੇ ਜਸਟਿਨ ਟਰੂਡੋ ਤੇ ਉਨ੍ਹਾਂ ਦੇ ਪਰਿਵਾਰ ਨੂੰ ਜਾਣਕਾਰੀ ਦਿੱਤੀ, ਜਿਸ ਨੂੰ ਉਨ੍ਹਾਂ ਗੰਭੀਰਤਾ ਨਾਲ ਸੁਣਿਆ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਣ ਤੋਂ ਬਾਅਦ ਸੂਚਨਾ ਕੇਂਦਰ ਵਿਖੇ ਜਸਟਿਨ ਟਰੂਡੋ ਤੇ ਉਨ੍ਹਾਂ ਦੇ ਪਰਿਵਾਰ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਨੇ ਸਿਰੋਪਾਓ, ਲੋਈ, ਸੁਨਹਿਰੀ ਸ੍ਰੀ ਸਾਹਿਬ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦਾ ਸੁਨਹਿਰੀ ਮਾਡਲ ਅਤੇ ਸਿੱਖ ਇਤਿਹਾਸ ਦੀ ਜਾਣਕਾਰੀ ਭਰਪੂਰ ਧਾਰਮਿਕ ਪੁਸਤਕਾਂ ਦਾ ਸੈੱਟ ਦੇ ਕੇ ਸਨਮਾਨਿਤ ਕੀਤਾ। ਇਸ ਦੌਰਾਨ ਜਸਟਿਨ ਟਰੂਡੋ ਦੇ ਪਰਿਵਾਰ ਨੂੰ ਵੀ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਕੈਨੇਡਾ ਦੇ ਪ੍ਰਧਾਨ ਮੰਤਰੀ ਨੇ ਇਸ ਮੌਕੇ ਵਿਜ਼ਟਰ ਬੁੱਕ ਵਿਚ ਲਿਖਿਆ ਕਿ 'ਇਥੇ ਨਤਮਸਤਕ ਹੋ ਕੇ ਸਾਨੂੰ ਪ੍ਰਭੂ ਕਿਰਪਾ ਅਤੇ ਨਿਮਰਤਾ ਦਾ ਅਨੁਭਵ ਮਹਿਸੂਸ ਹੋਇਆ ਹੈ।' ਇਸ ਮੌਕੇ ਜਸਟਿਨ ਟਰੂਡੋ ਵੱਲੋਂ ਸ਼੍ਰੋਮਣੀ ਕਮੇਟੀ ਪ੍ਰਧਾਨ ਨੂੰ ਸਤਿਕਾਰ ਵਜੋਂ ਇਕ ਸੁਨਹਿਰੀ ਸਿੱਕਾ ਦਿੱਤਾ ਗਿਆ ਜਿਸ ਨੂੰ ਉਨ੍ਹਾਂ ਕੇਂਦਰੀ ਸਿੱਖ ਅਜਾਇਬ ਘਰ ਵਿਖੇ ਰੱਖਣ ਦਾ ਫੈਸਲਾ ਕੀਤਾ।

ਜਸਟਿਨ ਟਰੂਡੋ ਅਤੇ ਉਨ੍ਹਾਂ ਦੇ ਪਰਿਵਾਰ ਦੀ ਸਚਖੰਡ ਸ੍ਰੀ ਦਰਬਾਰ ਸਾਹਿਬ ਫੇਰੀ ਅਨੇਕਾਂ ਸੁਨੇਹੇ ਦੇ ਗਈ। ਟਰੂਡੋ ਪਰਿਵਾਰ ਦੀ ਇਸ ਮੁਕੱਦਸ ਅਸਥਾਨ ਲਈ ਆਸਥਾ ਉਨ੍ਹਾਂ ਵੱਲੋਂ ਇਥੇ ਬਿਤਾਏ ਗਏ ਪਲਾਂ ਵਿਚੋਂ ਸਾਫ ਝਲਕਦੀ ਸੀ। ਜਸਟਿਨ ਟਰੂਡੋ ਅਤੇ ਉਨ੍ਹਾਂ ਦੇ ਪਰਿਵਾਰ ਵੱਲੋਂ ਸ੍ਰੀ ਦਰਬਾਰ ਸਾਹਿਬ ਤੋਂ ਮਿਲੇ ਸਨਮਾਨ ਨੂੰ ਆਪਣੀ ਵਾਪਸੀ ਤੱਕ ਆਪਣੇ ਗਲਾਂ ਵਿਚ ਸਜਾਈ ਰੱਖਿਆ। ਵਾਪਸੀ ਸਮੇਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਨਮਾਨ ਵਿਚ ਮਿਲੀ ਕਿਰਪਾਨ ਨੂੰ ਉਨ੍ਹਾਂ ਦੇ ਬੇਟੇ ਨੇ ਹੱਥਾਂ ਵਿਚ ਚੁੱਕਿਆ ਹੋਇਆ ਸੀ ਅਤੇ ਜਸਟਿਨ ਟਰੂਡੋ ਉਸ ਨੂੰ ਦੋਹਾਂ ਹੱਥਾਂ ਵਿਚ ਸਤਿਕਾਰ ਨਾਲ ਰੱਖਣ ਦੀ ਪ੍ਰੇਰਨਾ ਕਰ ਰਹੇ ਸਨ।

ਪਹਿਲੀ ਵਾਰ ਅਜਿਹਾ ਵੇਖਣ ਨੂੰ ਮਿਲਿਆ ਕਿ ਕਿਸੇ ਵਿਦੇਸ਼ੀ ਸ਼ਖ਼ਸੀਅਤ ਦੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨਤਮਸਤਕ ਹੋਣ ਪੁੱਜਣ ਸਮੇਂ ਸੰਗਤਾਂ ਵੱਲੋਂ ਏਨਾ ਸਤਿਕਾਰ ਦਿੱਤਾ ਗਿਆ ਹੋਵੇ। ਪਰਕਰਮਾਂ ਵਿਚ ਸੰਗਤਾਂ ਉਨ੍ਹਾਂ ਦਾ 'ਬੋਲੇ ਸੋ ਨਿਹਾਲ ਸਤਿ ਸ੍ਰੀ ਅਕਾਲ' ਦੇ ਜੈਕਾਰੇ ਬੁਲਾ ਕੇ ਸਵਾਗਤ ਕਰ ਰਹੀਆਂ ਸਨ ਅਤੇ ਜਸਟਿਨ ਟਰੂਡੋ ਅਤੇ ਉਨ੍ਹਾਂ ਦਾ ਪਰਿਵਾਰ ਦੋਵੇਂ ਹੱਥ ਜੋੜ ਕੇ ਸੰਗਤਾਂ ਨੂੰ ਫਤਹਿ ਬੁਲਾ ਰਹੇ ਸਨ।

ਵਿਦੇਸ਼ਾਂ ਵਿਚ ਕੁਝ ਗਲਤ-ਫਹਿਮੀਆਂ ਕਾਰਨ ਸਿੱਖਾਂ 'ਤੇ ਨਸਲੀ ਹਮਲਿਆਂ ਦੀਆਂ ਅਕਸਰ ਖਬਰਾਂ ਸੁਨਣ ਨੂੰ ਮਿਲਦੀਆਂ ਹਨ। ਜਸਟਿਨ ਟਰੂਡੋ ਦੀ ਇਸ ਫੇਰੀ 'ਤੇ ਦੁਨੀਆ ਭਰ ਦੀਆਂ ਨਜ਼ਰਾਂ ਲੱਗੀਆਂ ਹੋਈਆਂ ਸਨ। ਸਿੱਖ ਕੌਮ ਵੱਲੋਂ ਉਨ੍ਹਾਂ ਦੇ ਕੀਤੇ ਸਤਿਕਾਰ ਨੇ ਪੂਰੀ ਦੁਨੀਆਂ ਵਿਚ ਸਿੱਖਾਂ ਦੀ ਵੱਖਰੀ ਪਹਿਚਾਣ ਨੂੰ ਉਜਾਗਰ ਕੀਤਾ ਹੈ। ਜਸਟਿਨ ਟਰੂਡੋ ਦੀ ਫੇਰੀ ਸਮੇਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਕੀਤੇ ਪ੍ਰਬੰਧ ਅਤੇ ਸਨਮਾਨ ਦੁਨੀਆਂ ਅੰਦਰ ਸਿੱਖਾਂ ਦੇ ਸਨਮਾਨ ਵਿਚ ਹੋਰ ਸਹਾਈ ਹੋਵੇਗਾ। ਇਸ ਨਾਲ ਕੈਨੇਡਾ ਵਸਦੇ ਸਿੱਖਾਂ ਦੇ ਮਾਨ-ਸਨਮਾਨ ਵਿਚ ਵੀ ਹੋਰ ਵਾਧਾ ਹੋਵੇਗਾ।

**-ਦਿਲਜੀਤ ਸਿੰਘ 'ਬੇਦੀ'**

# ਖ਼ਾਲਸਾ ਪੰਥ ਦੀ ਵਿਲੱਖਣਤਾ ਦਾ ਪ੍ਰਤੀਕ 'ਹੋਲਾ ਮਹੱਲਾ'

*-ਗੋਬਿੰਦ ਸਿੰਘ ਲੌਂਗੋਵਾਲ**

ਹੋਲਾ ਮਹੱਲਾ ਖਾਲਸਾ ਪੰਥ ਦਾ ਮਹੱਤਵਪੂਰਨ ਤਿਉਹਾਰ ਹੈ ਜੋ ਬਸੰਤ ਰੁੱਤ ਵਿਚ ਹੋਲੀ ਦੇ ਤਿਉਹਾਰ ਤੋਂ ਅਗਲੇ ਦਿਨ ਸ੍ਰੀ ਅਨੰਦਪੁਰ ਸਾਹਿਬ ਦੀ ਧਰਤੀ ਤੇ ਖ਼ਾਲਸਾਈ ਜਾਹੋ-ਜਲਾਲ ਨਾਲ ਮਨਾਇਆ ਜਾਂਦਾ ਹੈ। ਹੋਲੇ ਮਹੱਲੇ ਦੀ ਆਪਣੀ ਇਤਿਹਾਸਕ ਮਹੱਤਤਾ ਹੈ। ਅਸਲ ਵਿਚ ਗੁਰੂ ਸਾਹਿਬਾਨ ਪਰੰਪਰਾਗਤ ਤਿਉਹਾਰਾਂ ਵਿਚ ਨਰੋਆ ਅਤੇ ਰਹੱਸਮਈ ਪਰਿਵਰਤਨ ਲਿਆਉਣਾ ਚਾਹੁੰਦੇ ਸਨ। ਇਸ ਲਈ ਸਤਿਗੁਰਾਂ ਨੇ ਜਿਹੜਾ ਗੁਰਮਤਿ ਸਭਿਆਚਾਰ ਸਿਰਜਿਆ ਉਸ ਵਿਚ ਪ੍ਰਚਲਿਤ ਭਾਰਤੀ ਤਿਉਹਾਰਾਂ ਨੂੰ ਪਰਮਾਰਥ ਦੇ ਅਰਥਾਂ ਵਿਚ ਬਦਲ ਕੇ ਰੂਪਮਾਨ ਕੀਤਾ ਤਾਂ ਕਿ ਇਨ੍ਹਾਂ ਤੋਂ ਸਮਾਜ ਨੂੰ ਕੋਈ ਉਸਾਰੂ ਸੇਧ ਪ੍ਰਦਾਨ ਕੀਤੀ ਜਾ ਸਕੇ। ਇਸੇ ਪਰਿਵਰਤਨ ਦੀ ਲੜੀ ਵਿਚ ਖ਼ਾਲਸਾ ਪੰਥ ਵੱਲੋਂ ਹੋਲੀ ਦੀ ਥਾਂ ਤੇ ਸੁਤੰਤਰ ਹੋਲਾ ਮਹੱਲਾ ਦਾ ਆਰੰਭ ਕੀਤਾ ਗਿਆ। ਦੁਨੀਆਵੀ ਲੋਕਾਂ ਵੱਲੋਂ ਰੰਗਾਂ ਨਾਲ ਹੋਲੀ ਖੇਡੀ ਜਾਂਦੀ ਸੀ ਪਰ ਖ਼ਾਲਸੇ ਵੱਲੋਂ ਹੋਲਾ ਤਲਵਾਰਾਂ, ਬਰਛਿਆਂ ਅਤੇ ਨੇਜਿਆਂ ਨਾਲ ਖੇਡਿਆ ਗਿਆ। ਹੋਲੀ ਦਾ ਇਹ ਬਦਲ ਹੋਲੇ-ਮਹੱਲੇ ਦੇ ਰੂਪ ਵਿਚ ਕ੍ਰਾਂਤੀਕਾਰੀ ਸੰਕਲਪ ਵਜੋਂ ਸੀ ਅਤੇ ਇਸ ਨੂੰ ਮਨਾਉਣ ਦਾ ਢੰਗ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਸ੍ਰੀ ਅਨੰਦਪੁਰ ਸਾਹਿਬ ਵਿਖੇ ਆਪ ਨਿਸ਼ਚਿਤ ਕੀਤਾ। ਇਸ ਦੀ ਅਲੌਕਿਕ ਮਹਿਮਾ ਦਾ ਵਰਣਨ ਕਰਦਿਆਂ ਕਵੀ ਸੁਮੇਰ ਸਿੰਘ ਇਸ ਤਰ੍ਹਾਂ ਲਿਖਦੇ ਹਨ:

ਔਰਨ ਕੀ ਹੋਲੀ ਮਮ ਹੋਲਾ। ਕਹਯੋ ਕ੍ਰਿਪਾਨਿਧ ਬਚਨ ਅਮੋਲਾ।

ਭਾਈ ਕਾਨ੍ਹ ਸਿੰਘ ਨਾਭਾ ਅਨੁਸਾਰ ਯੁੱਧ ਵਿਦਿਆ ਦੇ ਅਭਿਆਸ ਨੂੰ ਨਿੱਤ ਨਵਾਂ ਰੱਖਣ ਵਾਸਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਚਲਾਈ ਰੀਤੀ ਅਨੁਸਾਰ ਚੇਤ ਵਦੀ ਨੂੰ ਸਿੱਖਾਂ ਵਿਚ ਹੋਲਾ ਮਹੱਲਾ ਹੁੰਦਾ ਹੈ ਜਿਸ ਦਾ ਹੋਲੀ ਦੀ ਰਸਮ ਨਾਲ ਕੋਈ ਸਬੰਧ ਨਹੀਂ। ਮਹੱਲਾ ਇਕ ਪ੍ਰਕਾਰ ਦੀ ਮਨਸੂਈ ਲੜਾਈ ਹੈ। ਪੈਦਲ, ਘੋੜਸਵਾਰ ਤੇ ਸ਼ਸਤਰਧਾਰੀ ਸਿੰਘ ਦੋ ਪਾਸਿਆਂ ਤੋਂ ਇਕ ਖਾਸ ਹਮਲੇ ਦੀ ਥਾਂ ਹਮਲਾ ਕਰਦੇ ਹਨ। ਕਲਗੀਧਰ ਆਪ ਇਸ ਬਣਾਉਟੀ ਲੜਾਈ ਨੂੰ ਵੇਖਦੇ ਤੇ ਦੋਨਾਂ ਜੱਥਿਆਂ ਨੂੰ ਲੋੜੀਂਦੀ, ਸਿੱਖਿਆ ਪ੍ਰਦਾਨ ਕਰਦੇ। ਜਿਹੜਾ ਜਥਾ ਜੇਤੂ ਹੁੰਦਾ, ਉਸ ਨੂੰ ਸਿਰੋਪਾ ਬਖਸ਼ਿਸ਼ ਕਰਦੇ। ਭਾਈ ਵੀਰ ਸਿੰਘ ਅਨੁਸਾਰ- ਮਹੱਲਾ ਸ਼ਬਦ ਤੋਂ ਭਾਵ 'ਮਯ ਹੱਲਾ' ਭਾਵ ਬਨਾਉਟੀ ਹਮਲਾ ਹੈ।

ਇਸ ਤਰ੍ਹਾਂ ਸਪੱਸ਼ਟ ਹੈ ਕਿ ਹੋਲਾ ਮਹੱਲਾ ਦੀ ਰੀਤੀ ਦਾ ਵਿਸ਼ੇਸ਼ ਉਦੇਸ਼ ਸਿੱਖਾਂ ਵਿਚ ਸ਼ਸਤਰਾਂ ਲਈ ਪਿਆਰ ਅਤੇ ਭਗਤੀ ਦੀ ਰੱਖਿਆ ਲਈ ਸ਼ਕਤੀ ਦਾ ਸੰਚਾਰ ਕਰਨਾ ਸੀ। ਇਸ ਨਾਲ ਸ਼ਸਤਰ ਸਿੱਖੀ ਦਾ ਅਟੁੱਟ ਅੰਗ ਬਣ ਗਿਆ ਧਰਮ ਦਾ ਚਿੰਨ੍ਹ ਅਤੇ ਰਾਜ ਦਾ ਰਾਖਾ:-

ਸ਼ਸਤਰਨ ਕੇ ਅਧੀਨ ਹੈ ਰਾਜ। ਜੋ ਨ ਧਰਹਿ ਤਿਸ ਬਿਗਰੈ ਕਾਜ।
ਯਾਤੇ ਸਰਬ ਖਾਲਸਾ ਸੁਨਿਆਹਿ। ਆਯੁਧ ਧਰਯੋ ਉਤਮ ਗੁਣ ਆਹਿ।
ਜਬ ਹਮਰੇ ਦਰਸ਼ਨ ਆਵਹੁ। ਬਨ ਸੁਚੇਤ ਸ਼ਸਤਰ ਸਜਾਵਹੁ।
ਕਮਰ ਕਸਾ ਕਰ ਦਿਹੁ ਦਿਖਾਈ। ਹਮਰੀ ਖੁਸ਼ੀ ਹੋਇ ਅਧਕਾਈ।

(ਸ੍ਰੀ ਗੁਰ ਪ੍ਰਤਾਪ ਸੂਰਜ ਗ੍ਰੰਥ)

ਪ੍ਰਿੰਸੀਪਲ ਸਤਿਬੀਰ ਸਿੰਘ ਲਿਖਦੇ ਹਨ, 'ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ 'ਸੇਵਾ ਤੇ ਸ਼ਹੀਦੀ' ਦਾ ਅਜਿਹਾ ਸੁਮੇਲ ਕਰ ਦਿੱਤਾ ਕਿ ਨੀਂਵੀਂਆਂ ਰੁਚੀਆਂ ਉਪਜਾਉਣ ਵਾਲੀ ਹੋਲੀ ਦਾ ਤਿਆਗ ਹੋ ਗਿਆ। ਗੁਰੂ ਸਾਹਿਬ ਨੇ ਸਿੱਖਾਂ ਅੰਦਰ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਤੋਂ ਬਾਅਦ ਨਵਾਂ ਜੋਸ਼ ਅਤੇ ਤਾਕਤ ਬਖ਼ਸ਼ਣ ਲਈ ਇਕ ਦਿਨ

*ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

ਨਿਯਤ ਕਰ ਦਿੱਤਾ ਤੇ ਉਸ ਦਿਨ ਕਿਲ੍ਹਾ ਹੋਲਗੜ੍ਹ ਵਿਚ ਮੇਲਾ ਲੱਗ ਜਾਂਦਾ। ਪਹਿਲਾ ਤਾਰੀਖ਼ੀ ਮੇਲਾ, ਗੁਰੂ ਸਾਹਿਬ ਨੇ ਚੇਤ ਵਦੀ ਪਹਿਲੀ, ਸੰਮਤ ੧੭੫੭ ਵਿਚ ਕੀਤਾ ਤੇ ਉਸ ਦੀ ਪਰਪਾਟੀ ਪੈ ਗਈ। ਹੋਲਾ-ਮਹੱਲਾ ਉਤਸ਼ਾਹ ਦਾ ਦਿਹਾੜਾ ਬਣ ਗਿਆ ਤੇ ਸ਼ਕਤੀ ਦਾ ਪ੍ਰਤੀਕ।'

ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵੱਲੋਂ ਚਲਾਇਆ ਹੋਲਾ ਮਹੱਲਾ ਸ਼ਕਤੀ ਨੂੰ ਪ੍ਰਗਟ ਕਰਨ ਅਤੇ ਅਣਖ ਦੇ ਅਨੁਭਵ ਦਾ ਅਨੋਖਾ ਢੰਗ ਹੈ। ਇਹ ਖ਼ਾਲਸਾ ਪੰਥ ਲਈ ਸਵੈਮਾਣ, ਖ਼ਾਲਸੇ ਦੇ ਬੋਲ-ਬਾਲੇ ਅਤੇ ਚੜ੍ਹਦੀ ਕਲਾ ਦਾ ਪ੍ਰਤੀਕ ਹੈ। ਹੋਲਾ ਮਹੱਲਾ ਸਿੱਖਾਂ ਨੂੰ ਹਰ ਸਾਲ ਦ੍ਰਿੜ੍ਹ ਵਿਸ਼ਵਾਸੀ, ਪ੍ਰਭੂ-ਭਗਤੀ ਤੇ ਉੱਚੇ-ਸੁੱਚੇ ਮਨੁੱਖੀ ਆਦਰਸ਼ਾਂ, ਜ਼ੁਲਮ, ਜਬਰ, ਨਾਸਤਿਕਤਾ ਤੇ ਭ੍ਰਿਸ਼ਟਾਚਾਰ ਵਿਰੁੱਧ ਜੂਝਣ ਲਈ ਨਵਾਂ ਜੋਸ਼ ਤੇ ਉਤਸ਼ਾਹ ਪ੍ਰਦਾਨ ਕਰਦਾ ਹੈ। ਖ਼ਾਲਸੇ ਨੂੰ ਦੁਨੀਆਂ ਤੋਂ ਨਿਆਰੇ ਅਤੇ ਅਕਾਲ ਪੁਰਖ ਦਾ ਖਾਸ ਰੂਪ ਹੋਣ ਦਾ ਅਹਿਸਾਸ ਕਰਵਾਉਂਦਾ, ਚੜ੍ਹਦੀ ਕਲ੍ਹਾ ਦਾ ਪ੍ਰਤੀਕ 'ਹੋਲਾ ਮਹੱਲਾ' ਅਸੀਂ ਹਰ ਸਾਲ ਮਨਾਉਂਦੇ ਹੋਏ ਗੁਰੂ ਦੀਆਂ ਲਾਡਲੀਆਂ ਫ਼ੌਜਾਂ ਨਿਹੰਗ ਸਿੰਘਾਂ ਦੇ ਜੰਗਜੂ ਕਰਤੱਬ ਦੇ ਜਾਹੋ-ਜਲਾਲ ਨੂੰ ਦੇਖਦੇ ਹਾਂ। ਇਸ ਮੌਕੇ ਸਾਡਾ ਸਭ ਦਾ ਫਰਜ ਬਣਦਾ ਹੈ ਕਿ ਅਸੀਂ ਹੋਲਾ ਮਹੱਲਾ ਮੌਕੇ ਆਪਣੇ ਇਤਿਹਾਸ ਤੋਂ ਪ੍ਰੇਰਨਾ ਲੈਂਦਿਆਂ ਸ਼ਸਤਰਧਾਰੀ ਬਣੀਏ ਭਾਵ ਅੰਮ੍ਰਿਤ ਛਕ ਕੇ ਗੁਰੂ ਦੇ ਸਿੰਘ ਬਣੀਏ। ਗੁਰੂ ਸਾਹਿਬ ਨੇ ਸਾਨੂੰ ਵਿਲੱਖਣ ਰਹਿਣੀ ਬਖਸ਼ੀ ਹੈ, ਜਿਸ ਨੂੰ ਅਪਣਾਉਣਾ ਸਾਡਾ ਧਰਮ ਕਰਤੱਵ ਹੈ। ਹੋਲਾ ਮਹੱਲਾ ਸਾਨੂੰ ਗੁਰੂ ਬਖਸ਼ੀ ਜੀਵਨ-ਜਾਚ ਵਿਚ ਪੱਕਿਆਂ ਰਹਿਣ ਦੀ ਪ੍ਰੇਰਨਾ ਦਿੰਦਾ ਹੈ। ਇਸ ਪ੍ਰੇਰਨਾ ਨੂੰ ਕਵੀ ਨਿਹਾਲ ਸਿੰਘ ਆਪਣੇ ਸ਼ਬਦਾਂ ਵਿਚ ਇਸ ਤਰ੍ਹਾਂ ਬਿਆਨ ਕਰਦੇ ਹਨ:

ਬਰਛਾ ਢਾਲ ਕਟਾਰਾ ਤੇਗਾ, ਕੜਛਾ ਦੇਗਾ ਗੋਲਾ ਹੈ।
ਛਕਾ ਪ੍ਰਸਾਦਿ ਸਜਾ ਦਸਤਾਰਾ, ਅਰੁ ਕਰ ਦੋਨਾ ਟੋਲਾ ਹੈ।
ਸੁਭਟ ਸੁਚਾਲਾ ਅਰ ਲੱਖ ਬਾਹਾ, ਕਲਗਾ ਸਿੰਘ ਸਚੋਲਾ ਹੈ।
ਅਪਰ ਮੁਛਹਿਰਾ, ਦਾੜਵਾ ਜੱਸੇ, ਤੈਸਾ ਬੋਲਾ ਹੋਲਾ ਹੈ।

'ਹੋਲਾ ਮਹੱਲਾ' ਸਾਨੂੰ ਇਕ ਉਪਦੇਸ਼ ਦਿੰਦਾ ਹੈ ਕਿ ਜੀਵਨ ਅੰਦਰ ਹਿੰਮਤ, ਅਣਖ, ਦਲੇਰੀ, ਤਿਆਗ, ਕੁਰਬਾਨੀ, ਦ੍ਰਿੜ੍ਹ-ਨਿਸ਼ਚਾ, ਚੜ੍ਹਦੀ-ਕਲਾ, ਸਵੈ-ਵਿਸ਼ਵਾਸ, ਸਵੈ-ਰੱਖਿਆ, ਸਵੈ-ਮਾਣ, ਮਨੁੱਖੀ ਆਜ਼ਾਦੀ ਤੇ ਖ਼ਾਲਸਾਈ ਜਜ਼ਬੇ ਦੀ ਭਾਵਨਾ ਨੂੰ ਮਰਨ ਨਹੀਂ ਦੇਣਾ ਹੈ। ਸੋ ਸਾਨੂੰ ਖਾਲਸਾ ਪੰਥ ਦੀ ਵਿਲੱਖਣਤਾ ਦੇ ਪ੍ਰਤੀਕ ਹੋਲਾ ਮਹੱਲਾ ਦੀ ਭਾਵਨਾ ਅਨੁਸਾਰ ਸੱਚਾ ਉੱਦਮੀ ਜੀਵਨ ਜਿਉਣ ਦੀ ਪ੍ਰੇਰਨਾ ਲੈਂਦਿਆਂ ਅੱਗੇ ਵਧਣਾ ਚਾਹੀਦਾ ਹੈ। ■

## ਗੁਰਪੁਰਬਾਂ ਸਮੇਂ ਸਜਾਏ ਜਾਂਦੇ ਜਲੌ

ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਗੁਰਦੁਆਰਾ ਬਾਬਾ ਅਟੱਲ ਰਾਏ ਸਾਹਿਬ ਵਿਖੇ ਹੇਠ ਲਿਖੇ ਗੁਰਪੁਰਬਾਂ 'ਤੇ ਜਲੌ ਸਜਾਏ ਜਾਂਦੇ ਹਨ, ਦੀਪਮਾਲਾ ਤੇ ਆਤਿਸ਼ਬਾਜ਼ੀ ਕੀਤੀ ਜਾਂਦੀ ਹੈ:

* ਪ੍ਰਕਾਸ਼ ਗੁਰਪੁਰਬ ਸ੍ਰੀ ਗੁਰੂ ਨਾਨਕ ਦੇਵ ਜੀ
* ਪ੍ਰਕਾਸ਼ ਗੁਰਪੁਰਬ ਸ੍ਰੀ ਗੁਰੂ ਰਾਮਦਾਸ ਜੀ
* ਗੁਰਗੱਦੀ ਦਿਵਸ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ
* ਪ੍ਰਕਾਸ਼ ਗੁਰਪੁਰਬ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ
* ਪ੍ਰਕਾਸ਼ ਗੁਰਪੁਰਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ
* ਪਹਿਲਾ ਪ੍ਰਕਾਸ਼ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ

***ਜਲੌ ਦਾ ਸਮਾਂ: ਸਵੇਰੇ ੯ ਤੋਂ ੧੨ ਵਜੇ ਦੁਪਹਿਰ ਤੀਕ।***

# ਦਿੱਲੀ ਫਤਹਿ ਦਾ ਨਾਇਕ ਜਰਨੈਲ ਸਰਦਾਰ ਬਘੇਲ ਸਿੰਘ

*-ਗਿਆਨੀ ਭਜਨ ਸਿੰਘ (ਡਾ.)*

ਅਠ੍ਹਾਰਵੀਂ ਸਦੀ ਦੀਆਂ ਪ੍ਰਸਿੱਧ ਸਿੱਖ ਮਿਸਲਾਂ ਵਿੱਚੋਂ ਕਰੋੜਸਿੰਘੀਆ ਮਿਸਲ ਦੇ ਸੂਝਵਾਨ, ਦੂਰਅੰਦੇਸ਼, ਬਹਾਦਰ ਤੇ ਸਮੇਂ ਅਨੁਸਾਰ ਠੀਕ ਕਦਰਾਂ ਦੀ ਪਹਿਚਾਣ ਕਰਨ ਤੇ ਚੁੱਕਣ ਵਾਲੇ ਜਰਨੈਲ ਸ. ਬਘੇਲ ਸਿੰਘ ਹੋਏ ਹਨ। ਜਿਨ੍ਹਾਂ ਨੇ ੧੮ਵੀਂ ਸਦੀ ਦੇ ਦੂਜੇ ਅੱਧ ਵਿਚ ਵੱਡੇ ਘੱਲੂਘਾਰੇ ਤੋਂ ਪਿੱਛੋਂ ਆਪਣੀ ਮਿਸਲ ਦੀ ਸ਼ਕਤੀ ਨਾਲ ਪਹਿਲਾਂ ਦੁਆਬੇ ਅਤੇ ਵਿਸ਼ੇਸ਼ ਕਰ ਕੇ ਜਲੰਧਰ ਵਿਚ ਆਪਣੀ ਮਿਸਲ ਦਾ ਰਾਖੀ-ਪ੍ਰਬੰਧ ਰਾਹੀਂ ਦਬਦਬਾ ਕਾਇਮ ਕੀਤਾ ਤੇ ਫਿਰ ਸਤਲੁਜ ਤੋਂ ਪਾਰਲੇ ਇਲਾਕੇ ਜਿੱਤ ਕੇ ਜਮਨਾ ਦਰਿਆ ਤਕ ਸਿੱਖਾਂ ਦੀ ਸ਼ਕਤੀ ਦੀਆਂ ਧੁੰਮਾਂ ਪਾਈਆਂ। ਫਿਰ ਵਰਤਮਾਨ ਉੱਤਰ-ਪ੍ਰਦੇਸ਼ ਵਿਚ ਬਰੇਲੀ ਤਕ ਆਪਣਾ ਸਿੱਕਾ ਜਮਾਇਆ। ਦਿੱਲੀ ਤੋਂ ਲੈ ਕੇ ਨੈਨੀਤਾਲ ਤਕ ਮੁਗ਼ਲਾਂ ਨੂੰ ਹਰਾਉਣ ਵਾਲੇ ਰੁਹੇਲਿਆਂ ਤਕ ਨੂੰ ਜਿੱਤਣ ਤੇ ਦੂਜੇ ਧਰਮਾਂ 'ਤੇ ਅੱਤਿਆਚਾਰ ਕਰਨ ਵਾਲੇ ਰੁਹੇਲੇ ਨਾ ਕੇਵਲ ਕਾਬੂ ਕਰ ਲਏ, ਸਗੋਂ ਕਈ ਰੁਹੇਲੇ ਮੁਖੀ ਸ੍ਵੈ-ਇੱਛਾ ਨਾਲ ਸਿੰਘ ਸਜ ਗਏ। ਜਰਨੈਲ ਸ. ਬਘੇਲ ਸਿੰਘ ਨੇ ੧੮ਵੀਂ ਸਦੀ ਦੇ ੯ਵੇਂ ਦਹਾਕੇ ਵਿਚ ਚਾਰ ਵਾਰ ਦਿੱਲੀ 'ਤੇ ਹਮਲਾ ਕੀਤਾ ਤੇ ਇਕ ਵਾਰ ੧੭੮੩ ਵਿਚ ਸ਼ਾਹ ਆਲਮ ਦੂਜੇ ਦੇ ਰਾਜ ਸਮੇਂ ਲਾਲ ਕਿਲ੍ਹੇ 'ਤੇ ਕਬਜ਼ਾ ਕਰ ਲਿਆ। ਕਈ ਮਹੀਨੇ ਲਾਲ ਕਿਲ੍ਹੇ ਅੰਦਰ ਦਰਬਾਰ ਹਾਲ ਵਿਚ ਦਰਬਾਰ ਲਾਇਆ ਤੇ ਲਾਲ ਕਿਲ੍ਹੇ 'ਤੇ ਖਾਲਸੇ ਦਾ ਕੇਸਰੀ ਨਿਸ਼ਾਨ ਸਾਹਿਬ ਝੁਲਾਇਆ।

ਇਕ ਕਰੋੜ ਮੱਲ ਨਾਂ ਦਾ ਖੱਤਰੀ ਸੇਠ ਸਰਦਾਰ ਕਪੂਰ ਸਿੰਘ ਦੇ ਜਥੇ ਤੋਂ ਅੰਮ੍ਰਿਤ ਛਕ ਕੇ ਸਿੰਘ ਸਜਿਆ ਤੇ ਨਾਮ 'ਕਰੋੜਾ ਸਿੰਘ' ਰੱਖਿਆ। ਇਹ ਬੜਾ ਜਜ਼ਬੇ ਵਾਲਾ ਤੇ ਬਹਾਦਰ ਸਿੰਘ ਸੀ। ਆਰਥਿਕ ਤੌਰ 'ਤੇ ਚੰਗਾ ਸੌਖਾ ਤੇ ਖੁੱਲ੍ਹ-ਦਿਲਾ ਵਿਅਕਤੀ ਸੀ। ਅੰਮ੍ਰਿਤਸਰ ਜ਼ਿਲ੍ਹੇ ਦਾ ਰਹਿਣ ਵਾਲਾ ਇਹ ਸੂਰਬੀਰ ਨਵਾਬ ਕਪੂਰ ਸਿੰਘ ਦੀ ਲਾਹੌਰ ਦੇ ਸੂਬੇ ਦੀ ਆਰਥਿਕ ਨਾਕਾਬੰਦੀ ਤੋਂ ਪ੍ਰਭਾਵਿਤ ਹੋ ਕੇ ਉਨ੍ਹਾਂ ਦੀ ਫੌਜ ਵਿਚ ਸ਼ਾਮਿਲ ਹੋ ਗਿਆ। ਜਦੋਂ ਖਾਲਸੇ ਦੀ ਫੌਜੀ ਸ਼ਕਤੀ ਕਈ ਹਜ਼ਾਰ ਤਕ ਪਹੁੰਚ ਗਈ ਤਾਂ ਨਵਾਬ ਕਪੂਰ ਸਿੰਘ ਨੇ ਖਾਲਸੇ ਦੇ ਦੋ ਜੱਥੇ ਬੁੱਢਾ-ਦਲ ਤੇ ਤਰੁਨਾ ਦਲ ਬਣਾ ਦਿੱਤੇ। ਕਰੋੜਾ ਸਿੰਘ ਆਪਣੀ ਮਿਹਨਤ ਸਦਕਾ ਬਹੁਤ ਛੇਤੀ ਤਰੁਨਾ ਦਲ ਦਾ ਜਥੇਦਾਰ ਬਣ ਗਿਆ। ਸਮੇਂ ਦੇ ਹਾਕਮਾਂ ਨਾਲ ਕਈ ਲੜਾਈਆਂ ਵਿਚ ਸ. ਕਰੋੜਾ ਸਿੰਘ ਦੀ ਸਿਆਣਪ ਨਾਲ ਇਸ ਜਥੇ ਨੇ ਚੰਗਾ ਨਾਮਣਾ ਖੱਟਿਆ। ਛੋਟੇ ਘੱਲੂਘਾਰੇ ਸਮੇਂ ਭਾਵੇਂ ਤਰੁਨਾ ਦਲ ਦਾ ਕਾਫੀ ਨੁਕਸਾਨ ਹੋਇਆ ਪਰ ਸ. ਕਰੋੜਾ ਸਿੰਘ ਦੀ ਚੜ੍ਹਦੀ ਕਲਾ ਸਦਕਾ ਨੌਜੁਆਨਾਂ ਦਾ ਮਨੋਬਲ ਕਾਫੀ ਉੱਚਾ ਰਿਹਾ ਪਰ ਫਿਰ ਜਦ ਛੋਟੇ-ਛੋਟੇ ਕਈ ਦਰਜਨ ਜਥੇ ਇਕੱਠੇ ਕਰ ਕੇ ਤੇ ਬਾਰਾਂ ਵੱਡੀਆਂ ਸਿੱਖ ਮਿਸਲਾਂ ਦੀ ਸਥਾਪਨਾ ਕਰ ਕੇ ਦਲ ਖਾਲਸਾ ਕਾਇਮ ਹੋਇਆ ਤਾਂ ਇਨ੍ਹਾਂ ਦਾ ਜਥਾ ਵੀ ਵੱਖਰਾ ਹੋ ਕੇ ਕਰੋੜਸਿੰਘੀਆ ਮਿਸਲ ਅਖਵਾਇਆ।

ਕੁਝ ਸਾਲਾਂ ਪਿੱਛੋਂ ਸ. ਕਰੋੜਾ ਸਿੰਘ ਅਕਾਲ ਚਲਾਣਾ ਕਰ ਗਏ। ਉਨ੍ਹਾਂ ਪਿੱਛੋਂ ਜਥੇਦਾਰ ਮਸਤਾਨ ਸਿੰਘ, ਸ. ਕਰਮ ਸਿੰਘ ਤੇ ਸ. ਬਘੇਲ ਸਿੰਘ ਕਰੋੜਸਿੰਘੀਆ ਮਿਸਲ ਦੇ ਤਿੰਨ ਮੁਖੀ ਉਭਰੇ। ਸ. ਬਘੇਲ ਸਿੰਘ ਦੀ ਸਿਆਣਪ ਨਾਲ ਆਪਸ ਵਿਚ ਲੜਨ ਦੀ ਥਾਂ ਸਾਂਝੀ ਲੀਡਰਸ਼ਿਪ ਕਾਇਮ ਕਰਨ ਦੀ ਵਿਉਂਤ ਅਨੁਸਾਰ ਮਿਲ ਕੇ ਤਿੰਨੇ ਜਥੇਦਾਰ ਚਲਦੇ ਰਹੇ। ਅਹਿਮਦਸ਼ਾਹ ਅਬਦਾਲੀ ਦੇ ਹਮਲਿਆਂ ਸਮੇਂ ਪਹਿਲੇ ਦੋਹਾਂ ਦੀ ਮ੍ਰਿਤੂ ਹੋ ਜਾਣ ਕਾਰਨ ਸ. ਬਘੇਲ ਸਿੰਘ ਮਿਸਲ ਦੇ ਸਰਬ-ਪ੍ਰਵਾਨਿਤ ਨੇਤਾ ਬਣ ਗਏ। ਸ. ਕਰੋੜਾ ਸਿੰਘ ਦੀ ਕੋਈ ਸੰਤਾਨ ਨਹੀਂ ਸੀ, ਇਸ ਲਈ ਇਹ ਨਿਰਵਿਰੋਧ ਜਰਨੈਲ ਥਾਪੇ ਗਏ।

ਸ. ਬਘੇਲ ਸਿੰਘ ਜ਼ਿਲ੍ਹਾ ਗੁਰਦਾਸਪੁਰ ਦੇ ਇਕ ਪਿੰਡ ਧਾਲੀਵਾਲ ਦੇ ਜੱਟ ਪਰਿਵਾਰ ਵਿਚ ਪੈਦਾ ਹੋਏ। ਸਮੇਂ ਦੇ ਰਿਵਾਜ ਅਨੁਸਾਰ ਗੁਰਦੁਆਰਾ ਸਾਹਿਬ ਦੇ ਗ੍ਰੰਥੀ ਤੋਂ ਪੰਜਾਬੀ ਸਿੱਖੀ ਤੇ ਗੁਰਮਤਿ ਗਿਆਨ ਪ੍ਰਾਪਤ ਕੀਤਾ। ਇਸ ਪਿੱਛੋਂ ਖਾਲਸੇ ਦੀ ਜੰਗੀ ਜਥੇਬੰਦੀ ਵਿਚ ਸ਼ਾਮਿਲ ਹੋ ਗਏ ਤੇ ਨਵਾਬ ਕਪੂਰ ਸਿੰਘ ਦੇ ਆਦੇਸ਼ ਅਨੁਸਾਰ ਕਰੋੜਸਿੰਘੀਆ ਜਥੇ ਨਾਲ ਤਰੁਨਾ ਦਲ ਵਿਚ ਸੇਵਾ ਕਰਦੇ ਰਹੇ। ਜਦ ਇਹ ਵੱਖਰੀ ਮਿਸਲ ਬਣੀ ਤਾਂ ਸ. ਕਰੋੜਾ ਸਿੰਘ ਨੂੰ ਮਿਸਲ ਦਾ ਹਿਸਾਬ-ਕਿਤਾਬ ਰੱਖਣ ਤੇ ਮਿਸਲ ਲਈ ਸ਼ਸਤਰ-ਬਸਤਰ ਪਹੁੰਚਾਉਣ ਦੀ ਜ਼ਿੰਮੇਵਾਰੀ ਸੌਂਪੀ ਪਰ ਥੋੜ੍ਹੇ ਚਿਰ ਪਿੱਛੋਂ ਹੀ ਯੁੱਧ ਖੇਤਰ ਵਿੱਚੋਂ ਕਮਾਲ ਦੀ ਵੀਰਤਾ ਦਿਖਾਉਣ ਕਾਰਨ ਜੰਗੀ ਜਰਨੈਲ ਪ੍ਰਸਿੱਧ ਹੋਏ। ਸ. ਬਘੇਲ ਸਿੰਘ ਨੇ ਸਭ ਤੋਂ ਪਹਿਲਾਂ ਆਪਣੀ ਧਾਂਕ ਦੁਆਬੇ ਵਿਚ ਬਣਾਈ। ਹੁਸ਼ਿਆਰਪੁਰ ਤੇ ਜਲੰਧਰ ਦਾ ਕੁਝ ਇਲਾਕਾ ਰਾਖੀ-ਸਿਸਟਮ ਰਾਹੀਂ ਸੰਭਾਲ ਲਿਆ। ਜ਼ਿਲ੍ਹਾ ਜਲੰਧਰ ਵਿਚ ਬੰਗਾ ਨਗਰ ਆਪਣੇ ਜਥੇ ਦੀ ਰਾਜਧਾਨੀ ਨਿਸ਼ਚਿਤ ਕਰ ਲਈ। ਜਦੋਂ ਦੁਆਬੇ ਦੇ ਇਸ ਖੇਤਰ ਨੂੰ ਸ. ਜੱਸਾ ਸਿੰਘ ਆਹਲੂਵਾਲੀਏ ਨੇ ਆਪਣੀ ਮਿਸਲ ਦਾ ਰਾਜ ਖੇਤਰ ਬਣਾਇਆ ਤਾਂ ਸ. ਬਘੇਲ ਸਿੰਘ ਸਤਲੁਜ ਪਾਰ ਦੇ ਇਲਾਕੇ ਵਿਚ ਅੰਬਾਲਾ ਤੇ ਜਗਾਧਰੀ ਤਕ ਦੇ ਇਲਾਕੇ ਵਿਚ ਫੈਲ ਗਏ ਤੇ ਸਰਹਿੰਦ ਫਤਹਿ ਕਰ ਕੇ ਆਪਣਾ ਹੈੱਡ ਕੁਆਟਰ ਸਰਹਿੰਦ ਨੂੰ ਬਣਾਇਆ। ਸ. ਬਘੇਲ ਸਿੰਘ ਸਿੱਖ ਮਿਸਲਾਂ ਦੇ ਆਪਸ ਵਿਚ ਟਕਰਾਅ ਤੇ ਵੈਰ-ਵਿਰੋਧ ਦੇ ਹੱਕ ਵਿਚ ਨਹੀਂ ਸਨ, ਇਸ ਲਈ ਉਨ੍ਹਾਂ ਫੈਸਲਾ ਕੀਤਾ ਕਿ ਹੁਣ ਉਨ੍ਹਾਂ ਇਲਾਕਿਆਂ ਨੂੰ ਫਤਹਿ ਕੀਤਾ ਜਾਏ, ਜਿਥੇ ਅਜੇ ਤਕ ਕੋਈ ਸਿੱਖ ਮਿਸਲ ਨਹੀਂ ਗਈ। ਇਸ ਤਰ੍ਹਾਂ ਤੀਜੇ ਪੜਾਅ ਵਿਚ ਕਰਨਾਲ ਤਕ ਦਾ ਇਲਾਕਾ ਉਨ੍ਹਾਂ ਮੱਲ ਲਿਆ। ਇਕ ਪਾਸੇ ਉਹ ਪੰਜਾਬ ਵਿਚ ਸਿੱਖ ਮਿਸਲਾਂ ਦੀ ਵਿਦੇਸ਼ੀ ਹਮਲਾਵਰਾਂ ਦੇ ਟਾਕਰੇ 'ਤੇ ਮੱਦਦ ਲਈ ਆਉਂਦੇ ਰਹੇ ਤੇ ਦੂਜੇ ਪਾਸੇ ਜਮਨਾ ਦਰਿਆ ਟੱਪ ਕੇ ਗੰਗਾ-ਦੁਆਬ ਵਿਚ ਆਪਣੇ ਦਬਦਬੇ ਦਾ ਪਸਾਰ ਕਰਦੇ ਗਏ। ਜਲੰਧਰ ਤੋਂ ਲੈ ਕੇ ਪੀਲੀਭੀਤ ਤਕ ਅਤੇ ਅੰਬਾਲੇ ਤੋਂ ਅਲੀਗੜ੍ਹ ਤਕ ਇਨ੍ਹਾਂ ਦਾ ਸਿੱਕਾ ਚਲਦਾ ਸੀ। ਇਹ ਨਿਸ਼ਚਿਤ ਹੈ ਕਿ ਉਤਰੀ ਭਾਰਤ ਵਿਚ ਸਿੱਖ ਪੂਰਨ ਸਵਰਾਜ ਕਾਇਮ ਕਰ ਲੈਂਦੇ ਜੇ ਦਲ ਖਾਲਸਾ ਤੇ ਦੂਜੀਆਂ ਮਿਸਲਾਂ ਸ.ਬਘੇਲ ਸਿੰਘ ਦੀ ਮੱਦਦ ਕਰਦੀਆਂ। ੧੭੬੬ ਵਿਚ ਖਾਲਸੇ ਦੀਆਂ ਸਾਰੀਆਂ ਮਿਸਲਾਂ ਦੇ ਮੁਖੀ ਜਥੇਦਾਰਾਂ ਦਾ ਇਕ ਵੱਡਾ ਇਕੱਠ ਸ੍ਰੀ ਅਕਾਲ ਤਖ਼ਤ ਸਾਹਿਬ ਅੰਮ੍ਰਿਤਸਰ ਸਾਹਿਬ ਦੇ ਸਾਹਮਣੇ ਹੋਇਆ। ਸਾਂਝੇ ਪੰਥਕ ਮਸਲਿਆਂ 'ਤੇ ਵਿਚਾਰ ਹੋ ਰਹੀ ਸੀ ਕਿ ਯੂ.ਪੀ. ਦੇ ਸਹਾਰਨਪੁਰ ਇਲਾਕੇ ਦੇ ਨੌਜੁਆਨ ਬ੍ਰਾਹਮਣ ਨੇ ਸੇਵਾਦਾਰਾਂ ਰਾਹੀਂ ਫਰਿਆਦ ਕੀਤੀ ਕਿ ਮੈਂ ਖਾਲਸੇ ਦੇ ਇਕੱਠ ਵਿਚ ਇਕ ਫਰਿਆਦ ਰੱਖਣ ਆਇਆ ਹਾਂ। ਉਸ ਨੂੰ ਤੁਰੰਤ ਆਗਿਆ ਦੇ ਦਿੱਤੀ ਗਈ। ਉਸ ਨੇ ਰੋਂਦਿਆਂ ਦੱਸਿਆ ਕਿ ਦੋ-ਤਿੰਨ ਦਿਨ ਪਹਿਲਾਂ ਜਦ ਉਹ ਵਿਆਹ ਕਰਵਾ ਕੇ ਪਤਨੀ ਦਾ ਡੋਲਾ ਲਿਆ ਰਿਹਾ ਸੀ ਤਾਂ ਜਲਾਲਾਬਾਦ ਲੁਹਾਰੀ ਦਾ ਫ਼ੌਜਦਾਰ ਰਾਹ ਵਿਚ ਡੋਲਾ ਰੁਕਵਾ ਕੇ ਉਸ ਦੀ ਵਹੁਟੀ ਨੂੰ ਜਬਰਦਸਤੀ ਕਿਲ੍ਹੇ-ਨੁਮਾ ਆਪਣੀ ਹਵੇਲੀ ਵਿਚ ਲੈ ਆਇਆ ਤੇ ਉਹਨੂੰ ਮਜਬੂਰ ਕਰ ਰਿਹਾ ਹੈ ਕਿ ਉਹ ਆਪਣਾ ਧਰਮ ਬਦਲੇ ਤੇ ਉਹਦੇ ਨਾਲ ਨਿਕਾਹ ਕਰ ਕੇ ਉਹਦੀ ਬੇਗਮ ਬਣੇ। ਮੈਨੂੰ ਸਹਾਰਨਪੁਰ ਇਲਾਕੇ ਵਿੱਚੋਂ ਕਿਧਰੋਂ ਮੱਦਦ ਨਹੀਂ ਮਿਲੀ, ਇਸ ਲਈ ਮੈਂ ਖਾਲਸੇ ਦੀ ਸ਼ਰਨ ਆਇਆ ਹਾਂ। ਖਾਲਸੇ ਨੇ ਉਸੇ ਵੇਲੇ ਇਸ ਮਸਲੇ 'ਤੇ ਵਿਚਾਰ ਕੀਤਾ। ਸ.ਬਘੇਲ ਸਿੰਘ ਨੇ ਦੱਸਿਆ ਕਿ ਅੱਗੇ ਵੀ ਉਹਦੇ ਅੱਤਿਆਚਾਰਾਂ ਦੀਆਂ ਕਈ ਖ਼ਬਰਾਂ ਆਈਆਂ ਹਨ। ਇਸ 'ਤੇ ਮਿਸਲਾਂ ਨੇ ਫੈਸਲਾ ਕੀਤਾ ਕਿ ਹੁਣੇ ਮਾਰਚ ਕੀਤਾ ਜਾਏ, ਇਕ ਤਾਂ ਮੁਟਿਆਰ ਦੀ ਪਤ ਬਚਾਈ ਜਾਏ ਤੇ ਦੂਜਾ ਅੱਤਿਆਚਾਰੀ ਹਾਕਮ ਨੂੰ ਸੋਧਿਆ ਜਾਏ। ਸ. ਜੱਸਾ ਸਿੰਘ ਆਹਲੂਵਾਲੀਆ, ਸ. ਜੱਸਾ ਸਿੰਘ ਰਾਮਗੜ੍ਹੀਆ, ਸ. ਬਘੇਲ ਸਿੰਘ, ਸ. ਤਾਰਾ ਸਿੰਘ ਘੇਬਾ, ਸ. ਝੰਡਾ ਸਿੰਘ ਭੰਗੀ ਤੇ ਸ. ਖੁਸ਼ਹਾਲ ਸਿੰਘ ਘਨੱਈਆ ਆਦਿ ਦੀ ਅਗਵਾਈ ਵਿਚ ਦਲ ਖਾਲਸਾ ਜਲਾਲਾਬਾਦ ਲੁਹਾਰੀ ਨੂੰ ਜੈਕਾਰੇ ਛੱਡਦਾ ਚੱਲ ਪਿਆ।ਉਧਰ ਨਵਾਬ ਨੇ ਟਾਕਰੇ ਲਈ ਫੌਜ ਨੂੰ ਤਿਆਰ ਕਰ ਲਿਆ। ਜਬਰਦਸਤ ਜੰਗ ਹੋਈ। ਕਾਫੀ ਬੰਦੇ ਮਰਵਾ ਕੇ ਨਵਾਬ ਨੇ ਹਥਿਆਰ ਸੁੱਟੇ। ਕਈ ਲੱਖ ਰੁਪਏ ਜੰਗ ਦਾ ਹਰਜਾਨਾਂ ਭਰਿਆ ਤੇ ਦਲ ਖਾਲਸਾ ਉਹਦੇ ਮਹੱਲਾਂ ਵਿਚ ਜਾ ਵੜਿਆ, ਬ੍ਰਾਹਮਣ ਦੀ ਪਤਨੀ ਆਜ਼ਾਦ ਕਰਵਾਈ। ਸਤਲੁਜ-ਜਮਨਾ ਦੇ ਦਰਮਿਆਨੀ ਦੁਆਬੇ ਦੀ ਧਰਤੀ ਅੰਦਰ ਖਾਲਸੇ ਦੀ ਇਹ ਪਹਿਲੀ ਵੱਡੀ ਸਫਲਤਾ ਸੀ। ਸਰਦਾਰਾਂ ਨੇ ਮਿਲ ਕੇ ਗੁਰਮਤਾ ਸੋਧਿਆ ਕਿ ਹੋਰ ਸਾਰਾ ਖਾਲਸਾਈ ਲਸ਼ਕਰ ਆਪਣੇ-ਆਪਣੇ ਇਲਾਕੇ ਨੂੰ ਵਹੀਰਾਂ ਪਾ ਜਾਵੇ। ਸ. ਬਘੇਲ

ਸਿੰਘ ਨੂੰ ਇਸ ਜਿੱਤੇ ਇਲਾਕੇ ਦਾ ਹਾਕਮ ਪ੍ਰਬੰਧਕ ਥਾਪ ਦਿੱਤਾ ਜਾਏ। ਸ. ਬਘੇਲ ਸਿੰਘ ਨੂੰ ਅੱਗੇ ਵਧਣ ਲਈ ਅਧਿਕਾਰ ਦਿੱਤਾ ਤੇ ਜਦ ਵੀ ਲੋੜ ਪਈ, ਸਾਰਾ ਦਲ ਖ਼ਾਲਸਾ ਉਹਦੇ ਨਾਲ ਆ ਰਲੇਗਾ।

ਜਦ ਦਿੱਲੀ ਦੀ ਮੁਗ਼ਲ ਹਕੂਮਤ ਨੂੰ ਸਿੰਘਾਂ ਦੇ ਇਸ ਰਾਜ ਸੰਭਾਲਣ ਦੀ ਖ਼ਬਰ ਪਹੁੰਚੀ ਤਾਂ ਇਕ ਵੱਡਾ ਲਸ਼ਕਰ ਇਹਦੇ 'ਤੇ ਹਮਲਾ ਕਰ ਕੇ ਆ ਗਿਆ। ਸ. ਬਘੇਲ ਸਿੰਘ ਨੇ ਇਸ ਵੇਲੇ ਰਾਜਨੀਤੀ ਤੋਂ ਕੰਮ ਲੈਂਦਿਆਂ ਸਮਝੌਤਾ ਕਰ ਲਿਆ। ਇਕ ਵੱਡੀ ਰਾਜਨੀਤਕ ਚਾਲ ਚੱਲੀ ਕਿ ਮੁਗ਼ਲ ਫ਼ੌਜ ਨੂੰ ਨਜ਼ਰਾਨਾ ਭੇਟ ਕਰ ਕੇ ਆਖਿਆ ਕਿ ਉਹ ਆਪਣੀ ਫ਼ੌਜ ਇਨ੍ਹਾਂ ਦੀ ਮੱਦਦ 'ਤੇ ਭੇਜਣ ਲਈ ਤਿਆਰ ਹੈ। ਮੁਗ਼ਲ ਫ਼ੌਜਾਂ ਨੇ ਸ਼ੁਕਰ ਕੀਤਾ ਤੇ ਸ. ਬਘੇਲ ਸਿੰਘ ਆਪਣਾ ਫ਼ੌਜੀ ਦਸਤਾ ਉਨ੍ਹਾਂ ਦੇ ਪਿੱਛੇ-ਪਿੱਛੇ ਰੱਖ ਕੇ ਤੁਰ ਪਿਆ। ਕੈਥਲ, ਸ਼ਾਹਬਾਦ ਤੇ ਧੂੜੀਆ ਦੇ ਸਿੱਖ ਸਰਦਾਰਾਂ ਪਾਸੋਂ ਸ਼ਾਹੀ ਲਸ਼ਕਰ ਨੂੰ ਨਜ਼ਰਾਨੇ ਭੇਟ ਕਰਵਾਉਂਦਾ ਗਿਆ ਤਾਂ ਕਿ ਕੋਈ ਜਾਨੀ ਨੁਕਸਾਨ ਨਾ ਹੋਵੇ। ਜਦ ਸ਼ਾਹੀ ਲਸ਼ਕਰ ਪਟਿਆਲੇ ਦੇ ਰਾਜਾ ਅਮਰ ਸਿੰਘ 'ਤੇ ਹਮਲਾ ਕਰਨ ਗਿਆ ਤਾਂ ਸ.ਬਘੇਲ ਸਿੰਘ ਸ਼ਾਹੀ ਫ਼ੌਜ ਦੇ ਪਿੱਛੇ ਸੀ, ਇਸ ਨੇ ਦਲ ਖਾਲਸਾ ਦੀਆਂ ਸਾਰੀਆਂ ਮਿਸਲਾਂ ਨੂੰ ਸੁਨੇਹੇ ਭੇਜੇ ਤੇ ਉਹ ਝੱਟਪਟ ਪਹੁੰਚ ਗਏ। ਸ. ਬਘੇਲ ਸਿੰਘ ਨੇ ਉਨ੍ਹਾਂ ਨੂੰ ਦੱਸ ਦਿੱਤਾ ਕਿ ਸ਼ਾਹੀ ਲਸ਼ਕਰ ਦੀ ਗਿਣਤੀ ਕਿਤਨੀ ਹੈ ਤੇ ਉਨ੍ਹਾਂ ਪਾਸ ਕਿਸ ਕਿਸਮ ਦੇ ਹਥਿਆਰ ਹਨ, ਨਾਲ ਇਹ ਵੀ ਸੂਚਨਾ ਦਿੱਤੀ ਕਿ ਹੁਣ ਸ਼ਾਹੀ ਲਸ਼ਕਰ ਨੂੰ ਇੱਥੇ ਘੇਰ ਕੇ ਹਰਾਇਆ ਜਾ ਸਕਦਾ ਹੈ। ਇਸ ਤਰ੍ਹਾਂ ਘੁੜਾਮ ਦੇ ਨੇੜੇ ਜਬਰਦਸਤ ਲੜਾਈ ਹੋਈ। ਜਿਸ ਵਿਚ ਸਿੰਘਾਂ ਦੇ ਲਸ਼ਕਰ ਨੇ ਚੁਫੇਰਿਓਂ ਹਮਲੇ ਕਰ ਕੇ ਸ਼ਾਹੀ ਫ਼ੌਜ ਨੂੰ ਹਰਾ ਦਿੱਤਾ। ਸ਼ਾਹੀ ਫ਼ੌਜ ਦੀ ਅਗਵਾਈ ਸ਼ਹਿਜ਼ਾਦਾ ਖਰਬੰਦਾ ਬਖ਼ਤ ਤੇ ਅਬਦੁਲ ਵਾਹਿਦ ਕਸ਼ਮੀਰੀ ਕਰ ਰਹੇ ਸਨ। ਉਹ ਸ. ਬਘੇਲ ਸਿੰਘ ਦੇ ਤਰਲੇ ਕਰਨ ਲੱਗੇ ਕਿ ਸਾਡੀ ਜਾਨ ਬਚਾਉ। ਸ. ਬਘੇਲ ਸਿੰਘ ਨੇ ਜੰਗੀ ਖ਼ਰਚਾ ਦਲ ਖਾਲਸੇ ਨੂੰ ਦਿਵਾਉਣਾ ਮਨਾ ਕੇ ਸ਼ਾਹੀ ਲਸ਼ਕਰ ਨੂੰ ਬਚਾ ਲਿਆ। ਸ਼ਹਿਜ਼ਾਦਾ ਤੇ ਜਰਨੈਲ ਮੁਗ਼ਲ ਸਰਕਾਰ ਵੱਲੋਂ ਇਹ ਮੰਨ ਕੇ ਗਏ ਕਿ ਸ.ਬਘੇਲ ਸਿੰਘ ਆਪਣੇ ਕਬਜ਼ੇ ਵਾਲੇ ਇਲਾਕੇ ਦਾ ਹਾਕਮ ਹੈ।

ਦਿੱਲੀ ਜਾ ਕੇ ਇਹ ਆਪਣਾ ਵਚਨ ਪੂਰਾ ਨਾ ਕਰ ਸਕੇ। ਇਸ ਕਾਰਨ ਸ. ਬਘੇਲ ਸਿੰਘ ਨੇ ਦਿੱਲੀ 'ਤੇ ਹਮਲਾ ਕਰ ਦਿੱਤਾ ਤੇ ਅਜਮੇਰੀ ਗੇਟ ਵਾਲੇ ਪਾਸਿਉਂ ਸ਼ਹਿਰ ਵਿਚ ਦਾਖਲ ਹੋਏ। ਸ਼ਾਹੀ ਫੌਜ ਉਨ੍ਹਾਂ ਦੀ ਸ਼ਖ਼ਸੀਅਤ ਤੋਂ ਇੰਨੀਂ ਪ੍ਰਭਾਵਿਤ ਸੀ ਕਿ ਉਸ ਨੇ ਮਾਮੂਲੀ ਝੜਪਾਂ ਪਿੱਛੋਂ ਹਥਿਆਰ ਸੁੱਟ ਕੇ ਭੱਜ ਜਾਣ ਵਿਚ ਹੀ ਭਲਾਈ ਸਮਝੀ। ਇਸੇ ਖੇਤਰ ਵਿਚ ਸ਼ਾਹੀ ਖਜ਼ਾਨਾ ਸੀ, ਉਹ ਜਾ ਲੁੱਟਿਆ ਤੇ ਆਪਣਾ ਜੰਗੀ ਜੁਰਮਾਨਾ ਲੈ ਕੇ ਦਿੱਲੀ ਤੋਂ ਬਾਹਰ ਨਿਕਲ ਗਏ। ਦੂਜੀ ਵਾਰ ਫਿਰ ਦਿੱਲੀ ਤੇ ਉਦੋਂ ਹਮਲਾ ਕਰ ਕੇ ਆਏ ਜਦੋਂ ਇਕ ਪਾਸੇ ਮਰਹੱਟੇ ਦਿੱਲੀ 'ਤੇ ਕਬਜ਼ਾ ਕਰਨ ਦੇ ਆਹਰ ਵਿਚ ਸਨ ਤੇ ਦੂਜੇ ਪਾਸੇ ਅੰਗਰੇਜ਼ ਦਿੱਲੀ ਦੇ ਨੇੜੇ ਆ ਕੇ ਇਥੇ ਕਾਬਜ਼ ਹੋਣ ਦੀਆਂ ਸਾਜ਼ਿਸ਼ਾਂ ਕਰ ਰਹੇ ਸਨ। ਸ਼ਾਹ ਆਲਮ ਦੂਜਾ ਦਿੱਲੀ ਛੱਡ ਕੇ ਭੱਜ ਗਿਆ ਤੇ ਇਲਾਹਾਬਾਦ ਵਿਚ ਜਾ ਬੈਠਾ। ਮਰਹੱਟਿਆਂ ਨੇ ਇਸ ਸਮੇਂ ਸਿੱਖ ਲਸ਼ਕਰ ਨੂੰ ਮੱਦਦ ਲਈ ਬੁਲਾਇਆ ਪਰ ਸ਼ਾਹ ਆਲਮ ਸਾਨੀ ਨੂੰ ਦਿੱਲੀ ਆਇਆ ਸੁਣ ਕੇ ਮਰਹੱਟਿਆਂ ਨੇ ਸਿੰਘਾਂ ਦੇ ਆਉਣ ਤੋਂ ਪਹਿਲਾਂ ਹੀ ਦਿੱਲੀ 'ਤੇ ਕਬਜ਼ਾ ਕਰ ਕੇ ਸ਼ਾਹ ਆਲਮ ਸਾਨੀ ਨੂੰ ਕੈਦੀ ਬਣਾ ਲਿਆ। ਜਦ ਲਾਰਡ ਲੇਕ ਨੂੰ ਸੂਚਨਾ ਮਿਲੀ ਤਾਂ ਅੰਗਰੇਜ਼ ਫ਼ੌਜਾਂ ਜਨਰਲ ਅਕਟਰ ਲੋਨੀ ਦੀ ਕਮਾਨ ਹੇਠ ਮਰਹੱਟਿਆਂ ਪਾਸੋਂ ਦਿੱਲੀ ਖਾਲੀ ਕਰਾਉਣ ਲਈ ਤੋਰ ਦਿੱਤੀਆਂ। ਮਰਹੱਟੇ ਅੰਗਰੇਜ਼ਾਂ ਦੇ ਆਉਣ ਦੀ ਖ਼ਬਰ ਸੁਣ ਕੇ ਹੀ ਦਿੱਲੀਓਂ ਨੱਠ ਤੁਰੇ। ਸ਼ਾਹ ਆਲਮ ਸਾਨੀ ਨੂੰ ਇਕ ਪਾਸਿਓਂ ਸੁਖ ਦਾ ਸਾਹ ਆਇਆ ਤੇ ਦੂਜੇ ਪਾਸਿਓਂ ਚਿੰਤਾ ਖਾਣ ਲੱਗੀ ਕਿ ਅੰਗਰੇਜ਼ ਉਹਨੂੰ ਗ਼ੁਲਾਮ ਬਣਾ ਲੈਣਗੇ। ਇਸ ਲਈ ਸ਼ਾਹ ਆਲਮ ਸਾਨੀ ਨੇ ਸ.ਬਘੇਲ ਸਿੰਘ ਨੂੰ ਮੱਦਦ ਲਈ ਬੁਲਾਇਆ। ਸ. ਬਘੇਲ ਸਿੰਘ ਦੂਜੀ ਵਾਰ ਮਰਹੱਟਿਆਂ ਦੇ ਸੱਦੇ 'ਤੇ ਆਇਆ ਸੀ ਤੇ ਤੀਜੀ ਵਾਰ ਸ਼ਾਹ ਆਲਮ ਸਾਨੀ ਦੇ ਸੱਦੇ 'ਤੇ। ਅੰਗਰੇਜ਼ਾਂ ਤੋਂ ਦਿੱਲੀ ਬਚਾਉਣ ਲਈ ਵੀਹ ਕੁ ਮੀਲ ਦਿੱਲੀ ਤੋਂ ਬਾਹਰ ਬੜ੍ਹ ਖਾਲਸਾ ਦੇ ਅਸਥਾਨ 'ਤੇ ਆ ਡੇਰੇ ਲਾਏ। ਜਦੋਂ ਜਨਰਲ ਅਕਟਰ ਲੋਨੀ ਨੂੰ ਖਾਲਸਾ ਵਹੀਰ ਦੀ ਦਿੱਲੀ 'ਤੇ ਚੜ੍ਹਾਈ ਦੀ ਖ਼ਬਰ ਪਹੁੰਚੀ ਤਾਂ ਉਹ ਪਿੱਛੇ ਮੁੜ ਗਿਆ। ਸ. ਬਘੇਲ ਸਿੰਘ ਦਾ ਦਬਦਬਾ ਇਤਨਾ ਵਧ ਚੁੱਕਿਆ ਸੀ ਕਿ ਮਰਹੱਟੇ ਤੇ ਅੰਗਰੇਜ਼ ਦੋਵੇਂ ਉਸ ਤੋਂ ਥਰਥਰ ਕੰਬਦੇ ਸਨ। ਜਦੋਂ ਮੁਗ਼ਲ ਸਮਰਾਟ ਨੇ ਵੇਖਿਆ ਕਿ ਮਰਹੱਟੇ ਤੇ ਅੰਗਰੇਜ਼ ਦੋਵੇਂ ਤਾਕਤਾਂ ਭੱਜ ਗਈਆਂ ਹਨ ਤਾਂ ਉਨ੍ਹਾਂ ਸ.ਬਘੇਲ ਸਿੰਘ ਨੂੰ

ਵਾਪਸ ਪਰਤ ਜਾਣ ਲਈ ਸੁਨੇਹਾ ਦਿੱਤਾ।

ਸ.ਬਘੇਲ ਸਿੰਘ ਵਾਸਤੇ ਸ਼ਹਿਨਸ਼ਾਹ ਦਿੱਲੀ ਦੀ ਅਕ੍ਰਿਤਘਣਤਾ ਦੀ ਇਹ ਕਰਤੂਤ ਬਰਦਾਸ਼ਤ ਕਰਨ ਤੋਂ ਬਾਹਰ ਸੀ। ਸੋ ਸ਼ਹਿਨਸ਼ਾਹ ਨੂੰ ਅਖਵਾ ਦਿੱਤਾ ਕਿ ਖਾਲਸਾ ਲਸ਼ਕਰ ਸ਼ਹਿਨਸ਼ਾਹ ਦਿੱਲੀ ਦੇ ਉਚੇਚੇ ਸੱਦੇ 'ਤੇ ਬੁਲਾਏ ਜਾਣ ਮਗਰੋਂ ਇਸ ਤਰ੍ਹਾਂ ਬੇਰੰਗ ਵਾਪਸ ਪਰਤ ਜਾਣ ਨੂੰ ਤਿਆਰ ਨਹੀਂ। ਸ਼ਹਿਨਸ਼ਾਹ ਵੱਲੋਂ ਫੌਜੀ ਸਹਾਇਤਾ ਦੀ ਯਾਚਨਾ ਉਪਰ ਆਏ ਲਸ਼ਕਰਾਂ ਦਾ ਆਉਣ-ਜਾਣ ਦਾ ਖਰਚਾ ਸ਼ਹਿਨਸ਼ਾਹ ਨੂੰ ਜੰਗੀ ਤਾਵਾਨ ਦੇ ਰੂਪ ਵਿਚ ਖਾਲਸਾ ਜੀ ਦੇ ਦਰਬਾਰ ਅੰਦਰ ਹਾਜ਼ਰ ਕਰਨਾ ਪਵੇਗਾ, ਨਹੀਂ ਤਾਂ ਖਾਲਸਾ ਦਿੱਲੀ ਉਪਰ ਧਾਵਾ ਬੋਲ ਕੇ ਆਪਣੇ ਖਰਚੇ ਪੂਰੇ ਕਰ ਲਵੇਗਾ। ਸ਼ਹਿਨਸ਼ਾਹ ਦੇ ਦਰਬਾਰੀਆਂ ਨੇ ਸ. ਬਘੇਲ ਸਿੰਘ ਦੀ ਇਸ ਸੂਚਨਾ ਨੂੰ ਪਰ੍ਹੇ ਕਰ ਛੱਡਿਆ ਅਤੇ ਕਿਸੇ ਪ੍ਰਕਾਰ ਦਾ ਵੀ ਤਾਵਾਨ ਦੇਣ ਤੋਂ ਸਾਫ-ਸਾਫ ਇਨਕਾਰ ਕਰ ਦਿੱਤਾ। ਜਰਨੈਲ ਸ. ਬਘੇਲ ਸਿੰਘ ਦੀ ਕਮਾਨ ਹੇਠ ਤੀਹ ਹਜ਼ਾਰ ਸਿੰਘਾਂ ਦਾ ਲਸ਼ਕਰ ਬੜੂ ਖਾਲਸਾ ਤੋਂ ਜਰਨੈਲੀ ਸੜਕ ਰਾਹੀਂ ਜੈਕਾਰੇ ਛੱਡਦਾ-ਮਜਨੂੰ ਟਿੱਲੇ ਦੇ ਅਸਥਾਨ 'ਤੇ ਜਮਨਾ ਦੇ ਕੰਢੇ ਪਹੁੰਚ ਗਿਆ। ਇਥੋਂ ਸ. ਬਘੇਲ ਸਿੰਘ ਨੇ ਮੁਗ਼ਲ ਸਮਰਾਟ ਨੂੰ ਸੰਦੇਸ਼ਾ ਭੇਜਿਆ ਕਿ ਅਸੀਂ ਦਿੱਲੀ ਪਹੁੰਚ ਗਏ ਹਾਂ। ਤੁਸੀਂ ਯੁੱਧ ਲਈ ਤਿਆਰ ਹੋ ਜਾਓ ਪਰ ਚੰਗਾ ਇਹ ਹੈ ਕਿ ਲੜਾਈ ਦੇ ਮੈਦਾਨ ਵਿਚ ਅਣਮੁੱਲੀਆਂ ਕੀਮਤੀ ਜਾਨਾਂ ਨਾ ਗੁਆਈਆਂ ਜਾਣ, ਇਸ ਲਈ ਠੀਕ ਨੀਤੀ ਅਪਨਾਉ। ਬਾਦਸ਼ਾਹ ਨੇ ਦਿੱਲੀ ਦੇ ਸਾਰੇ ਦਰਵਾਜ਼ੇ ਬੰਦ ਕਰ ਲਏ ਤੇ ਸ਼ਹਿਰ ਦੁਆਲੇ ਵੱਡੀ ਕੰਧ 'ਤੇ ਕਰੜਾ ਫੌਜੀ ਪਹਿਰਾ ਲਾ ਦਿੱਤਾ। ਸ. ਬਘੇਲ ਸਿੰਘ ਯੁੱਧ-ਨੀਤੀ ਦਾ ਮਾਹਿਰ ਸੀ, ਉਹਨੇ ਕਸ਼ਮੀਰੀ ਗੇਟ ਨੇੜੇ ਇਕ ਖੁੱਲ੍ਹੇ ਮੈਦਾਨ ਵਿਚ ਤੀਹ ਹਜ਼ਾਰ ਫੌਜ ਲਿਆ ਖੜ੍ਹੀ ਕੀਤੀ। ਉਸ ਸਮੇਂ ਤੋਂ ਇਸ ਮੈਦਾਨ ਦਾ ਨਾਮ ਤੀਸ ਹਜ਼ਾਰੀ ਪ੍ਰਚਲਤ ਹੋ ਗਿਆ। ਅੱਜ ਇਸੇ ਮੈਦਾਨ ਵਿਚ ਦੇਸ਼ ਦੀ ਸੁਤੰਤਰਤਾ ਪਿੱਛੋਂ ਕਚਹਿਰੀਆਂ ਬਣੀਆਂ ਹੋਈਆਂ ਹਨ। ਸ. ਬਘੇਲ ਸਿੰਘ ਨੇ ਫੌਜ ਨੂੰ ਆਦੇਸ਼ ਦਿੱਤਾ ਕਿ ਸਾਰੀ ਰਾਤ ਜੈਕਾਰੇ ਛੱਡੇ ਜਾਣ ਤਾਂ ਕਿ ਸ਼ਾਹੀ ਫੌਜ ਨੂੰ ਪਤਾ ਲੱਗੇ ਕਿ ਖਾਲਸਾ ਵਹੀਰ ਦਿੱਲੀ ਦੁਆਲੇ ਆਪਣਾ ਘੇਰਾ ਤੰਗ ਕਰ ਰਹੀ ਹੈ। ਅਖੀਰ ਮੌਕਾ ਵੇਖ ਕੇ ਇਕ ਥਾਂ ਕੰਧ ਪਾੜ ਕੇ ਖਾਲਸਾ ਫੌਜ ਦਿੱਲੀ ਸ਼ਹਿਰ ਵਿਚ ਦਾਖਲ ਹੋ ਗਈ। ਜਿਸ ਥਾਂ ਕੰਧ ਪਾੜੀ ਗਈ, ਅੱਜ ਉਸ ਨੂੰ ਮੋਰੀ ਗੇਟ ਆਖਦੇ ਹਨ। ਦਲ ਖਾਲਸਾ ਆਪਣੇ ਪੰਜ ਬਹਾਦਰ ਜਰਨੈਲਾਂ ਦੀ ਕਮਾਨ ਹੇਠ ਲਾਲ ਕਿਲ੍ਹੇ 'ਤੇ ਆ ਕਾਬਜ਼ ਹੋਇਆ। ਇਸ ਵੇਲੇ ਸ.ਬਘੇਲ ਸਿੰਘ ਨਾਲ ਸ. ਜੱਸਾ ਸਿੰਘ ਆਹਲੂਵਾਲੀਆ, ਸ. ਜੱਸਾ ਸਿੰਘ ਰਾਮਗੜ੍ਹੀਆ, ਸ. ਤਾਰਾ ਸਿੰਘ ਘੇਬਾ ਤੇ ਸ.ਮਹਾਂ ਸਿੰਘ ਸ਼ੁਕਰਚੱਕੀਆ ਦੀ ਅਗਵਾਈ ਵਿਚ ਲਾਲ ਕਿਲ੍ਹੇ 'ਤੇ ਕਬਜ਼ਾ ਕਰਦਿਆਂ ਖਾਲਸੇ ਦਾ ਕੇਸਰੀ ਝੰਡਾ ਲਹਿਰਾ ਦਿੱਤਾ। ਸਿੰਘ ਜਰਨੈਲਾਂ ਦੀ ਪੰਜ ਕੌਂਸਲੀ ਸ਼ਾਹੀ ਦਰਬਾਰ ਹਾਲ ਵਿਚ ਮੁਗ਼ਲ ਬਾਦਸ਼ਾਹ ਦੇ ਅਸਥਾਨ 'ਤੇ ਜਾ ਬਿਰਾਜੀ। ਇਸ ਵੇਲੇ ਖਾਲਸੇ ਨੇ ਬੜੇ ਉਚ-ਇਖ਼ਲਾਕ ਦਾ ਪ੍ਰਗਟਾਵਾ ਕਰਦਿਆਂ ਸ. ਬਘੇਲ ਸਿੰਘ ਦੇ ਆਦੇਸ਼ ਅਨੁਸਾਰ ਨਾ ਕਿਸੇ ਬੇਦੋਸ਼ੇ ਨੂੰ ਮੌਤ ਦੇ ਘਾਟ ਉਤਾਰਿਆ, ਨਾ ਸ਼ਾਹੀ ਘਰਾਣੇ ਦੀਆਂ ਬੇਗਮਾਂ ਦੀ ਬੇਪੱਤੀ ਕੀਤੀ। ਲਾਲ ਕਿਲ੍ਹੇ ਦੇ ਵਾਸੀਆਂ ਨੇ ਪਹਿਲੀ ਵਾਰ ਅਜਿਹੇ ਹਮਲਾਵਰ ਵੇਖੇ ਜਿਨ੍ਹਾਂ ਨਾ ਤਾਂ ਕਿਸੇ ਨੂੰ ਅਪਮਾਨਿਤ ਕੀਤਾ ਅਤੇ ਨਾ ਹੀ ਕਿਸੇ ਦਾ ਨੁਕਸਾਨ ਕੀਤਾ। ਇਤਿਹਾਸਕਾਰਾਂ ਨੇ ਸਿੱਖ ਲਸ਼ਕਰ ਦੇ ਸੂਰਬੀਰ ਸੰਤ-ਸਿਪਾਹੀ ਖਾਲਸੇ ਦਾ ਜੋ ਚਿੱਤਰ ਕਲਮਾਂ ਨਾਲ ਉਲੀਕਿਆ ਹੈ, ਉਹ ਰੌਂਗਟੇ ਖੜ੍ਹੇ ਕਰਨ ਵਾਲਾ ਹੈ। ਇਕ ਲੇਖਕ ਲਿਖਦਾ ਹੈ- "ਉਨ੍ਹਾਂ ਦੇ ਸਰੂ ਵਰਗੇ ਸਰੀਰਾਂ ਨੂੰ ਢੱਕ ਰਹੇ ਫੌਲਾਦੀ ਬਸਤਰਾਂ ਦੀ ਝਲਕ ਸਿਰਾਂ ਉਪਰ ਦੀ ਚਮਕ, ਹੱਥਾਂ ਵਿਚ ਧੂਹੀਆਂ ਹੋਈਆਂ ਲਹੂ ਪੀਣੀਆਂ ਤਿੱਖੀਆਂ ਤਲਵਾਰਾਂ ਦੀ ਚਮਕ-ਸੂਰਜ ਦੀਆਂ ਅੱਖੀਆਂ ਨੂੰ ਚੁਨ੍ਹਿਆ ਤੇ ਵੈਰੀ ਦਲਾਂ ਦੀਆਂ ਅੱਖਾਂ ਨੂੰ ਅੰਨ੍ਹਿਆ ਕਰ ਰਹੀਆਂ ਸਨ।"

ਇਸ ਸਮੇਂ ਜਰਨੈਲ ਸ.ਬਘੇਲ ਸਿੰਘ ਨੇ ਲਾਲ ਕਿਲ੍ਹੇ ਸਾਹਮਣੇ ਮੈਦਾਨ ਵਿਚ ਸਿੱਖ ਲਸ਼ਕਰ ਨੂੰ ਸੰਬੋਧਨ ਕਰਦਿਆਂ ਜੋ ਭਾਸ਼ਣ ਦਿੱਤਾ, ਉਸ ਨੂੰ ਵੀ ਲੇਖਕਾਂ ਨੇ ਇਨ੍ਹਾਂ ਸ਼ਬਦਾਂ ਵਿਚ ਅੰਕਿਤ ਕੀਤਾ ਹੈ-"ਸੂਰਬੀਰੋ! ਤੁਹਾਡੀਆਂ ਲਹੂ ਪੀਣੀਆਂ ਤਲਵਾਰਾਂ ਦੀ ਧਾਂਕ ਦੇਸ਼ ਦੇ ਕੋਨੇ-ਕੋਨੇ ਵਿਚ ਪਸਰ ਚੁੱਕੀ ਹੈ। ਤੁਹਾਡੀ ਬੇਨਜ਼ੀਰ ਬਹਾਦਰੀ ਦਾ ਲੋਹਾ ਆਪਣੇ ਪਰਾਇਆਂ ਨੇ ਇਕ-ਸਾਰ ਮੰਨ ਲਿਆ ਹੈ। ਸੱਜਣ, ਦੁਸ਼ਮਣ ਤੁਹਾਡੀ ਦਲੇਰੀ ਤੇ ਦ੍ਰਿੜ੍ਹਤਾ ਦਾ ਇਕ ਜ਼ਬਾਨ ਹੋ ਕੇ ਦਮ ਭਰ ਰਹੇ ਹਨ। ਬਹਾਦਰੋ! ਤੁਸੀਂ ਜਦ ਕਦੀ ਵੀ ਆਪਣੇ ਸੀਸ ਤਲੀਆਂ 'ਤੇ ਧਰ ਰਣ ਵਿਚ ਨਿੱਤਰ ਖਲੋਂਦੇ

ਹੋ, ਤੁਹਾਡੇ ਗਗਨ ਭੇਦੀ ਜੈਕਾਰੇ ਵੈਰੀ ਦਲ ਉਪਰ ਕਰੋੜਾਂ ਬਿਜਲੀਆਂ ਬਣ ਕੇ ਕੜਕਣ ਲੱਗ ਜਾਂਦੇ ਹਨ। ਤੁਹਾਡੀਆਂ ਲਹੂ ਭਰੀਆਂ ਤੇਗਾਂ ਦੇ ਤੋਲਵੇਂ ਵਾਰ ਦੁਸ਼ਟਾਂ ਨੂੰ ਧਰਤੀ ਦੇ ਖਾਰੇ ਉਪਰ ਬੈਠਾ ਕੇ ਰੱਤ ਦੇ ਕੁੰਗੂ ਦਾ ਇਸ਼ਨਾਨ ਕਰਵਾ ਦਿੰਦੇ। ਤੁਹਾਡਾ ਜੈਕਾਰਾ ਸੁਣਨ ਨਾਲ ਵੈਰੀ ਦਲ ਦੇ ਅੰਗ-ਅੰਗ ਵਿਚ ਝੋਲਾ ਛਿੜ ਜਾਂਦਾ ਹੈ ਤੇ ਉਨ੍ਹਾਂ ਦੇ ਹੱਥਾਂ ਵਿੱਚੋਂ ਹਥਿਆਰ ਇਉਂ ਕਿਰ ਪੈਂਦੇ ਹਨ, ਜਿਵੇਂ ਦੰਦ-ਬੋੜੇ ਸ਼ਿਕਾਰੀ ਦੇ ਮੂੰਹੋਂ ਸੈਹਾ ਤਿਲਕ ਜਾਂਦਾ ਹੈ।"

"ਸ਼ੇਰੋ! ਅੱਜ ਤੁਹਾਨੂੰ ਅਵਸਰ ਪ੍ਰਾਪਤ ਹੋਇਆ ਹੈ ਕਿ ਆਪਣੀ ਨਿਰਭੈਤਾ,ਸਾਬਤ-ਕਦਮੀ,ਬਹਾਦਰੀ ਤੇ ਮਰਦਾਨਗੀ ਦੇ ਗੁਣਾਂ ਦੁਆਰਾ ਆਪਣੀਆਂ ਬੇਮਿਸਾਲ ਬੀਰਤਾ ਭਰਪੂਰ ਪੰਥਕ ਰਵਾਇਤਾਂ ਅਤੇ ਲੜਨ-ਭਿੜਨ ਦੀਆਂ ਕੌਮੀ ਹਦਾਇਤਾਂ ਨੂੰ ਦੁਨੀਆਂ ਦੇ ਸਾਹਮਣੇ ਇਕ ਵਾਰ ਫਿਰ ਉਜਾਗਰ ਕਰ ਕੇ ਦੱਸ ਦਿਉ ਕਿ ਜਿਸ ਤਰ੍ਹਾਂ ਖਾਲਸਾ ਸ਼ਾਂਤਮਈ, ਸ਼ਸਤਰਧਾਰੀ ਆਪਣੀ ਆਤਮਿਕ ਸ਼ਕਤੀ ਸ਼ਹਿਨਸ਼ੀਲਤਾ ਦੇ ਜ਼ੌਹਰ ਵਿਖਾ ਕੇ ਦੁਨੀਆਂ ਨੂੰ ਚੱਕ੍ਰਿਤ ਕਰ ਸਕਦਾ ਹੈ। ਜਦ ਉਹ ਸਿਰੀ ਸਾਹਿਬ ਲੈ ਕੇ ਗੱਜਦਾ ਹੈ ਤਾਂ ਵੈਰੀ ਦਲਾਂ ਵਾਸਤੇ ਜ਼ਮੀਨ ਉਪਰ ਚੱਲਣਾ ਭਾਰੂ ਕਰ ਦਿੰਦਾ ਹੈ। ਬਲਵਾਨ ਤੋਂ ਬਲਵਾਨ ਯੋਧੇ ਤੇ ਖੂਨੀ ਵੈਰੀ ਖਾਲਸੇ ਦੀ ਚੜ੍ਹਾਈ ਦੀ ਸੋਅ ਸੁਣ ਕੇ ਹੀ ਤੀਰ ਹੋ ਜਾਂਦੇ ਹਨ, ਖੌਫ ਤੇ ਹਿਰਾਸ ਦੇ ਮਾਰੇ ਉਨ੍ਹਾਂ ਦੀ ਹੌਂਕਣੀ ਛਿੜ ਪੈਂਦੀ ਹੈ। ਉਹ ਜਿਉਂਦੇ-ਜੀਅ ਹੀ ਆਪਣੇ ਆਪ ਨੂੰ ਕਬਰਾਂ ਥੱਲੇ ਵੱਸ ਰਹੀ ਚੁੱਪ ਨਗਰੀ ਦੇ ਵਾਸੀ ਸਮਝਣ ਲੱਗ ਪੈਂਦੇ ਹਨ। ਔਹ ਵੇਖੋ! ਵੈਰੀ ਦਲ ਤੁਹਾਡੇ ਸਾਹਮਣੇ ਖੜ੍ਹਾ ਹੈ, ਹੁਣ ਨੱਠ-ਭੱਜ ਕੇ ਜਾਨਾਂ ਬਚਾਉਣੀਆਂ ਚਾਹੁੰਦਾ ਹੈ। ਅਕਾਲ ਪੁਰਖ ਤੁਹਾਡਾ ਰਾਖਾ ਤੇ ਸਹਾਈ ਹੈ।"

ਲਾਲ ਕਿਲ੍ਹੇ 'ਤੇ ਕਬਜ਼ਾ ਕੀਤਿਆਂ ਕੁਝ ਹਫਤੇ ਹੀ ਬੀਤੇ ਸਨ ਕਿ ਇਕ ਦਿਨ ਕੁਝ ਸਿੰਘ ਜਮਨਾ ਦਰਿਆ ਦੇ ਕੰਢੇ-ਕੰਢੇ ਸੈਰ ਕਰਦੇ ਤੇ ਇਸ਼ਨਾਨ ਕਰਦਿਆਂ ਨੇ ਇਕ ਡੋਲਾ ਜਾਂਦਾ ਵੇਖਿਆ, ਜਿਸ ਨੂੰ ਚਾਰ ਮੁਸਲਮਾਨ ਕਹਾਰ ਚੁੱਕੀ ਲਿਜਾ ਰਹੇ ਸਨ। ਸਿੰਘਾਂ ਨੇ ਉਨ੍ਹਾਂ ਨੂੰ ਲਲਕਾਰਿਆ ਤੇ ਉਹ ਕਹਾਰ ਡੋਲਾ ਛੱਡ ਕੇ ਦੌੜ ਗਏ। ਸਿੰਘਾਂ ਨੂੰ ਸ਼ੱਕ ਪੈ ਗਿਆ ਕਿ ਇਹ ਵੀ ਕੋਈ ਕਾਮ ਮਾਰਿਆ ਹਾਕਮ ਹਿੰਦੂਆਂ ਦੀ ਲੜਕੀ ਨੂੰ ਜਬਰਦਸਤੀ ਲਿਜਾ ਰਿਹਾ ਹੈ।ਸਿੰਘਾਂ ਨੇ ਜ਼ਨਾਨਾ ਸਵਾਰੀ ਨੂੰ ਪੁੱਛਿਆ ਕਿ ਉਹ ਕੌਣ ਹੈ? ਡੋਲੇ ਵਿੱਚੋਂ ਜ਼ਨਾਨਾ ਸਵਾਰੀ ਨੇ ਉੱਤਰ ਦਿੱਤਾ ਕਿ ਉਹ ਸਰਧਨਾ ਜਾਗੀਰ ਦੇ ਫਰਾਂਸੀਸੀ ਨਵਾਬ ਸਮਰੂ ਦੀ ਬੇਗਮ ਹੈ। ਉਹ ਦਿੱਲੀ ਆਈ ਸੀ ਪਰ ਅੱਗੇ ਦਿੱਲੀ ਵਿਚ ਭਾਜੜ ਪਈ ਵੇਖ ਕੇ ਵਾਪਸ ਜਾਣ ਲੱਗੀ ਏ, ਹੁਣ ਇਥੇ ਉਹਦੀ ਜਾਨ 'ਤੇ ਇਹ ਨਵਾਂ ਪੁਆੜਾ ਆ ਪਿਆ ਹੈ। ਸਿੰਘਾਂ ਨੇ ਘੋੜੇ ਭਜਾ ਕੇ ਉਨ੍ਹਾਂ ਕਹਾਰਾਂ ਨੂੰ ਜਾ ਘੇਰਿਆ ਤੇ ਬੇਗਮ ਸਮਰੂ ਦੇ ਡੋਲੇ ਨੂੰ ਸਰਧਨਾ ਭੇਜਿਆ। ਰਾਖੀ ਲਈ ਕੁਝ ਘੋੜ-ਸਵਾਰ ਨਾਲ ਗਏ। ਜਦੋਂ ਉਥੋਂ ਮੁੜਨ ਲੱਗੇ ਤਾਂ ਬੇਗਮ ਸਮਰੂ ਨੇ ਪੁੱਛਿਆ ਕਿ ਤੁਸੀਂ ਆਪਣੇ ਬਾਰੇ ਤਾਂ ਕੁਝ ਦੱਸ ਕੇ ਨਹੀਂ ਚੱਲੇ। ਉਨ੍ਹਾਂ ਦੱਸਿਆ ਕਿ ਅਸੀਂ ਸ. ਬਘੇਲ ਸਿੰਘ ਦੇ ਜਥੇ ਦੇ ਸਿੰਘ ਹਾਂ, ਜੋ ਅਬਲਾ ਤੇ ਦੁਖੀ ਮਨੁੱਖਾਂ ਦੀ ਮੱਦਦ ਕਰਦੇ ਹਾਂ। ਸਿੰਘਾਂ ਦੇ ਵਤੀਰੇ ਤੋਂ ਉਹ ਬੜੀ ਪ੍ਰਭਾਵਿਤ ਹੋਈ। ਉਸ ਸੋਚਿਆ ਕਿ ਇਹ ਤਾਂ ਖੁਦਾਈ ਫਰਿਸ਼ਤੇ ਹਨ। ਸਿੱਖਾਂ ਦੀ ਇਖ਼ਲਾਕੀ ਵਿਸ਼ੇਸ਼ਤਾ ਦਾ ਉਸ 'ਤੇ ਡੂੰਘਾ ਪ੍ਰਭਾਵ ਪਿਆ। ਉਹਦੇ ਮਨ ਵਿਚ ਇਨ੍ਹਾਂ ਸਿੰਘਾਂ ਦੇ ਜਰਨੈਲ ਸ.ਬਘੇਲ਼ ਸਿੰਘ ਨੂੰ ਮਿਲਣ ਦੀ ਇੱਛਾ ਪੈਦਾ ਹੋਈ। ਉਹਨੇ ਇਹਨਾਂ ਸਿੰਘ ਜੁਆਨਾਂ ਰਾਹੀਂ ਸ.ਬਘੇਲ ਸਿੰਘ ਨੂੰ ਸਲਾਮ ਭੇਜਿਆ ਅਤੇ ਮੁਲਾਕਾਤ ਦੀ ਇੱਛਾ ਪ੍ਰਗਟ ਕੀਤੀ। ਕੁਝ ਦਿਨਾਂ ਪਿੱਛੋਂ ਉਹ ਦਿੱਲੀ ਆ ਕੇ ਸ.ਬਘੇਲ ਸਿੰਘ ਨੂੰ ਮਿਲੀ। ੧੦ ਹਜ਼ਾਰ ਰੁਪਏ ਤੇ ੧੦ ਵਧੀਆ ਘੋੜੇ ਨਜ਼ਰਾਨੇ ਵਜੋਂ ਪੇਸ਼ ਕੀਤੇ। ਇਸ ਸਮੇਂ ਉਹਨੇ ਸਿੰਘਾਂ ਦੇ ਆਚਰਨ ਦੀ ਅਜਿਹੀ ਉਸਤਤ ਕੀਤੀ ਕਿ ਉਹ ਦੋਵੇਂ ਇਕ-ਦੂਜੇ ਦੇ ਧਰਮ ਦੇ ਭੈਣ-ਭਰਾ ਬਣ ਗਏ। ਸ਼ਾਹ ਆਲਮ ਸਾਨੀ ਲਾਲ ਕਿਲ੍ਹੇ ਦੇ ਚੋਰ ਦਰਵਾਜ਼ੇ ਰਾਹੀਂ ਬਾਹਰ ਨਿਕਲ ਗਿਆ ਅਤੇ ਕਿਲ੍ਹੇ ਤੋਂ ਬਾਹਰ ਜਿਹੜੇ ਉਹਦੇ ਵਜ਼ੀਰ ਤੇ ਸਿਆਣੇ ਬੰਦੇ ਸਨ, ਉਨ੍ਹਾਂ ਨੂੰ ਇਕੱਠੇ ਕਰ ਕੇ ਇਹ ਸੋਚਣਾ ਸ਼ੁਰੂ ਕੀਤਾ ਕਿ ਕਿਵੇਂ ਸਿੰਘਾਂ ਤੋਂ ਰਾਜ ਵਾਪਸ ਲਿਆ ਜਾਏ। ਲੜ ਕੇ ਤਾਂ ਲਾਲ ਕਿਲ੍ਹਾ ਖਾਲੀ ਨਹੀਂ ਕਰਵਾਇਆ ਜਾ ਸਕਦਾ। ਮੁਨਸ਼ੀ ਰਾਮ ਦਿਆਲ ਨੇ ਸਲਾਹ ਦਿੱਤੀ ਕਿ ਸਿੰਘਾਂ ਪਾਸੋਂ ਜੋ ਕੰਮ ਲੜ ਕੇ ਨਾ ਹੋ ਸਕਦਾ ਹੋਵੇ, ਉਹ ਕੰਮ ਇਨ੍ਹਾਂ ਕੋਲੋਂ ਮਿੰਨਤ ਤੇ ਮਿੱਤਰਤਾਈ ਭਾਵ ਰਾਹੀਂ ਲਿਆ ਜਾ ਸਕਦਾ ਹੈ। ਮੁਨਸ਼ੀ ਦਿਆਲ ਨੇ ਇਹ ਵੀ ਰਾਇ ਦਿੱਤੀ ਕਿ ਬੇਗਮ ਸਮਰੂ ਉਨ੍ਹਾਂ ਦੀ ਧਰਮ ਭੈਣ ਬਣੀ ਹੋਈ ਹੈ, ਉਸ ਰਾਹੀਂ ਗੱਲਬਾਤ ਸ਼ੁਰੂ ਕੀਤੀ ਜਾਏ ਤਾਂ ਸਫਲ ਹੋ ਸਕਦੇ ਹਾਂ। ਇਸ ਤਰ੍ਹਾਂ ਮੁਨਸ਼ੀ ਰਾਮ ਦਿਆਲ ਬੇਗਮ ਸਮਰੂ ਸਮੇਤ ਇਕ ਵਫਦ ਨੂੰ ਨਾਲ ਲੈ ਕੇ

ਸ. ਬਘੇਲ ਸਿੰਘ ਨੂੰ ਮਿਲਿਆ ਅਤੇ ਸਮਝੌਤੇ ਲਈ ਰਾਹ ਪੱਧਰਾ ਕੀਤਾ। ਅਖੀਰ ਫੈਸਲਾ ਹੋਇਆ ਕਿ ਸ਼ਹਿਨਸ਼ਾਹ ਸਿੰਘਾਂ ਦੀ ਸਰਦਾਰੀ ਮੰਨੇਗਾ ਅਤੇ ਸਬਜ਼ੀ ਮੰਡੀ ਦਾ ਖੇਤਰ ਕੁਝ ਮੀਲਾਂ ਤਕ ਸ. ਬਘੇਲ ਸਿੰਘ ਅਧੀਨ ਰਹੇਗਾ ਤੇ ਇਸ ਖੇਤਰ ਦਾ ਸਾਰਾ ਮਾਲੀਆ ਤੇ ਕਰ ਸ.ਬਘੇਲ ਸਿੰਘ ਨੂੰ ਮਿਲੇਗਾ। ਜਰਨੈਲ ਸ. ਬਘੇਲ ਸਿੰਘ ਦੀ ਫ਼ੌਜ ਦੇ ਇਕ ਹਜ਼ਾਰ ਜਵਾਨਾਂ ਦਾ ਖਰਚਾ ਸ਼ਾਹ ਆਲਮ ਸ਼ਾਹੀ ਖਜ਼ਾਨੇ ਵਿੱਚੋਂ ਦੇਵੇਗਾ। ਸ.ਬਘੇਲ ਸਿੰਘ ਨੇ ਇਸ ਸੰਧੀ ਵਿਚ ਇਕ ਧਾਰਾ ਹੋਰ ਵਧਾਈ ਕਿ ਦਿੱਲੀ ਵਿਚ ਸਿੱਖ ਗੁਰੂ ਸਾਹਿਬਾਨ ਨਾਲ ਸੰਬੰਧਿਤ, ਜੋ ਇਤਿਹਾਸਕ ਅਸਥਾਨ ਹਨ, ਉਨ੍ਹਾਂ ਦੀ ਉਸਾਰੀ ਵਿਚ ਸਰਕਾਰ ਮੱਦਦ ਕਰੇਗੀ ਤੇ ਸ.ਬਘੇਲ ਸਿੰਘ ਨੂੰ ਇਹ ਯਾਦਗਾਰਾਂ ਉਸਾਰਨ ਦਾ ਅਧਿਕਾਰ ਹੋਏਗਾ। ਇਸ ਸੰਧੀ ਪਿੱਛੋਂ ਸਿੱਖ ਸਰਦਾਰਾਂ ਨੇ ਫੈਸਲਾ ਕੀਤਾ ਕਿ ਸ.ਬਘੇਲ ਸਿੰਘ ਦਿੱਲੀ ਰਹੇ ਤੇ ਬਾਕੀ ਸਾਰੇ ਪੰਜਾਬ ਪਰਤ ਜਾਣ। ਇਉਂ ਦਿੱਲੀ 'ਤੇ ਕਬਜ਼ਾ ਕਰ ਕੇ ਸਿੰਘਾਂ ਦੀ ਵਹੀਰ ਫਿਰ ਦਿੱਲੀ ਛੱਡ ਕੇ ਪੰਜਾਬ ਚਲੀ ਗਈ। ਸ. ਬਘੇਲ ਸਿੰਘ ਸਮਝਦਾ ਸੀ ਕਿ ਜੇ ਜਥੇ ਵਾਪਸ ਚਲੇ ਗਏ ਤਾਂ ਦਿੱਲੀ 'ਤੇ ਕਬਜ਼ਾ ਰੱਖਣਾ ਔਖਾ ਹੋਵੇਗਾ, ਇਸ ਲਈ ਉਸ ਦੀ ਇੱਛਾ ਸੀ ਕਿ ਜਥਿਆਂ ਦੇ ਤੁਰਨ ਤੋਂ ਪਹਿਲਾਂ ਕੋਈ ਬਾਇੱਜ਼ਤ ਸਮਝੌਤਾ ਹੋ ਜਾਏ। ਦੂਜਾ ਕਾਰਨ ਇਹ ਸੀ ਖਾਲਸੇ ਪਾਸ ਰਾਜ-ਪ੍ਰਬੰਧ ਚਲਾਉਣ ਵਾਲੀ ਮਸ਼ੀਨਰੀ ਬਹੁਤ ਸੁਘੜ ਸਿਆਣੀ ਨਹੀਂ ਸੀ। ਲੋਕਾਂ ਦੀਆਂ ਨਿੱਤ ਉਠਦੀਆਂ ਸਮੱਸਿਆਵਾਂ ਤੇ ਲੋੜਾਂ ਪੂਰੀਆਂ ਕਰਨ ਲਈ ਪ੍ਰਬੰਧਕ-ਵਰਗ ਨਹੀਂ ਸੀ, ਇਸ ਲਈ ਸਮਝੌਤਾ ਕਰਨਾ ਹੀ ਸਮੇਂ ਦੀ ਲੋੜ ਬਣ ਗਈ। ਸ਼ਰਤਾਂ ਮੰਨ ਕੇ ਸ. ਬਘੇਲ ਸਿੰਘ ਨੇ ਸਿੰਘਾਂ ਤੇ ਸਾਰੇ ਜਥੇਦਾਰਾਂ ਤੋਂ ਪ੍ਰਵਾਨਗੀ ਲੈ ਲਈ।

ਜਥੇਦਾਰ ਸ.ਬਘੇਲ ਸਿੰਘ ਨੇ ਤੁਰੰਤ ਦਿੱਲੀ ਦੇ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀਆਂ ਥਾਵਾਂ 'ਤੇ ਕਮਰੇ ਬਣਾ ਕੇ ਯਾਦਗਾਰਾਂ ਸਥਾਪਿਤ ਕਰ ਦਿੱਤੀਆਂ। ਜੇ ਸਮਝੌਤਾ ਨਾ ਹੁੰਦਾ ਤਾਂ ਇਨ੍ਹਾਂ ਇਤਿਹਾਸਕ ਅਸਥਾਨਾਂ 'ਤੇ ਗੁਰਦੁਆਰਾ ਸਾਹਿਬਾਨ ਬਣਾਉਣ ਵਿਚ ਚੋਖੀਆਂ ਰੁਕਾਵਟਾਂ ਆਉਣੀਆਂ ਸਨ। ਸ਼ਾਹ ਆਲਮ ਸਾਨੀ ਨੇ ਰਾਇਸੀਨਾ ਤੇ ਰਕਾਬ ਗੰਜ ਖੇਤਰ ਦੀ ਬਾਰਾਂ ਸੌ ਏਕੜ ਜ਼ਮੀਨ ਸ.ਬਘੇਲ ਸਿੰਘ ਨੂੰ ਨਜ਼ਰਾਨੇ ਵਜੋਂ ਭੇਟ ਕੀਤੀ। ਸ਼ਾਹ ਆਲਮ ਸਾਨੀ ਦੇ ਦਸਤਖਤਾਂ ਵਾਲਾ ਫ਼ਾਰਸੀ ਵਿਚ ਲਿਖਿਆ ਇਕਰਾਰਨਾਮਾ ਅੱਜ ਵੀ ਦਿੱਲੀ ਦੇ ਨੈਸ਼ਨਲ ਆਰਕਾਈਵ ਵਿਚ ਸੁਰੱਖਿਅਤ ਪਿਆ ਹੈ। ਸ. ਬਘੇਲ ਸਿੰਘ ਦੇ ਅਕਾਲ ਚਲਾਣੇ ਪਿੱਛੋਂ ਸ. ਜੋਧ ਸਿੰਘ ਮਿਸਲ ਦਾ ਜਰਨੈਲ ਬਣਿਆ ਤੇ ਫਿਰ ਜਗਾਧਰੀ ਨੇੜੇ ਛਛਰੋਲੀ ਵਿਚ ਇਨ੍ਹਾਂ ਦੀ ਰਾਜਧਾਨੀ ਬਣੀ। ■

## ਪਾਠਕਾਂ ਦੇ ਧਿਆਨ ਯੋਗ

ਆਪ ਜੀ ਦਾ ਹਰਮਨ ਪਿਆਰਾ ਮਾਸਿਕ ਪਰਚਾ 'ਗੁਰਦੁਆਰਾ ਗਜ਼ਟ' ਨਿਰੰਤਰ ਆਪ ਦੀ ਸੇਵਾ ਵਿਚ ਭੇਜਿਆ ਜਾ ਰਿਹਾ ਹੈ। ਵਧੀਆ ਕਾਗਜ਼ ਤੇ ਰੰਗਦਾਰ ਛਪਾਈ ਕਾਰਨ ਇਸ 'ਤੇ ਕਾਫ਼ੀ ਖਰਚ ਆਉਂਦਾ ਹੈ। ਇਹ ਸਭ ਆਪ ਜੀ ਵੱਲੋਂ ਭੇਜੀ ਜਾਣ ਵਾਲੀ ਯਥਾ-ਸ਼ਕਤਿ ਮਾਇਆ ਨਾਲ ਹੀ ਸੰਭਵ ਹੈ। ਜਿਨ੍ਹਾਂ ਪਾਠਕ ਵੀਰਾਂ ਦੀ ਸਾਲਾਨਾ ਸਹਾਇਤਾ (ਮਾਇਆ) ਸਮਾਪਤ ਹੋ ਚੁੱਕੀ ਹੈ, ਉਨ੍ਹਾਂ ਨੂੰ ਸਨਿਮਰ ਬੇਨਤੀ ਹੈ ਕਿ ਸਹਾਇਤਾ ਭੇਜਣ/ਜਮ੍ਹਾਂ ਕਰਾਉਣ ਦੀ ਖੇਚਲ ਕਰਨ।

*ਸਹਾਇਤਾ ਬੈਂਕ ਡਰਾਫਟ ਜਾਂ ਮਨੀਆਰਡਰ ਰਾਹੀਂ **ਸਕੱਤਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ** ਦੇ ਪਤੇ 'ਪੁਰ ਭੇਜੀ ਜਾ ਸਕਦੀ ਹੈ। ਇਸ ਤੋਂ ਇਲਾਵਾ ਦਫ਼ਤਰ ਵਿਖੇ ਖ਼ਜ਼ਾਨਚੀ ਅਤੇ ਸ੍ਰੀ ਦਰਬਾਰ ਸਾਹਿਬ ਦੇ ਗੁਰਮਤਿ ਲਿਟਰੇਚਰ ਹਾਊਸ 'ਤੇ ਨਕਦ ਵੀ ਜਮ੍ਹਾਂ ਕਰਵਾਈ ਜਾ ਸਕਦੀ ਹੈ। **-ਸੰਪਾਦਕ**

# ਭਾਈ ਸੁਬੇਗ ਸਿੰਘ-ਭਾਈ ਸ਼ਾਹਬਾਜ਼ ਸਿੰਘ

-ਡਾ. ਹਰਬੰਸ ਸਿੰਘ*

ਭਾਈ ਤਾਰੂ ਸਿੰਘ ਦੀ ਖੋਪਰੀ ਉਤਾਰੀ ਜਾ ਚੁੱਕੀ ਸੀ, ਪਰ ਅਜੇ ਉਨ੍ਹਾਂ ਦੇ ਸੁਆਸ ਬਾਕੀ ਸਨ। ਇਤਿਹਾਸ ਵਿਚ ਜ਼ਿਕਰ ਆਉਂਦਾ ਹੈ ਕਿ ਜ਼ਕਰੀਆ ਖਾਂ ਦਾ ਪਿਸ਼ਾਬ ਬੰਦ ਹੋ ਗਿਆ। ਜਦੋਂ ਭਾਈ ਤਾਰੂ ਸਿੰਘ ਦੀ ਜੁੱਤੀ ਜ਼ਕਰੀਆ ਖਾਂ ਦੇ ਸਿਰ ਉੱਪਰ ਮਾਰੀ ਗਈ ਤਾਂ ਉਸ ਨੂੰ ਇਸ ਤਕਲੀਫ ਤੋਂ ਰਾਹਤ ਮਿਲ ਗਈ। 'ਪ੍ਰਾਚੀਨ ਪੰਥ ਪ੍ਰਕਾਸ਼' ਦੇ ਕਰਤਾ ਭਾਈ ਰਤਨ ਸਿੰਘ (ਭੰਗੂ) ਨੇ ਭਾਈ ਸੁਬੇਗ ਸਿੰਘ ਦੇ ਇਸ ਮਿਸ਼ਨ ਦਾ ਜ਼ਿਕਰ ਵੀ ਆਪਣੀ ਰਚਨਾ ਵਿਚ ਬੜੇ ਵਿਸਥਾਰ ਨਾਲ ਕੀਤਾ ਹੈ। ਖੋਪਰੀ ਉਤਰ ਜਾਣ ਤੋਂ ਬਾਅਦ ਜਿਸ ਦਿਨ ਭਾਈ ਤਾਰੂ ਸਿੰਘ ਨੇ ਆਪਣੇ ਸੁਆਸ ਤਿਆਗੇ, ਉਸੇ ਦਿਨ ਜ਼ਕਰੀਆ ਖਾਂ ਦੀ ਵੀ ਮੌਤ ਹੋ ਗਈ।

ਜ਼ਕਰੀਆ ਖਾਂ ਦੀ ਮੌਤ ਮਗਰੋਂ (੧੭੪੫ ਈ: ਵਿਚ) ਉਸ ਦਾ ਪੁੱਤਰ ਯਹੀਆ ਖਾਂ ਲਾਹੌਰ ਦਾ ਸੂਬੇਦਾਰ ਬਣਿਆ। ਉਹ ਵੀ ਆਪਣੇ ਪਿਤਾ ਜ਼ਕਰੀਆ ਖਾਂ ਅਤੇ ਦਾਦੇ ਅਬਦੁਸ-ਸਮਦ ਖਾਂ ਵਾਂਗ ਬੜਾ ਜ਼ਾਲਮ ਅਤੇ ਨਿਰਦਈ ਸੀ। ਉਸ ਨੇ ਆਪਣਾ ਦਬਦਬਾ ਬਣਾਈ ਰੱਖਣ ਵਾਸਤੇ ਸਿੱਖਾਂ ਵਿਰੁੱਧ ਫਿਰ ਸਖ਼ਤੀਆਂ ਦਾ ਦੌਰ ਸ਼ੁਰੂ ਕਰ ਦਿੱਤਾ। ਭਾਈ ਸੁਬੇਗ ਸਿੰਘ ਦਾ ਪੁੱਤਰ ਭਾਈ ਸ਼ਾਹਬਾਜ਼ ਸਿੰਘ ਵੀ ਆਪਣੇ ਪਿਤਾ ਵਾਂਗ ਚੰਗਾ ਪੜ੍ਹਿਆ-ਲਿਖਿਆ, ਸਿਆਣਾ ਅਤੇ ਹੋਣਹਾਰ ਨੌਜਵਾਨ ਸੀ। ਉਸ ਨੇ ਅਰਬੀ ਤੇ ਫ਼ਾਰਸੀ ਦੀ ਸਿੱਖਿਆ ਨਗਰ ਦੇ ਮੌਲਵੀ ਤੇ ਵਿਦਵਾਨ ਮੁਸਲਮਾਨ ਪਾਸੋਂ ਹਾਸਲ ਕੀਤੀ ਸੀ। ਭਗਤ ਲਕਸ਼ਮਣ ਸਿੰਘ ਦੀ ਪੁਸਤਕ (ਦੀ ਸਿੱਖ ਮਾਰਟੇਅਰ) ਅਨੁਸਾਰ ਉਹ ਬੇਹੱਦ ਖ਼ੂਬਸੂਰਤ, ਹਸਮੁਖ, ਉਤਸ਼ਾਹੀ, ਰੋਸ਼ਨ ਦਿਮਾਗ ਤੇ ਚੜ੍ਹਦੀ ਕਲਾ ਵਾਲਾ ਗੱਭਰੂ ਸੀ। ਉਸ ਦੀ ਸੁੰਦਰ ਦਿੱਖ ਅਤੇ ਯੋਗਤਾ ਤੋਂ ਮੌਲਵੀ ਇਤਨਾ ਪ੍ਰਭਾਵਿਤ ਸੀ ਕਿ ਉਹ ਚਾਹੁੰਦਾ ਸੀ ਕਿ ਕਿਸੇ ਤਰ੍ਹਾਂ ਇਸ ਨੌਜਵਾਨ ਨੂੰ ਇਸਲਾਮ ਦੇ ਦਾਇਰੇ ਵਿਚ ਲੈ ਆਂਦਾ ਜਾਏ।

ਇਹ ਵੀ ਜ਼ਿਕਰ ਆਉਂਦਾ ਹੈ ਕਿ ਭਾਈ ਸ਼ਾਹਬਾਜ਼ ਸਿੰਘ ਦੇ ਮੁਸਲਮਾਨ ਬਣ ਜਾਣ ਤੋਂ ਬਾਅਦ ਉਹ ਆਪਣੀ ਧੀ ਦਾ ਇਸ ਨਾਲ ਵਿਆਹ ਕਰ ਕੇ ਇਸ ਨੂੰ ਆਪਣਾ ਦਾਮਾਦ ਬਣਾਉਣ ਦਾ ਵਿਚਾਰ ਰੱਖਦਾ ਸੀ। ਮੌਲਵੀ ਨੇ ਇਸਲਾਮ ਗ੍ਰਹਿਣ ਕਰਨ ਵਾਲੀ ਪੇਸ਼ਕਸ਼ ਭਾਈ ਸ਼ਾਹਬਾਜ਼ ਸਿੰਘ ਅੱਗੇ ਰੱਖੀ। ਮੌਲਵੀ ਦੀ ਗੱਲ ਸੁਣ ਕੇ ਭਾਈ ਸ਼ਾਹਬਾਜ਼ ਸਿੰਘ ਨੇ ਸਾਫ ਕਹਿ ਦਿੱਤਾ ਕਿ:

ਜੈਸੇ ਤੁਮੈ ਦੀਨ ਹੈ ਪਜਾਰਾ।
ਤੈਸੇ ਹੀ ਹੈ ਧਰਮ ਹਮਾਰਾ। (ਸ੍ਰੀ ਗੁਰ ਪੰਥ ਪ੍ਰਕਾਸ਼)

ਮੌਲਵੀ ਨੇ ਭਾਈ ਸ਼ਾਹਬਾਜ਼ ਸਿੰਘ ਨੂੰ ਕਈ ਪ੍ਰਕਾਰ ਦੇ ਲਾਲਚ ਅਤੇ ਜ਼ਰਜ਼ਮੀਨ ਦੇਣ ਦੀ ਵੀ ਗੱਲ ਕੀਤੀ। ਜਦੋਂ ਨੌਜਵਾਨ ਨੇ ਇਨ੍ਹਾਂ ਗੱਲਾਂ ਨੂੰ ਵੀ ਠੁਕਰਾ ਦਿੱਤਾ ਤਾਂ ਮਸਲਾ ਕਾਜ਼ੀ ਦੀ ਕਚਹਿਰੀ ਵਿਚ ਲਿਆਂਦਾ ਗਿਆ। ਕਿਹਾ ਇਹ ਗਿਆ ਕਿ ਇਸ ਨੌਜਵਾਨ ਨੇ ਇਸਲਾਮ ਵਿਰੁੱਧ ਬੜੇ ਅਪਮਾਨਜਨਕ ਸ਼ਬਦ ਵਰਤ ਕੇ ਸਾਡੇ ਧਰਮ ਦੀ ਤੌਹੀਨ ਕੀਤੀ ਹੈ। ਕਾਜ਼ੀ ਨੇ ਇਹ ਗੱਲ ਨਵਾਬ ਯਹੀਆ ਖਾਂ ਤਕ ਪਹੁੰਚਾ ਦਿੱਤੀ।

ਨਵਾਬ ਨੇ ਤਫਤੀਸ਼ ਕਰਨ ਦੇ ਬਹਾਨੇ ਪਿਤਾ ਤੇ ਪੁੱਤਰ (ਭਾਈ ਸੁਬੇਗ ਸਿੰਘ ਅਤੇ ਭਾਈ ਸ਼ਾਹਬਾਜ਼ ਸਿੰਘ) ਨੂੰ ਉਨ੍ਹਾਂ ਦੇ ਪਿੰਡ ਜੰਬਰੋਂ ਲਾਹੌਰ ਬੁਲਵਾ ਲਿਆ। ਯਹੀਆ ਖਾਂ ਨੇ ਸ. ਸੁਬੇਗ ਸਿੰਘ ਦੀਆਂ ਲਾਹੌਰ ਦਰਬਾਰ ਪ੍ਰਤੀ ਸੇਵਾਵਾਂ ਨੂੰ ਅਸਲੋਂ ਨਜ਼ਰ-ਅੰਦਾਜ਼ ਕਰਦੇ ਹੋਏ ਮੌਲਵੀ ਅਤੇ ਕਾਜ਼ੀ ਦੀ ਗੱਲ ਨੂੰ ਸਹੀ ਠਹਿਰਾਉਂਦਿਆਂ ਦੋਹਾਂ ਨੂੰ ਕਿਹਾ ਕਿ ਜਾਂ ਤਾਂ ਜ਼ਰ-ਜ਼ਮੀਨ ਲੈ ਕੇ ਇਸਲਾਮ ਕਬੂਲ ਕਰ ਲਓ ਨਹੀਂ ਤਾਂ ਮਰਨ ਲਈ ਤਿਆਰ ਹੋ ਜਾਓ। ਸ. ਰਤਨ ਸਿੰਘ (ਭੰਗੂ) ਲਿਖਦੇ ਹਨ: (ਬਾਕੀ ਪੰਨਾ ੨੨ 'ਤੇ)

*3C/38, 2nd Floor, New Rohtak Road, Karol Bagh, New Delhi.



ਕੈਨੇਡਾ ਦੇ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਆਪਣੇ ਪਰਿਵਾਰ ਸਮੇਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਣ ਸਮੇਂ।



ਜਸਟਿਨ ਟਰੂਡੋ ਆਪਣੇ ਪਰਿਵਾਰ ਸਮੇਤ ਲੰਗਰ ਗੁਰੂ ਰਾਮਦਾਸ ਜੀ ਵਿਖੇ ਪ੍ਰਸ਼ਾਦੇ ਵੇਲਣ ਦੀ ਸੇਵਾ ਕਰਦੇ ਹੋਏ।



ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਘੰਟਾ ਘਰ ਵਾਲੇ ਪ੍ਰਵੇਸ਼ ਦੁਆਰ ਦੀ ਡਿਉੜੀ ਦੇ ਗੁੰਬਦਾਂ ਉਪਰ ਸੋਨੇ ਦੇ ਪੱਤਰੇ ਲਗਾਉਣ ਦੀ ਆਰੰਭਤਾ ਸਮੇਂ ਗਿਆਨੀ ਗੁਰਬਚਨ ਸਿੰਘ, ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ, ਭਾਈ ਗੋਬਿੰਦ ਸਿੰਘ ਲੌਂਗੋਵਾਲ, ਬਾਬਾ ਕਸ਼ਮੀਰ ਸਿੰਘ ਭੂਰੀਵਾਲੇ, ਸ. ਗੁਰਬਚਨ ਸਿੰਘ ਕਰਮੂੰਵਾਲਾ ਤੇ ਹੋਰ।



ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਅਤੇ ਨੌਵੀਂ ਕੁਰੂਕਸ਼ੇਤਰ ਵਿਖੇ ਧਰਮ ਪ੍ਰਚਾਰ ਕਮੇਟੀ ਦੀ ਇਕੱਤਰਤਾ ਸਮੇਂ ਪ੍ਰਧਾਨਗੀ ਕਰਦੇ ਹੋਏ ਭਾਈ ਗੋਬਿੰਦ ਸਿੰਘ ਲੌਂਗੋਵਾਲ। ਉਨ੍ਹਾਂ ਨਾਲ ਸ. ਰਘੂਜੀਤ ਸਿੰਘ ਵਿਰਕ, ਭਾਈ ਅਜਾਇਬ ਸਿੰਘ ਅਭਿਆਸੀ, ਸ. ਅਵਤਾਰ ਸਿੰਘ ਵਣਵਾਲਾ, ਡਾ. ਰੂਪ ਸਿੰਘ ਅਤੇ ਹੋਰ।



ਕੇਂਦਰੀ ਸਿੱਖ ਅਜਾਇਬ ਘਰ ਵਿਖੇ ਸ਼੍ਰੋਮਣੀ ਰਾਗੀ ਭਾਈ ਹਰੀ ਸਿੰਘ ਤੇ ਉਸਤਾਦ ਭਾਈ ਜਸਵੰਤ ਸਿੰਘ ਕੁਲਾਰ ਦੀਆਂ ਤਸਵੀਰਾਂ ਤੋਂ ਪਰਦਾ ਹਟਾਉਂਦੇ ਹੋਏ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਤੇ ਹੋਰ। (10-02-2018)



ਜੂਨੀਅਰ ਮੀਤ ਪ੍ਰਧਾਨ ਸ. ਹਰਪਾਲ ਸਿੰਘ ਜੱਲ੍ਹਾ ਤੇ ਹਲਕਾ ਦੋਰਾਹਾ ਤੋਂ ਲੰਗਰ ਗੁਰੂ ਰਾਮਦਾਸ ਜੀ ਵਿਖੇ ਲੰਗਰ ਸੇਵਾ ਲਈ ਪੁੱਜੀਆਂ ਸੰਗਤਾਂ ਨੂੰ ਸਨਮਾਨਿਤ ਕਰਦੇ ਹੋਏ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਮਨਜੀਤ ਸਿੰਘ ਤੇ ਸ. ਅਵਤਾਰ ਸਿੰਘ ਸੈਂਪਲਾ, ਮੈਨੇਜਰ ਸ. ਸੁਲੱਖਣ ਸਿੰਘ ਭੰਗਾਲੀ ਤੇ ਹੋਰ।



ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਧਰਮ ਪ੍ਰਚਾਰ ਲਹਿਰ ਦੇ ਆਰੰਭਤਾ ਸਮਾਗਮ ਦੌਰਾਨ ਸੰਬੋਧਨ ਕਰਦੇ ਹੋਏ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਜਥੇਦਾਰ ਗਿਆਨੀ ਰਘਬੀਰ ਸਿੰਘ ਅਤੇ ਹੋਰ ਪ੍ਰਮੁੱਖ ਸ਼ਖ਼ਸੀਅਤਾਂ।



ਗੁਰਦੁਆਰਾ ਸ੍ਰੀ ਬੇਰ ਸਾਹਿਬ ਵਿਖੇ ਪ੍ਰਬੰਧਕੀ ਕੰਪਲੈਕਸ ਦੀ ਬਿਲਡਿੰਗ ਲਈ ਕਾਰ ਸੇਵਾ ਆਰੰਭ ਕਰਦੇ ਹੋਏ ਭਾਈ ਗੋਬਿੰਦ ਸਿੰਘ ਲੌਂਗੋਵਾਲ, ਬਾਬਾ ਨਰਿੰਦਰ ਸਿੰਘ, ਬਾਬਾ ਸੁਖਵਿੰਦਰ ਸਿੰਘ, ਸ. ਗੁਰਬਚਨ ਸਿੰਘ ਕਰਮੂੰਵਾਲਾ ਤੇ ਹੋਰ।



ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਸਾਲਾ ਪ੍ਰਕਾਸ਼ ਪੁਰਬ ਸਬੰਧੀ ਸ਼੍ਰੋਮਣੀ ਕਮੇਟੀ ਵੱਲੋਂ ਗਠਿਤ ਸਲਾਹਕਾਰ ਕਮੇਟੀ ਦੀ ਇਕੱਤਰਤਾ ਦੀ ਪ੍ਰਧਾਨਗੀ ਕਰਦੇ ਹੋਏ ਭਾਈ ਗੋਬਿੰਦ ਸਿੰਘ ਲੌਂਗੋਵਾਲ।



ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਵਿਖੇ ਹੋਈ ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਦੀ ਪ੍ਰਧਾਨਗੀ ਕਰਦੇ ਹੋਏ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਨਾਲ ਹਨ ਸ਼੍ਰੋਮਣੀ ਕਮੇਟੀ ਦੇ ਅਹੁਦੇਦਾਰ ਅਤੇ ਹੋਰ ਅਧਿਕਾਰੀ।



ਕੇਂਦਰੀ ਸਿੱਖ ਅਜਾਇਬ ਘਰ ਵਿਖੇ ਸਾਬਕਾ ਜਥੇਦਾਰ ਗਿਆਨੀ ਮੱਲ ਸਿੰਘ ਦੀ ਤਸਵੀਰ ਤੋਂ ਪਰਦਾ ਹਟਾਉਂਦੇ ਹੋਏ ਗਿਆਨੀ ਗੁਰਬਚਨ ਸਿੰਘ, ਗਿਆਨੀ ਜਗਤਾਰ ਸਿੰਘ, ਭਾਈ ਗੋਬਿੰਦ ਸਿੰਘ ਲੌਂਗੋਵਾਲ, ਬਾਬਾ ਹਰਨਾਮ ਸਿੰਘ ਖ਼ਾਲਸਾ ਤੇ ਹੋਰ। 28/02/2018



ਗੁਰਦੁਆਰਾ ਸ੍ਰੀ ਬਾਰਠ ਸਾਹਿਬ ਪਠਾਨਕੋਟ ਵਿਖੇ ਨਵੀਆਂ ਇਮਾਰਤਾਂ ਨੂੰ ਸੰਗਤ ਅਰਪਣ ਕਰਦੇ ਹੋਏ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਬਾਬਾ ਜਗਤਾਰ ਸਿੰਘ ਤਰਨ ਤਾਰਨ ਵਾਲੇ ਅਤੇ ਹੋਰ।



ਗੁਰਦੁਆਰਾ ਸ੍ਰੀ ਬਾਰਠ ਸਾਹਿਬ ਦੇ ਨਵੇਂ ਦਰਬਾਰ ਹਾਲ ਲਈ ਕਾਰ ਸੇਵਾ ਆਰੰਭ ਕਰਵਾਉਂਦੇ ਹੋਏ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਬਾਬਾ ਜਗਤਾਰ ਸਿੰਘ ਤਰਨ ਤਾਰਨ ਵਾਲੇ ਅਤੇ ਹੋਰ।



ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਣ ਪੁੱਜੇ ਕੈਨੇਡਾ ਦੇ ਕਿਊਬਿਕ ਸੂਬੇ ਦੇ ਮੈਂਬਰ ਪਾਰਲੀਮੈਂਟ ਅੰਜੂ ਢਿੱਲੋਂ ਨੂੰ ਸੂਚਨਾ ਕੇਂਦਰ ਵਿਖੇ ਸਨਮਾਨਿਤ ਕਰਦੇ ਹੋਏ ਸ. ਬਲਵਿੰਦਰ ਸਿੰਘ ਜੌੜਾਸਿੰਘਾ ਵਧੀਕ ਸਕੱਤਰ ਤੇ ਹੋਰ।



ਮਾਤਾ ਭਾਨੀ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਕਰਵਾਏ ਗਏ ਧਾਰਮਿਕ ਸਮਾਗਮ ਮੌਕੇ ਭਾਈ ਕੁਲਵਿੰਦਰ ਸਿੰਘ ਅਰਦਾਸ ਕਰਦੇ ਹੋਏ ਅਤੇ ਅਰਦਾਸ ਵਿਚ ਹਾਜ਼ਰ ਸ਼੍ਰੋਮਣੀ ਕਮੇਟੀ ਅਧਿਕਾਰੀ, ਕਰਮਚਾਰੀ ਤੇ ਸੰਗਤਾਂ।

(ਪੰਨਾ ੧੮ ਦਾ ਬਾਕੀ)

ਸੁਬੇਗ ਸਿੰਘ ਫੜ ਜੰਬਰੋਂ ਮੰਗਾਯਾ, ਤਿਸਕਾ ਬੇਟਾ ਸਾਥ ਫੜਾਯਾ।
ਕਹਜੋ ਨ੍ਵਾਬ ਤੁਮ ਆਵੋ ਦੀਨ, ਲੇਵੋ ਦਾਮ ਔ ਕਾਮ ਜ਼ਮੀਨ॥੭॥
ਨਹੀਂ ਤੌਂ ਮਰਨੋਂ ਕਰ ਮਨਜ਼ੂਰ, ਚੜ੍ਹੋ ਚਰਖ ਗਿਰ ਹੋਵੋ ਚੂਰ। (ਉਹੀ)

ਨਵਾਬ ਵੱਲੋਂ ਦਿੱਤੇ ਗਏ ਜ਼ਰ-ਜ਼ਮੀਨ ਦੇ ਲਾਲਚ ਅਤੇ ਡਰਾਵੇ ਤੋਂ ਬਾਅਦ ਭਾਈ ਸੁਬੇਗ ਸਿੰਘ ਦਾ ਉੱਤਰ ਸੀ ਕਿ ਅਸੀਂ ਥੋੜ੍ਹੇ ਜਿਹੇ ਲਾਲਚ ਕਰ ਕੇ ਆਪਣਾ ਅਮੋਲਕ ਧਰਮ ਤਿਆਗਣ ਨੂੰ ਤਿਆਰ ਨਹੀਂ, ਭਾਵੇਂ ਸਾਡੇ ਪ੍ਰਾਣ ਚਲੇ ਜਾਣ:

-ਮੁਸਲਮਾਨ ਹਮ ਹੋਵਹਿੰ ਨਾਹੀਂ। ਧਰਮ ਆਪਨੋ ਸਾਥ ਨਿਬਾਹੀਂ।
-ਹਮ ਤੋ ਗੁਰ ਕੇ ਸਿੱਖ ਸਦਾਵੈਂ, ਗੁਰ ਕੇ ਹੇਤ ਪ੍ਰਾਣ ਭਲ ਜਾਵੈਂ॥੯॥ (ਉਹੀ)

ਭਾਈ ਸੁਬੇਗ ਸਿੰਘ ਦਾ ਉੱਤਰ ਸੁਣ ਕੇ ਨਵਾਬ ਯਹੀਆ ਖਾਂ ਨੇ ਇਕ ਵਾਰ ਫਿਰ ਕਿਹਾ ਕਿ ਜੇ 'ਦੀਨ' ਧਰਮ ਅਪਣਾ ਲਓਗੇ ਤਾਂ ਤੁਹਾਡੀ ਜਾਨ ਬਖ਼ਸ਼ ਦਿੱਤੀ ਜਾਵੇਗੀ, ਨਹੀਂ ਤਾਂ ਚਰਖੜੀ 'ਤੇ ਚਾੜ੍ਹ ਕੇ ਮਾਰ ਦਿੱਤੇ ਜਾਵੋਗੇ! ਭਾਈ ਸੁਬੇਗ ਸਿੰਘ ਨੇ ਬੜੀ ਦ੍ਰਿੜ੍ਹਤਾ ਅਤੇ ਗੰਭੀਰਤਾ ਨਾਲ ਨਵਾਬ ਨੂੰ ਕਿਹਾ ਕਿ ਜੇ ਦੀਨ ਧਰਮ ਅਪਨਾ ਲੈਣ ਨਾਲ ਸਾਨੂੰ ਕਦੇ ਵੀ ਮੌਤ ਨਹੀਂ ਆਵੇਗੀ, ਤਾਂ ਮੈਂ ਤੁਹਾਡਾ ਧਰਮ ਅਪਨਾਉਣ ਨੂੰ ਤਿਆਰ ਹਾਂ। ਪਰ ਜੇ ਮੋਮਨ ਬਣ ਜਾਣ ਮਗਰੋਂ ਵੀ ਬੰਦੇ ਨੇ ਮਰ ਹੀ ਜਾਣਾ ਹੈ ਤਾਂ ਮੈਂ ਆਪਣਾ ਧਰਮ ਤਿਆਗ ਕੇ ਆਪਣਾ ਜੀਵਨ ਬਚਾਉਣ ਲਈ ਤਿਆਰ ਨਹੀਂ। ਮੈਂ ਤਾਂ ਚਾਹਵਾਂਗਾ ਕਿ ਤੂੰ ਸਾਨੂੰ ਦੋਹਾਂ ਨੂੰ ਚਰਖੜੀ 'ਤੇ ਚਾੜ੍ਹ ਕੇ ਆਪਣੀ ਗੱਲ ਪੂਰੀ ਕਰ ਲੈ:

ਚਾੜ੍ਹ ਚਰਖੜੀ ਹਮੈ ਗਿਰਾਵੋ। ਸੋ ਅਬ ਹਮ ਕੋ ਢੀਲ ਨ ਲਾਵੋ। (ਉਹੀ)

ਇਹ ਸੁਣ ਕੇ ਨਵਾਬ ਨੂੰ ਗੁੱਸਾ ਆ ਗਿਆ ਤੇ ਉਸ ਨੇ ਤੁਰੰਤ ਪਿਉ-ਪੁੱਤਰ ਨੂੰ ਚਰਖੜੀ 'ਤੇ ਚਾੜ੍ਹ ਕੇ ਮਾਰ ਦੇਣ ਦਾ ਹੁਕਮ ਜਾਰੀ ਕਰ ਦਿੱਤਾ। ਗਿਆਨੀ ਗਿਆਨ ਸਿੰਘ 'ਤਵਾਰੀਖ ਗੁਰੂ ਖਾਲਸਾ' ਵਿਚ ਲਿਖਦੇ ਹਨ ਕਿ ਚਰਖੜੀ 'ਤੇ ਚਾੜ੍ਹਨ ਤੋਂ ਪਹਿਲਾਂ ਭਾਈ ਸੁਬੇਗ ਸਿੰਘ ਅਤੇ ਸ਼ਾਹਬਾਜ਼ ਸਿੰਘ ਨੂੰ ਬੜੇ ਤਸੀਹੇ ਦਿੱਤੇ ਗਏ। ਉਨ੍ਹਾਂ ਨੂੰ ਪੁੱਠਿਆਂ ਲਟਕਾ ਕੇ ਉਨ੍ਹਾਂ ਦੇ ਨੰਗੇ ਪਿੰਡੇ 'ਤੇ ਕੋੜੇ ਮਾਰੇ ਗਏ ਤੇ ਕਈ ਪ੍ਰਕਾਰ ਦੇ ਸਰੀਰਕ ਕਸ਼ਟ ਦਿੱਤੇ ਗਏ। ਇਨ੍ਹਾਂ ਕਸ਼ਟਾਂ ਦਾ ਜ਼ਿਕਰ ਕਰਦਿਆਂ ਭਾਈ ਰਤਨ ਸਿੰਘ (ਭੰਗੂ) ਲਿਖਦੇ ਹਨ:

ਤਬ ਤਿਸ ਦੇਣ ਲਗੇ ਬਹੁ ਦੁੱਖ। ਟਾਂਗੈਂ ਖੀਚੈਂ ਕੁਟੈਂ ਮੁੱਖ॥੩੧॥
ਏਕ ਟੰਗ ਫੜ ਤਿਸੈ ਘੁਮਾਵੈਂ। ਬਾਂਹ ਖੈਂਚ ਫਿਰ ਪੀਛੇ ਗਿਰਾਵੈਂ।
ਕੋਈ ਦੰਤਨ ਨਖਨ ਚੁਭਾਵੈ। ਉਲਟੋ ਸੁਲਟੋ ਕਰੈਂ ਸੰਤਾਵੈ॥੩੨॥
ਖੇਚੈਂ ਕਾਨ ਨਾਕ ਦੁਖ ਦੇਹਿੰ। ਕਹੈਂ,'ਦੰਤ ਯਿਹ ਤੋੜ ਸੁ ਲੇਹਿੰ।
ਕੋਊ ਕਹੈ ਯਹ ਹੈ ਮਾਚੱਲ। ਉਤਾਰ ਲੇਹੁ ਅਬ ਯਾਂ ਕੀ ਖੱਲ॥੩੩॥
ਐਸੇ ਦੁਖ ਕਹਾਂ ਲੌਂ ਗਨੀਏ। ਜਿਤਨੇ ਤਿਨ ਕੇ ਦਿੱਤੇ ਭਨੀਏ। (ਉਹੀ)

ਭਾਈ ਰਤਨ ਸਿੰਘ (ਭੰਗੂ) ਅਨੁਸਾਰ ਉਨ੍ਹਾਂ ਕਸ਼ਟਾਂ ਦੀ ਗਿਣਤੀ ਨਹੀਂ ਹੋ ਸਕਦੀ ਜਿਹੜੇ ਭਾਈ ਸੁਬੇਗ ਸਿੰਘ, ਭਾਈ ਸ਼ਾਹਬਾਜ਼ ਸਿੰਘ ਨੂੰ ਦਿੱਤੇ ਗਏ। ਡਾ. ਹਰੀ ਰਾਮ ਗੁਪਤਾ ਦੇ ਸ਼ਬਦਾਂ ਵਿਚ:

"ਜਦੋਂ ਨਵਾਬ ਦੇ ਜ਼ੱਲਾਦ ਦੋਹਾਂ ਨੂੰ ਕਸ਼ਟ ਦੇ-ਦੇ ਕੇ ਹਾਰ ਗਏ ਤਾਂ ਯਹੀਆ ਖਾਂ ਨੇ ਹੁਕਮ ਦਿੱਤਾ ਕਿ ਸ਼ਾਹਬਾਜ਼ ਸਿੰਘ ਨੂੰ ਚਰਖੜੀ 'ਤੇ ਚਾੜ੍ਹਿਆ ਜਾਵੇ। ਪਿਤਾ ਸੁਬੇਗ ਸਿੰਘ ਉਸ ਦਾ ਦੁੱਖ ਬਰਦਾਸ਼ਤ ਨਹੀਂ ਕਰ ਸਕੇਗਾ ਤੇ ਇਸ ਤਰ੍ਹਾਂ ਇਹ ਪਿਓ-ਪੁੱਤਰ ਇਸਲਾਮ ਕਬੂਲ ਕਰ ਲੈਣਗੇ।"

ਜਦੋਂ ਭਾਈ ਸ਼ਾਹਬਾਜ਼ ਸਿੰਘ ਨੂੰ ਸਿਰ ਭਾਰ ਪੁੱਠਾ, ਕਰ ਕੇ ਚਰਖੜੀ 'ਤੇ ਬੰਨ੍ਹਿਆ ਗਿਆ ਤਾਂ ਪਿਤਾ ਨੇ ਕਿਹਾ, "ਪੁੱਤਰ ਡੋਲੀਂ ਨਾ, 'ਅਕਾਲ ਪੁਰਖ' ਦਾ ਜਾਪ ਕਰਦਾ ਰਹੀਂ!" ਜਦੋਂ ਚਰਖੜੀ ਘੁੰਮ ਰਹੀ ਸੀ ਤਾਂ ਨਵਾਬ ਨੇ ਫਿਰ ਕਿਹਾ "ਤੂੰ

ਕਿਹੋ ਜਿਹਾ ਪਿਉ ਹੈਂ? ਜੇ ਚਾਹਵੇਂ ਤਾਂ ਅਜੇ ਵੀ ਆਪਣੇ ਪੁੱਤਰ ਨੂੰ ਬਚਾ ਕੇ ਆਪਣੀ ਭੁੱਲ ਬਖਸ਼ਾ ਸਕਦਾ ਹੈਂ।" ਭਾਈ ਸੁਬੇਗ ਸਿੰਘ ਨੇ ਕਿਹਾ ਕਿ ਸਾਡੇ ਗੁਰੂ (ਸ੍ਰੀ ਗੁਰੂ ਗੋਬਿੰਦ ਸਿੰਘ ਜੀ) ਨੇ ਸਾਡੇ ਵਾਸਤੇ ਆਪਣੀ ਕੁਲ਼ (ਚਾਰੇ ਸਾਹਿਬਜ਼ਾਦੇ) ਕੁਰਬਾਨ ਕਰ ਦਿੱਤੇ। ਮੈਂ ਆਪਣੀ ਕੁਲ਼ ਬਚਾ ਕੇ ਕੀ ਵਡਿਆਈ ਖੱਟਣੀ ਹੈ? ਭਾਈ ਰਤਨ ਸਿੰਘ (ਭੰਗੂ) ਅਨੁਸਾਰ:

ਸਿੱਖਨ ਕਾਜ ਸੁ ਗੁਰੂ ਹਮਾਰੇ। ਸੀਸ ਦੀਓ ਨਿਜ ਸਨ ਪਰਵਾਰੇ॥੨੭॥<br>
ਚਾਰੇ ਪੁਤਰ ਜਾਨ ਕੁਹਾਏ। ਸੋ ਚੰਡੀ ਕੀ ਭੇਟ ਕਰਾਏ।<br>
ਹਮ ਕਾਰਨ ਗੁਰ ਕੁਲਹਿ ਗਵਾਈ। ਹਮ ਕੁਲ ਰਾਖੈਂ ਕੌਣ ਬਡਾਈ?॥੨੮॥ (ਉਹੀ)

ਚਰਖੜੀ 'ਤੇ ਚਾੜ੍ਹਨ ਮਗਰੋਂ, ਚਰਖੜੀ ਨੂੰ ਰੋਕ-ਰੋਕ ਕੇ ਵਾਰ-ਵਾਰ ਇਹੀ ਕਿਹਾ ਜਾਂਦਾ ਰਿਹਾ ਕਿ ਦੀਨ ਕਬੂਲ ਕਰ ਲਓ। ਜਦੋਂ ਕਾਜ਼ੀ ਨੇ ਪਿਓ-ਪੁੱਤਰ ਨੂੰ ਕਲਮਾ ਪੜ੍ਹਨ ਲਈ ਕਿਹਾ ਤਾਂ ਭਾਈ ਸੁਬੇਗ ਸਿੰਘ ਸ਼ਾਹਬਾਜ਼ ਸਿੰਘ ਨੇ ਕਿਹਾ ਕਿ ਸਾਡਾ ਕਲਮਾ ਤਾਂ 'ਸਤਿਨਾਮ-ਵਾਹਿਗੁਰੂ' ਹੈ ਤੇ ਅਸੀਂ ਇਸ ਨੂੰ ਯਾਦ ਕਰਨ ਤੋਂ ਬਗੈਰ ਹੋਰ ਕੋਈ ਕਲਮਾ ਪੜ੍ਹਨ ਲਈ ਤਿਆਰ ਨਹੀਂ। ਦੋਹਾਂ ਚਰਖੜੀਆਂ ਨਾਲ ਤਿੱਖੀਆਂ ਸੂਲਾਂ ਨੂੰ ਅੰਦਰ ਵੱਲ ਮੋੜ ਕੇ ਇਸ ਤਰ੍ਹਾਂ ਜੜਿਆ ਗਿਆ ਕਿ ਚਰਖੜੀ ਦੇ ਹਰ ਗੇੜ ਨਾਲ ਉਨ੍ਹਾਂ ਦੀਆਂ ਮੁੜੀਆਂ ਹੋਈਆਂ ਨੋਕਾਂ ਪਿਓ-ਪੁੱਤਰ ਦੇ ਸਰੀਰ ਨੂੰ ਛਲਣੀ ਕਰੀ ਜਾ ਰਹੀਆਂ ਸਨ। ਪਿਤਾ-ਪੁੱਤਰ ਦੀ ਜ਼ੁਬਾਨ ਤੋਂ ਅਕਾਲ-ਅਕਾਲ ਦੀ ਅਵਾਜ਼ ਨਿਕਲਦੀ ਸੁਣਾਈ ਦੇ ਰਹੀ ਸੀ। ਭਾਈ ਸੁਬੇਗ ਸਿੰਘ ਅਤੇ ਭਾਈ ਸ਼ਾਹਬਾਜ਼ ਸਿੰਘ ਦੇ ਸਰੀਰ 'ਚੋਂ ਨਿਕਲ ਰਹੇ ਲਹੂ ਕਾਰਨ ਜ਼ਮੀਨ ਦਾ ਹੇਠਲਾ ਭਾਗ ਲਾਲ ਹੋ ਗਿਆ ਸੀ। ਵੇਖਣ ਆਏ ਲੋਕ ਹੈਰਾਨ ਸਨ ਕਿ ਪਤਾ ਨਹੀਂ ਇਹ ਸਿੱਖ ਕਿਸ ਮਿੱਟੀ ਦੇ ਬਣੇ ਹੋਏ ਹਨ ਕਿ ਆਪਣੇ ਧਰਮ ਦੀ ਰੱਖਿਆ ਲਈ ਹੱਸ-ਹੱਸ ਕੇ ਕੁਰਬਾਨ ਹੋ ਜਾਂਦੇ ਹਨ, ਪਰ ਸੀਅ ਤਕ ਨਹੀਂ ਕਰਦੇ। ਦੋਹਾਂ ਨੂੰ ਲਾਹੌਰ ਵਿਖੇ 'ਨਖ਼ਾਸ' ਦੇ ਸਥਾਨ 'ਤੇ ਸ਼ਹੀਦ ਕੀਤਾ ਗਿਆ। ਬਾਅਦ ਵਿਚ ਇਹ ਸਥਾਨ 'ਸ਼ਹੀਦ ਗੰਜ' ਕਰ ਕੇ ਪ੍ਰਸਿੱਧ ਹੋਇਆ। ਸ਼ਹੀਦੀ ਦੀ ਇਹ ਘਟਨਾ ੧੭੪੫ ਈ: ਵਿਚ ਵਾਪਰੀ।

ਭਾਈ ਸੁਬੇਗ ਸਿੰਘ ਪੂਰਨ ਗੁਰਸਿੱਖ, ਜਪੀ, ਤਪੀ ਤੇ ਅਕਾਲ ਪੁਰਖ 'ਤੇ ਅਟੱਲ ਵਿਸ਼ਵਾਸ ਰੱਖਣ ਵਾਲਾ ਧਰਮੀ ਜੀਊੜਾ ਸੀ। ਉਹ ਆਪਣੇ ਸਮੇਂ ਦਾ ਚੰਗਾ ਪੜ੍ਹਿਆ-ਲਿਖਿਆ ਤੇ ਵਿਦਵਾਨ ਵਿਅਕਤੀ ਸੀ। ਉਸ ਦਾ ਨੌਜਵਾਨ ਬੇਟਾ ਭਾਈ ਸ਼ਾਹਬਾਜ਼ ਸਿੰਘ ਵੀ ਇਲਮ-ਅਕਲ ਤੇ ਸਿੱਖੀ ਜਜ਼ਬੇ ਵਿਚ ਕਿਸੇ ਵੀ ਤਰ੍ਹਾਂ ਪਿਤਾ ਤੋਂ ਪਿੱਛੇ ਨਹੀਂ ਸੀ। ਜੀਵਨ ਦੀ ਅਟੱਲ ਸੱਚਾਈ ਨੂੰ ਜਾਣਦੇ ਹੋਏ ਕਿ ਇਸ ਸਰੀਰ ਨੇ ਇਕ ਨਾ ਇਕ ਦਿਨ ਜ਼ਰੂਰ ਨਸ਼ਟ ਹੋ ਜਾਣਾ ਹੈ, ਉਨ੍ਹਾਂ ਆਪਣੇ ਧਰਮ ਨੂੰ ਤਿਆਗਣ ਦੀ ਥਾਂ, ਧਰਮ ਲਈ ਕੁਰਬਾਨ ਹੋ ਜਾਣ ਨੂੰ ਪਹਿਲ ਦਿੱਤੀ। ਉਨ੍ਹਾਂ ਦੀ ਸ਼ਹੀਦੀ ਅਠਾਰ੍ਹਵੀਂ ਸਦੀ ਦੇ ਸਿੱਖ ਇਤਿਹਾਸ ਦੀ ਇਕ ਮਹਾਨ ਘਟਨਾ ਸੀ। ਇਹੋ ਜਿਹੀਆਂ ਕੁਰਬਾਨੀਆਂ ਹੀ ਇਤਿਹਾਸ ਦਾ ਪ੍ਰਵਾਹ ਬਦਲਦੀਆਂ ਹਨ।

ਇਸ ਘਟਨਾ ਤੋਂ ਕੇਵਲ ੨੦ ਸਾਲ ਮਗਰੋਂ ਹੀ ੧੭੬੫ ਈ: ਵਿਚ ਖਾਲਸੇ ਨੇ ਲਾਹੌਰ ਨੂੰ ਜਿੱਤ ਕੇ ਖਾਲਸਾ ਰਾਜ ਦੀ ਸਥਾਪਤੀ ਦਾ ਪਰਚਮ ਲਹਿਰਾ ਦਿੱਤਾ।

■

ਅੰਮ੍ਰਿਤ ਛਕੋ<br>
ਸਿੰਘ ਸਜੋ

# ਮਨੁੱਖਤਾ ਦੀ ਭਲਾਈ ਲਈ ਨਿਰੰਤਰ ਕਾਰਜ਼ਸ਼ੀਲ ਹੈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ

*-ਦਿਲਜੀਤ ਸਿੰਘ ਬੇਦੀ**

ਵੀਹਵੀਂ ਸਦੀ ਦੇ ਮੁੱਢਲੇ ਦਹਾਕਿਆਂ ਵਿੱਚ ਵਜੂਦ ਧਾਰਨ ਕਰਨ ਵਾਲੀ ਸਿੱਖ ਕੌਮ ਦੀ ਪ੍ਰਤੀਨਿਧ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਕੁਰਬਾਨੀਆਂ ਭਰਪੂਰ ਲਾਸਾਨੀ ਇਤਿਹਾਸ ਹੈ। ਇਸ ਸੰਸਥਾ ਦੀ ਸਥਾਪਨਾ ਲਈ ਸਿੱਖ ਪੰਥ ਨੂੰ ਲੰਬਾ ਸਮਾਂ ਸੰਘਰਸ਼ ਕਰਨਾ ਪਿਆ। ਸਿੱਖਾਂ ਦੀ ਇਹ ਨੁਮਾਇੰਦਾ ਜਥੇਬੰਦੀ ਗੁਰੂ ਸਾਹਿਬਾਨ ਵੱਲੋਂ ਬਖ਼ਸ਼ੇ ਸਿਧਾਂਤ ਅਨੁਸਾਰ ਮਨੁੱਖਤਾ ਦੀ ਭਲਾਈ ਲਈ ਨਿਰੰਤਰ ਕਾਰਜ਼ਸ਼ੀਲ ਰਹੀ ਹੈ।

ਗੁਰੂ ਸਾਹਿਬ ਨੇ ਸੰਸਾਰ ਨੂੰ ਨਾਮ ਜਪਣ, ਕਿਰਤ ਕਰਨ ਅਤੇ ਵੰਡ ਛਕਣ ਦਾ ਉਪਦੇਸ਼ ਕੀਤਾ। ਗੁਰੂ ਜੀ ਨੇ ਜਿਥੇ ਸਿਮਰਨ ਦੁਆਰਾ ਪਰਮਾਤਮਾ ਦੀ ਪ੍ਰਾਪਤੀ ਦਾ ਰਾਹ ਦੱਸਿਆ ਉਥੇ ਹੀ ਮਨੁੱਖਤਾ ਦੀ ਸੇਵਾ ਨੂੰ ਵੀ ਵਡਿਆਇਆ ਹੈ। ਇਤਿਹਾਸ ਅੰਦਰ ਅਨੇਕਾਂ ਮਿਸਾਲਾਂ ਮਿਲਦੀਆਂ ਹਨ ਜਦੋਂ ਗੁਰੂ ਸਾਹਿਬ ਨੇ ਆਪ ਲੋੜਵੰਦਾਂ ਦੀ ਸਹਾਇਤਾ ਕੀਤੀ।

ਅਸਲ ਵਿੱਚ 'ਸੇਵਾ' ਸਿੱਖਾਂ ਦਾ ਮੂਲ ਸਿਧਾਂਤ ਹੈ। ਗੁਰਮਤਿ ਦਰਸ਼ਨ ਵਿੱਚ ਸੇਵਾ ਨੂੰ ਬਹੁਤ ਮਹੱਤਵ ਦਿੱਤਾ ਗਿਆ ਹੈ। ਭਾਈ ਕਾਨ੍ਹ ਸਿੰਘ ਨਾਭਾ ਨੇ ਮਹਾਨ ਕੋਸ਼ ਅੰਦਰ ਸੇਵਾ ਦੇ ਅਰਥ ਖਿਦਮਤ ਅਤੇ ਉਪਾਸਨਾ ਦੇ ਰੂਪ ਵਿੱਚ ਕੀਤੇ ਹਨ। 'ਸੇਵਾ' ਸ਼ਬਦ ਸੰਸਕ੍ਰਿਤ ਦੇ 'ਸੇਵ੍' ਦਾ ਵਿਕਸਤ ਰੂਪ ਹੈ। ਗੁਰਬਾਣੀ ਅੰਦਰ ਸੇਵਾ ਕਰਨ ਵਾਲੇ ਲਈ ਚਾਕਰ, ਸੇਵਕ, ਖਿਜਮਤਦਾਰ, ਬੈਖਰੀਦ ਆਦਿ ਸ਼ਬਦ ਵਰਤੇ ਗਏ ਹਨ। ਗੁਰਮਤਿ ਅਨੁਸਾਰ ਜੇਕਰ ਸੇਵਾ ਦੇ ਸਿਧਾਂਤਕ ਪ੍ਰਸੰਗ ਵਿੱਚ ਗੱਲ ਕਰੀਏ ਤਾਂ ਇਹ ਕਹਿਣਾ ਵਾਜਬ ਹੈ ਕਿ ਗੁਰਮਤਿ ਨੇ ਸੇਵਾ ਨੂੰ ਨਿੱਜਵਾਦ ਦੀ ਵਲਗਣ 'ਚੋਂ ਕੱਢ ਕੇ ਸਮੂਹਕਤਾ ਦੇ ਵਿਸ਼ਾਲ ਦਾਇਰੇ ਤੱਕ ਲਿਆਂਦਾ ਹੈ। ਅਸਲ ਵਿੱਚ ਭਾਰਤੀ ਧਾਰਮਿਕ ਪ੍ਰੰਪਰਾ ਅਨੁਸਾਰ ਸੇਵਾ ਨੂੰ ਆਪਣੇ ਨਿੱਜੀ ਸਵਾਰਥ ਨਾਲ ਜੋੜ ਕੇ ਵੇਖਿਆ ਜਾਂਦਾ ਸੀ, ਪਰ ਗੁਰਮਤਿ ਦਾ ਨਜ਼ਰੀਆ ਹਉਮੈ ਅਤੇ ਲਾਲਸਾ ਤੋਂ ਮੁਕਤ ਕਰਦਾ ਹੈ ਅਤੇ ਸਿੱਖ ਨੂੰ ਸਵਾਰਥ ਰਹਿਤ ਹੋ ਕੇ ਸੇਵਾ ਕਰਨ ਲਈ ਪ੍ਰੇਰਿਤ ਤੇ ਉਤਸ਼ਾਹਿਤ ਕਰਦਾ ਹੈ। ਗੁਰਮਤਿ ਨੇ ਨਿਸ਼ਕਾਮ ਸੇਵਾ ਦੀ ਗੱਲ ਕਰਦਿਆਂ ਸੇਵਾ ਦੇ ਤਿਆਗ ਵਾਲੇ ਪੱਖ ਨੂੰ ਪ੍ਰਮੁੱਖਤਾ ਦਿੱਤੀ ਹੈ। ਨਿਸ਼ਕਾਮ ਭਾਵਨਾ ਨਾਲ ਸੇਵਾ ਕਰਦਿਆਂ ਮਨੁੱਖ ਅੰਦਰ ਸੱਚ, ਸੰਤੋਖ, ਸਹਿਜ, ਪਰਉਪਕਾਰ ਤੇ ਤਿਆਗ ਜਿਹੇ ਸਦਗੁਣਾਂ ਦਾ ਪ੍ਰਵੇਸ਼ ਹੁੰਦਾ ਹੈ ਅਤੇ ਉਸ ਦੀ ਸ਼ਖ਼ਸੀਅਤ ਸਵੈ-ਮੁਖੀ ਨਾ ਹੋ ਕੇ ਲੋਕ ਹਿਤਕਾਰੀ ਬਣ ਜਾਂਦੀ ਹੈ। ਲੋੜਵੰਦਾਂ ਦੀ ਸੇਵਾ ਕਰਨ ਲਈ ਸਿੱਖ ਹਮੇਸ਼ਾਂ ਤਤਪਰ ਰਹਿੰਦਾ ਹੈ। ਤਨ ਦੁਆਰਾ ਸੇਵਾ ਕਰਨ ਦੇ ਨਾਲ-ਨਾਲ ਆਪਣੀ ਕਿਰਤ ਕਮਾਈ ਵਿੱਚੋਂ ਬੇਸਹਾਰਾ ਅਤੇ ਲੋੜਵੰਦਾਂ ਦੀ ਮਦਦ ਕਰਨ ਲਈ ਸਦਾ ਤਿਆਰ ਰਹਿਣਾ ਸਿੱਖ ਲਈ ਗੁਰੂ ਦਾ ਹੁਕਮ ਹੈ। ਗੁਰਮਤਿ ਦੀ ਰੌਸ਼ਨੀ ਵਿੱਚ ਸੇਵਾ ਦਾ ਸਿਧਾਂਤਕ ਪ੍ਰਸੰਗ ਸਾਂਝਾ ਕਰਨ ਦਾ ਮਨੋਰਥ ਕੇਵਲ ਇਹੀ ਹੈ ਕਿ 'ਸਿੱਖ' ਅਤੇ 'ਸੇਵਾ' ਇੱਕ ਦੂਸਰੇ ਵਿੱਚ ਏਨਾ ਘੁਲ-ਮਿਲ ਗਏ ਹਨ ਕਿ ਇਨ੍ਹਾਂ ਨੂੰ ਨਿਖੇੜਨਾ ਮੁਸ਼ਕਿਲ ਹੀ ਨਹੀਂ ਸਗੋਂ ਅਸੰਭਵ ਹੈ। ਇਸੇ ਲਈ ਜਦੋਂ ਵੀ ਕਿਧਰੇ ਮਨੁੱਖਤਾ ਉੱਤੇ ਕੋਈ ਮੁਸ਼ਕਿਲ ਬਣਦੀ ਹੈ ਤਾਂ ਸਿੱਖ ਮਦਦ ਲਈ ਸਭ ਤੋਂ ਅੱਗੇ ਹੁੰਦੇ ਹਨ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਕਿਉਂਕਿ ਸਿੱਖਾਂ ਦੀ ਨੁਮਾਇੰਦਾ ਧਾਰਮਿਕ ਜਥੇਬੰਦੀ ਹੈ, ਇਸ ਲਈ ਇਹ ਸਮੁੱਚੇ ਸਿੱਖਾਂ ਦੀ ਪ੍ਰਤੀਨਿਧਤਾ ਕਰਦੀ ਹੋਈ ਦੁੱਖ ਦੀ ਘੜੀ ਮਨੁੱਖਤਾ ਦੀ ਸੇਵਾ ਵਿੱਚ ਖੜ੍ਹਨਾ ਆਪਣਾ ਫਰਜ਼ ਸਮਝਦੀ ਹੈ। ਆਪਣੇ ਇਸੇ ਫਰਜ਼ ਤਹਿਤ ਸ਼੍ਰੋਮਣੀ ਕਮੇਟੀ ਨੇ ਸਦਾ ਹੀ ਕੁਦਰਤੀ ਆਫ਼ਤਾਂ ਸਮੇਂ ਧਰਮ-ਕਰਮ ਅਨੁਸਾਰ ਲੋਕਾਂ ਦੀ ਸੇਵਾ ਕੀਤੀ ਹੈ। ਗੁਜਰਾਤ ਦੇ ਭੂਚਾਲ, ਅੰਡੇਮਾਨ-ਨਿੱਕੋਬਾਰ ਦੀ ਸੁਨਾਮੀ, ਲੇਹ-ਲਦਾਖ, ਸ੍ਰੀ

*ਵਧੀਕ ਸਕੱਤਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

ਨਗਰ ਜੰਮੂ-ਕਸ਼ਮੀਰ ਅਤੇ ਉੱਤਰਾਖੰਡ ਵਿਚ ਬੱਦਲ ਫੱਟਣ ਤੇ ਹੜ੍ਹ ਆਉਣ ਸਮੇਂ ਇਸ ਸ਼੍ਰੋਮਣੀ ਸਿੱਖ ਸੰਸਥਾ ਵੱਲੋਂ ਨਿਭਾਈ ਸ਼ਾਨਦਾਰ ਭੂਮਿਕਾ ਯਾਦ ਰੱਖਣਯੋਗ ਹੈ। ਇਸੇ ਤਰ੍ਹਾਂ ਸਹਾਰਨਪੁਰ ਵਿਖੇ ਹੋਏ ਦੰਗਿਆਂ ਵਿਚ ਸਿੱਖਾਂ ਦੀ ਸੰਪਤੀ ਦੇ ਨੁਕਸਾਨ ਦੀ ਭਰਪਾਈ ਲਈ ੭੯ ਲੱਖ ਪਚਾਨਵੇਂ ਹਜ਼ਾਰ ਰੁਪਿਆ ਸ਼੍ਰੋਮਣੀ ਕਮੇਟੀ ਵੱਲੋਂ ਦਿੱਤਾ ਗਿਆ। ਈਰਾਕ ਵਿਚ ਬੰਦੀ ਬਣਾਏ ਗਏ ਭਾਰਤੀਆਂ ਦੀ ਰਿਹਾਈ ਲਈ ਯਤਨ ਕੀਤੇ ਗਏ ਅਤੇ ਬੰਦੀ ਪੰਜਾਬੀਆਂ ਤੇ ਭਾਰਤੀਆਂ ਦੇ ਵਾਰਸਾਂ ਨੂੰ ੫੦-੫੦ ਹਜ਼ਾਰ ਰੁਪਏ ਦਿੱਤੇ ਗਏ। ਸ਼੍ਰੋਮਣੀ ਕਮੇਟੀ ਵੱਲੋਂ, ਹੁਣ ਤੱਕ, ੧੫੭੫੬ ਕੈਂਸਰ ਪੀੜਤਾਂ ਨੂੰ, ੩੧ ਕਰੋੜ ੬੭ ਲੱਖ ੨੧ ਹਜ਼ਾਰ ੧੫੪ ਰੁਪਏ ਦੀ ਸਹਾਇਤਾ, ਧਰਮੀਂ ਫੌਜੀਆਂ ਨੂੰ ੭ ਕਰੋੜ ਰੁਪਏ ਤੋਂ ਜ਼ਿਆਦਾ, ੧੯੮੪ ਦੇ ਦੰਗਾ ਪੀੜਤਾਂ ਦੇ ਬੱਚਿਆਂ ਨੂੰ ਉਚੇਰੀ ਪੜ੍ਹਾਈ ਲਈ ਲੱਗਭਗ ੮੫ ਲੱਖ ਰੁਪਏ, ਹਰਿਆਣਾ ਦੇ ਪਿੰਡ ਕੁਪੀਆ ਪਲਾਟ ਵਿਖੇ ਜ਼ਮੀਨਾਂ ਤੋਂ ਵਾਂਝੇ ਕੀਤੇ ਗਏ ਪੰਜਾਬੀ ਕਿਸਾਨਾਂ ਨੂੰ ੨੧ ਲੱਖ ਰੁਪਏ ਅਤੇ ਚਿੱਠੀ ਸਿੰਘਪੁਰਾ, ਜੰਮੂ-ਕਸ਼ਮੀਰ ਦੇ ੩੬ ਪੀੜਤਾਂ ਨੂੰ ੨੮ ਲੱਖ ਰੁਪਏ ਦੀ ਸਹਾਇਤਾ ਦਿੱਤੀ ਗਈ। ਭਾਵ ਕਿ ਸਿੱਖਾਂ ਨਾਲ ਕਿਤੇ ਵੀ ਹੋਏ ਧੱਕੇ ਅਤੇ ਬੇਇਨਸਾਫੀ ਵਿਰੁੱਧ ਸ਼੍ਰੋਮਣੀ ਕਮੇਟੀ ਅੱਗੇ ਹੋ ਕੇ ਖੜ੍ਹਦੀ ਤੇ ਸੇਵਾ ਕਰਦੀ ਰਹੀ ਹੈ। ਇਸੇ ਤਰ੍ਹਾਂ ਜੰਮੂ-ਕਸ਼ਮੀਰ ਵਿਚ ਆਏ ਭਿਆਨਕ ਹੜ੍ਹਾਂ ਸਮੇਂ ਸ਼੍ਰੋਮਣੀ ਕਮੇਟੀ ਨੇ ਹੜ੍ਹ ਪ੍ਰਭਾਵਿਤ ਲੋਕਾਂ ਦੀ ਬਾਂਹ ਫੜੀ। ਇਸ ਤਰ੍ਹਾਂ ਜਦੋਂ ਵੀ ਮਨੁੱਖਤਾ ਨੂੰ ਲੋੜ ਪਈ ਤਾਂ ਸਿੱਖਾਂ ਦੀ ਨੁਮਾਂਇਦਾ ਜਥੇਬੰਦੀ ਅੱਗੇ ਆਈ ਅਤੇ ਲੋੜਵੰਦਾਂ ਦੀ ਹਰ ਪੱਖ ਤੋਂ ਸਹਾਇਤਾ ਕੀਤੀ।

ਇਸ ਦੇ ਨਾਲ ਹੀ ਸ਼੍ਰੋਮਣੀ ਕਮੇਟੀ ਵੱਲੋਂ ਸੰਗਤਾਂ ਦੀ ਸਹੂਲਤ ਲਈ ਸਮੇਂ-ਸਮੇਂ ਕਈ ਉਪਰਾਲੇ ਕੀਤੇ ਗਏ ਹਨ, ਜਿਨ੍ਹਾਂ ਵਿਚ ਸ੍ਰੀ ਦਰਬਾਰ ਸਾਹਿਬ ਦੇ ਦਰਸ਼ਨਾਂ ਨੂੰ ਆਉਣ ਵਾਲੇ ਸ਼ਰਧਾਲੂਆਂ ਵਾਸਤੇ ਰੇਲਵੇ ਸ਼ਟੇਸਨ ਅਤੇ ਬਸ ਸਟੈਂਡ ਤੋਂ ਆਉਣ ਜਾਣ ਲਈ ੨੪ ਘੰਟੇ ਫ੍ਰੀ ਬੱਸ ਸੇਵਾ, ਇਸੇ ਤਰ੍ਹਾਂ ਸ੍ਰੀ ਗੁਰੂ ਰਾਮਦਾਸ ਏਅਰਪੋਰਟ ਤੋਂ ਵੀ ਫ੍ਰੀ ਬੱਸ ਸੇਵਾ ਚਲ ਰਹੀ ਹੈ। ਇਸ ਦੇ ਨਾਲ ਹੀ ਸਾਰਾਗੜ੍ਹੀ ਨਿਵਾਸ ਲਾਗੋਂ ਹਰ ਰੋਜ ਸਵੇਰੇ ਦੋ ਬੱਸਾਂ ਵੱਖ-ਵੱਖ ਗੁਰਦੁਆਰਾ ਸਾਹਿਬ ਦੇ ਦਰਸ਼ਨਾਂ ਨੂੰ ਚਲਦੀਆਂ ਹਨ ਜੋ ਗੁਰਦੁਆਰਾ ਪਿਪਲੀ ਸਾਹਿਬ, ਗੁਰਦੁਆਰਾ ਛੇਹਰਟਾ ਸਾਹਿਬ, ਗੁਰੂ ਕੀ ਵਡਾਲੀ, ਗੁਰਦੁਆਰਾ ਸੰਨ ਸਾਹਿਬ, ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ ਜੀ ਤੋਂ ਹੁੰਦੇ ਹੋਏ ਤਰਨ ਤਾਰਨ, ਚੋਹਲਾ ਸਾਹਿਬ, ਗੁਰਦੁਆਰਾ ਡੇਹਰਾ ਸਾਹਿਬ, ਸ੍ਰੀ ਗੋਇੰਦਵਾਲ ਸਾਹਿਬ ਅਤੇ ਸ੍ਰੀ ਖਾਡੂਰ ਸਾਹਿਬ ਦੇ ਦਰਸ਼ਨ ਕਰਵਾ ਕੇ ਸੰਗਤਾਂ ਨੂੰ ਵਾਪਸ ਅੰਮ੍ਰਿਤਸਰ ਲੈ ਕੇ ਆਉਂਦੀਆਂ ਹਨ।

ਇਸੇ ਤਰ੍ਹਾਂ ਸ਼੍ਰੋਮਣੀ ਕਮੇਟੀ ਵੱਲੋਂ ਕਈ ਉਪਰਾਲੇ ਕੀਤੀ ਜਾ ਰਹੇ ਹਨ। ਸ਼੍ਰੋਮਣੀ ਕਮੇਟੀ ਦੇ ਮੌਜੂਦਾ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵੱਲੋਂ ਗੁਰਦੁਆਰਾ ਸਾਹਿਬਾਨ ਦੇ ਪ੍ਰਬੰਧਾਂ ਅਤੇ ਧਰਮ ਪ੍ਰਚਾਰ ਦੇ ਕਾਰਜ਼ ਨੂੰ ਹੋਰ ਸੁਚਾਰੂ ਰੂਪ ਵਿਚ ਚਲਾਉਣ ਦੇ ਨਾਲ-ਨਾਲ ਮਨੁੱਖਤਾ ਦੀ ਭਲਾਈ ਲਈ ਕਈ ਮਹੱਤਵਪੂਰਨ ਯੋਜਨਾਵਾਂ ਸ਼ੁਰੂ ਕਰਨ ਦਾ ਫੈਸਲਾ ਕੀਤਾ ਗਿਆ ਹੈ।

ਅੱਜ ਸਾਡੇ ਸਮਾਜ ਵਿਚ ਜਾਤਪਾਤ ਦਾ ਬਹੁਤ ਵੱਡਾ ਪਾੜਾ ਪੈ ਚੁੱਕਾ ਹੈ। ਗੁਰੂ ਸਾਹਿਬਾਨ ਨੇ ਸਾਨੂੰ "ਏਕੁ ਪਿਤਾ ਏਕਸ ਕੇ ਹਮ ਬਾਰਿਕ" ਦਾ ਉਪਦੇਸ਼ ਕੀਤਾ। ਪਰ ਕੁਝ ਅਖੌਤੀ ਲੋਕ ਸਮਾਜ ਨੂੰ ਜਾਤ-ਪਾਤ ਦੇ ਨਾਮ 'ਤੇ ਵੰਡਣ ਦਾ ਜਤਨ ਕਰਦੇ ਹਨ। ਸਮਾਜ ਦਾ ਇਕ ਵੱਡਾ ਹਿੱਸਾ ਗਰੀਬੀ ਕਾਰਨ ਆਪਣੇ ਆਪ ਨੂੰ ਸਦਾ ਨੀਵਾਂ ਮਹਿਸੂਸ ਕਰਦਾ ਹੈ। ਇਨ੍ਹਾਂ ਲੋਕਾਂ ਤੱਕ ਜੀਵਨ ਦੀਆਂ ਬੁਨਿਆਦੀ ਲੋੜਾਂ ਪਹੁੰਚਾਉਣੀਆਂ ਅਤੀ ਜ਼ਰੂਰੀ ਹਨ। ਸ਼੍ਰੋਮਣੀ ਕਮੇਟੀ ਨੇ ਫੈਸਲਾ ਕੀਤਾ ਹੈ ਕਿ ਗਰੀਬ ਸਿੱਖਾਂ ਦੀਆਂ ਲੜਕੀਆਂ ਦੇ ਵਿਆਹਾਂ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੀ ਭੇਟਾ ਧਰਮ ਪ੍ਰਚਾਰ ਕਮੇਟੀ ਵੱਲੋਂ ਦਿੱਤੀ ਜਾਵੇਗੀ।

ਇਸੇ ਤਰ੍ਹਾਂ ਧਰਮ ਪ੍ਰਚਾਰ ਕਮੇਟੀ ਗਰੀਬ ਬਸਤੀਆਂ ਅਤੇ ਸਰਹੱਦੀ ਖੇਤਰਾਂ ਵਿਚ ਲੋੜਵੰਦ ਮਰੀਜ਼ਾਂ ਦੀ ਸਹਾਇਤਾ ਲਈ ਡਾਕਟਰੀ ਸਹੂਲਤਾਂ ਨਾਲ ਲੈਸ ਮੋਬਾਇਲ ਮੈਡੀਕਲ ਵੈਨਾਂ ਚਲਾਏਗੀ। ਇਨ੍ਹਾਂ ਵੈਨਾਂ ਵਿਚ ਮਾਹਰ ਡਾਕਟਰਾਂ ਦੀ ਪੂਰੀ ਟੀਮ ਹੋਵੇਗੀ ਜੋ ਲੋੜਵੰਦਾਂ ਦਾ ਫ੍ਰੀ ਇਲਾਜ ਕਰੇਗੀ। ਇਸ ਤੋਂ ਪਹਿਲਾਂ ਵੀ ਸ਼੍ਰੋਮਣੀ ਕਮੇਟੀ ਵੱਲੋਂ ਵੱਖ-ਵੱਖ ਗੁਰਦੁਆਰਾ ਸਾਹਿਬਾਨ ਅਤੇ ਹੋਰ ਥਾਵਾਂ 'ਤੇ ਫ੍ਰੀ ਮੈਡੀਕਲ ਕੈਂਪ ਲਗਾਏ ਜਾਂਦੇ ਹਨ ਜਿਸ ਵਿਚ ਮਾਹਰ

ਡਾਕਟਰਾਂ ਦੀ ਟੀਮ ਵੱਲੋਂ ਲੋੜਵੰਦਾਂ ਦਾ ਫ੍ਰੀ ਇਲਾਜ ਕੀਤਾ ਜਾਂਦਾ ਹੈ। ਅੱਖਾਂ ਦੇ ਮੁਫਤ ਉਪਰੇਸ਼ਨ ਅਤੇ ਲੈਂਜ ਪਾਉਣ ਦੀ ਸੇਵਾ ਵੀ ਸੰਸਥਾ ਵੱਲੋਂ ਅਕਸਰ ਕੀਤੀ ਜਾਂਦੀ ਹੈ। ਸ੍ਰੀ ਗੁਰੂ ਰਾਮ ਦਾਸ ਹਸਪਤਾਲ ਵਿਖੇ ਓ.ਪੀ.ਡੀ. ਸੇਵਾਵਾਂ ਵੀ ਫ੍ਰੀ ਦਿੱਤੀਆਂ ਜਾਂਦੀਆਂ ਹਨ।

ਧਰਮ ਪ੍ਰਚਾਰ ਕਮੇਟੀ ਵੱਲੋਂ ਸ਼ਹੀਦ ਸਿੱਖ ਮਿਸ਼ਨਰੀ ਕਾਲਜ ਸਮੇਤ ਕੋਈ ੧੨ ਕਾਲਜ ਚਲਾਏ ਜਾ ਰਹੇ ਹਨ ਜਿਨ੍ਹਾਂ ਵਿਚ ੫੦੦ ਦੇ ਕਰੀਬ ਵਿਦਿਆਰਥੀ ਗੁਰਮਤਿ ਦੀ ਸਿੱਖਿਆ ਲੈ ਰਹੇ ਹਨ। ਇਸੇ ਤਰ੍ਹਾਂ ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਹੇਠਲੇ ਸਕੂਲਾਂ ਕਾਲਜਾਂ ਵਿਚ ਦੁਨਿਆਵੀ ਸਿੱਖਿਆ ਦੇ ਨਾਲ-ਨਾਲ ਬੱਚਿਆਂ ਨੂੰ ਧਾਰਮਿਕ ਤੇ ਨੈਤਿਕ ਸਿਖਿਆ ਦੇਣ ਲਈ ਧਾਰਮਿਕ ਟੀਚਰਾਂ ਦੀ ਨਿਯੁਕਤੀ ਕੀਤੀ ਜਾਂਦੀ ਹੈ। ਸਕੂਲਾਂ ਕਾਲਜਾਂ ਵਿਚ ਵੀ ਪ੍ਰਚਾਰਕਾਂ ਦੁਆਰਾ ਸਮੇਂ-ਸਮੇਂ ਬੱਚਿਆਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ ਜਾਂਦੀ ਹੈ। ਧਰਮ ਪ੍ਰਚਾਰ ਕਾਰਜਾਂ ਨੂੰ ਹੋਰ ਤੇਜ ਕਰਨ ਲਈ ਧਰਮ ਪ੍ਰਚਾਰ ਕਮੇਟੀ ਵੱਲੋਂ ੧੦੦ ਪ੍ਰਚਾਰਕ, ੨੦ ਢਾਡੀ ਜਥੇ ਅਤੇ ੧੦ ਕਵੀਸ਼ਰੀ ਜਥੇ ਭਰਤੀ ਕਰਨ ਦਾ ਫੈਸਲਾ ਕੀਤਾ ਗਿਆ ਹੈ।

ਧਰਮ ਪ੍ਰਚਾਰ ਕਮੇਟੀ ਵੱਲੋਂ ਬੱਚਿਆਂ ਨੂੰ ਆਪਣੇ ਵਿਰਸੇ ਨਾਲ ਜੋੜੀ ਰੱਖਣ ਦੇ ਮਕਸਦ ਨਾਲ ਧਾਰਮਿਕ ਪ੍ਰੀਖਿਆ ਲਈ ਜਾਂਦੀ ਹੈ ਜਿਸ ਵਿਚ ਹਰ ਸਾਲ ਕਰੀਬ ੫੦,੦੦੦ ਵਿਦਿਆਰਥੀ ਭਾਗ ਲੈਂਦੇ ਹਨ। ਪਹਿਲੇ ਦੂਜੇ ਅਤੇ ਤੀਜੇ ਦਰਜੇ 'ਤੇ ਆਉਣ ਵਾਲੇ ਵਿਦਿਆਰਥੀਆਂ ਨੂੰ ਵਜੀਫੇ ਵੀ ਦਿੱਤੇ ਜਾਂਦੇ ਹਨ। ਵਿਦਿਆਰਥੀਆਂ ਦੇ ਨਾਲ-ਨਾਲ ਆਮ ਲੋਕ ਵੀ ਗੁਰਮਤਿ ਦੀ ਸਿੱਖਿਆ ਲੈ ਸਕਣ, ਇਸ ਲਈ ਸਿੱਖ ਇਤਿਹਾਸ ਪੱਤਰ ਵਿਹਾਰ ਕੋਰਸ ਵੀ ਕਰਵਾਇਆ ਜਾਂਦਾ ਹੈ। ਇਸ ਵਿਚ ਵੀ ੫੦੦੦ ਦੇ ਕਰੀਬ ਜਗਿਆਸੂ ਹਰ ਸਾਲ ਭਾਗ ਲੈਂਦੇ ਹਨ। ਇਨ੍ਹਾਂ ਵਿਚ ਵੀ ਸਫਲ ਹੋਣ ਵਾਲਿਆਂ ਨੂੰ ਵਜੀਫੇ ਦਿੱਤੇ ਜਾਂਦੇ ਹਨ। ਸ਼੍ਰੋਮਣੀ ਕਮੇਟੀ ਆਪਣੇ ਪ੍ਰਬੰਧ ਹੇਠਲੇ ਸਕੂਲਾਂ ਦੇ ਅੰਮ੍ਰਿਤਧਾਰੀ ਬੱਚਿਆਂ ਜਿਨ੍ਹਾਂ ਦੇ ਪਰਿਵਾਰ ਵੀ ਅੰਮ੍ਰਿਤਧਾਰੀ ਹਨ ਦੀਆਂ ਫੀਸਾਂ ਵੀ ਮੁਆਫ ਕਰ ਰਹੀ ਹੈ।

ਧਰਮ ਪ੍ਰਚਾਰ ਨੂੰ ਮੁੱਖ ਰੱਖਦਿਆਂ ਹੋਇਆਂ ਧਰਮ ਪ੍ਰਚਾਰ ਕਮੇਟੀ ਵੱਲੋਂ ਪਿੰਡਾਂ ਦੇ ਗ੍ਰੰਥੀ ਸਿੰਘਾਂ ਨੂੰ ਗੁਰਬਾਣੀ ਸੰਥਿਆ ਕਰਵਾਉਣ ਲਈ ਵਿਸ਼ੇਸ ਗੁਰਮਤਿ ਕੈਂਪ ਲਗਾਏ ਜਾਣਗੇ। ਇਨ੍ਹਾਂ ਕੈਂਪਾਂ ਵਿਚ ਸਫਲਤਾ ਪੂਰਵਕ ਸੰਥਿਆ ਲੈਣ ਵਾਲੇ ਗ੍ਰੰਥੀ ਸਿੰਘਾਂ ਨੂੰ ੫੧੦੦ ਰੁਪਏ, ਸਰਟੀਫਿਕੇਟ ਅਤੇ ਮੈਡਲ ਨਾਲ ਸਨਮਾਨਤ ਕੀਤਾ ਜਾਵੇਗਾ। ਪਿੰਡਾਂ ਦੇ ਗੁਰਦੁਆਰਾ ਸਾਹਿਬਾਨ ਅੰਦਰ ਸਵੇਰੇ-ਸ਼ਾਮ ਕਥਾ ਕਰਨ ਵਾਲੇ ਗ੍ਰੰਥੀ ਸਿੰਘਾਂ ਨੂੰ ੧੧੦੦ ਰੁਪਏ ਮਹੀਨਾਵਾਰ ਸੇਵਾਫਲ ਦਿੱਤਾ ਜਾਵੇਗਾ ਤਾਂ ਜੋ ਹਰ ਪਿੰਡ ਵਿਚ ਗੁਰਮਤਿ ਪ੍ਰਚਾਰ ਦੀ ਗੱਲ ਨਿਰੰਤਰ ਜਾਰੀ ਰੱਖੀ ਜਾ ਸਕੇ। ■


## ਫਾਰਮ IV ਰੂਲ ੮

| | |
|---|---|
| ੧ ਛਪਣ ਦਾ ਅਸਥਾਨ | ਸ੍ਰੀ ਅੰਮ੍ਰਿਤਸਰ |
| ੨ ਛਪਣ ਦਾ ਸਮਾਂ | ਹਰ ਮਹੀਨੇ ਦੀ ੧੫-੧੬ ਤਾਰੀਖ |
| ੩ ਮੁਦ੍ਰਕ ਦਾ ਨਾਂ | ਦਿਲਜੀਤ ਸਿੰਘ |
| ਕੌਮੀਅਤ | ਭਾਰਤੀ |
| ਪਤਾ | ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ। |
| ੪ ਪ੍ਰਕਾਸ਼ਕ ਦਾ ਨਾਂ | ਦਿਲਜੀਤ ਸਿੰਘ |
| ਕੌਮੀਅਤ | ਭਾਰਤੀ |
| ਪਤਾ | ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ। |
| ੫ ਸੰਪਾਦਕ | ਦਿਲਜੀਤ ਸਿੰਘ |
| ਕੌਮੀਅਤ | ਭਾਰਤੀ |
| ਪਤਾ | ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ। |
| ੬ ਮਾਲਕ | ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ। |

ਮੈਂ ਦਿਲਜੀਤ ਸਿੰਘ ਸੰਪਾਦਕ, ਘੋਸ਼ਣਾ ਕਰਦਾ ਹਾਂ ਕਿ ਜਿਥੋਂ ਤਕ ਮੈਨੂੰ ਪਤਾ ਹੈ, ਉਪਰ ਦਿੱਤੀ ਜਾਣਕਾਰੀ ਸਹੀ ਹੈ।

ਸਹੀ/-ਦਿਲਜੀਤ ਸਿੰਘ

# ਕੇਸਰੀ ਝੰਡਾ

*-ਦਾਨ ਸਿੰਘ ਕੋਮਲ*

ਝੰਡਾ ਕੇਸਰੀ ਖ਼ਾਲਸੇ ਪੰਥ ਦਾ ਏ, ਇਹ ਨਿਰਵੈਰ, ਦਰਦੀ ਸਾਂਝਾ ਸਾਰਿਆਂ ਦਾ।
ਦੂਰੋਂ-ਦੂਰੋਂ ਇਹ ਰਾਹੀਆਂ ਨੂੰ ਪਤਾ ਦਿੰਦੈ, 'ਮੈਂ ਨਿਸ਼ਾਨ ਹਾਂ ਗੁਰੂ-ਦੁਆਰਿਆਂ ਦਾ।'
'ਆਓ ਗੁਰੂ ਕਾ ਲੰਗਰ ਤਿਆਰ ਏਥੇ, ਮਤਲਬ ਹੁੰਦਾ ਹੈ ਇਦ੍ਹੇ ਇਸ਼ਾਰਿਆਂ ਦਾ।
'ਬਣੋ ਮਰਦ ਤੇ ਅਣਖ ਦੇ ਨਾਲ ਜੀਵੋ, ਇਹ ਸੰਕੇਤ ਹੈ ਇਦ੍ਹੇ ਹੁਲਾਰਿਆਂ ਦਾ।

ਧੁਜਾ ਧਰਮ ਦਾ ਰਾਜਸੀ ਚਿੰਨ੍ਹ ਹੈ ਇਹ, ਸ਼ਾਂਤੀ ਸ਼ਕਤੀ ਦਾ ਇਹੋ ਪ੍ਰਤੀਕ ਝੰਡਾ।
ਇਹਦੀ ਖ਼ਾਤਰ ਦਸਮੇਸ਼ ਨੇ ਕੁਲ ਵਾਰੀ, ਸੱਚ ਧਰਮ ਦਾ ਇਹੋ ਹੈ ਠੀਕ ਝੰਡਾ।

ਇਹਦਾ ਫੱਰਰਾ ਹਵਾ ਦੇ ਨਾਲ ਮਿਲ ਕੇ, ਫਰ ਫਰ ਮਾਰਦਾ ਜਦੋਂ ਫਰਾਟਿਆਂ ਨੂੰ।
ਪਤਾ ਲਗਦੈ ਕਿਸ ਤਰ੍ਹਾਂ ਘਾਲ ਘਾਲੀ, ਸਿੰਘਾਂ ਪੀ ਪੀ ਅੰਮ੍ਰਿਤੀ-ਬਾਟਿਆਂ ਨੂੰ।
ਦੁਸ਼ਮਣ-ਦਲਾਂ ਦੇ ਦਿਲਾਂ ਵਿਚ ਪਾਏ ਘਾਟੇ, ਪੈਣ ਦਿੱਤਾ ਨਾ ਦਿਲਾਂ ਵਿਚ ਘਾਟਿਆਂ ਨੂੰ।
ਸਦਾ ਖ਼ਾਲਸੇ ਦੀ ਉੱਚੀ ਸ਼ਾਨ ਰੱਖੀ, ਆਕੜ ਖ਼ਾਨਾਂ ਦੇ ਭੰਨ ਕੇ ਗਾਟਿਆਂ ਨੂੰ।

ਧਰਮ ਨਾਲ ਸਿਆਸਤ ਦੀ ਸਾਂਝ ਦੱਸਣ, ਦੋ ਕਿਰਪਾਨਾਂ, ਇਕ ਚੱਕਰ ਤੇ ਖੰਡਾ ਵੇਖੋ।
ਖੱਟੇ ਰੰਗ ਦਾ ਸਿੱਖੀ ਸਪਿਰਟ ਵਾਲਾ, ਚੜ੍ਹਦੀ ਕਲਾ ਵਾਲਾ ਉੱਚਾ ਝੰਡਾ ਵੇਖੋ।

ਇਹਦੇ ਸ਼ਸਤਰਾਂ ਦੇ ਚਿੰਨ੍ਹ ਦੱਸਦੇ ਨੇ, ਅਣਖੀ ਕੌਮ ਹੈ ਇਹ ਸ਼ਸਤਰ-ਧਾਰੀਆਂ ਦੀ।
ਇਹਦੀ ਕੌਮ ਹੈ ਬੀਰਾਂ-ਬਹਾਦਰਾਂ ਦੀ, ਇਹਦੀ ਕੌਮ ਹੈ ਮੌਤ-ਖਿਡਾਰੀਆਂ ਦੀ।
ਨੇਕੀ ਸੇਵਾ, ਕੁਰਬਾਨੀ ਹੈ ਕੋਲ ਜੀਹਦੇ, ਇਹ ਉਹ ਕੌਮ ਹੈ ਪਰਉਪਕਾਰੀਆਂ ਦੀ।
ਏਸ ਝੰਡੇ ਤੋਂ ਲੈ ਕੇ ਉਤਸ਼ਾਹ ਜਜ਼ਬਾ, ਇਹਨਾਂ ਰੱਖੀ ਹੈ ਪੱਤ ਸਰਦਾਰੀਆਂ ਦੀ।'

ਇਹਦੇ ਪੈਰਾਂ ਦੇ ਵਿਚ ਅਰਦਾਸ ਕਰਕੇ, ਪੈਦਾ ਜੂਝਣ ਦਾ ਚਿੱਤ ਵਿਚ ਚਾਅ ਹੁੰਦਾ।
ਅਮਨ ਸਮੇਂ ਵੀ ਸਿੱਖਾਂ ਤੇ ਸੇਵਕਾਂ 'ਚ, ਏਸ ਝੰਡੇ ਦਾ ਆਦਰ ਤੇ ਭਾਅ ਹੁੰਦਾ।

ਇਹਦੇ ਹੇਠ ਆ ਕੇ ਬਹਿਣ ਵਾਲਿਆਂ ਦਾ, ਕੁੱਲ ਆਪਣਾ ਜ਼ਮਾਨਾ ਏ ਹੋ ਜਾਂਦਾ।
ਸ਼ਰਧਾ ਨਾਲ ਜੋ ਤੱਕੇ ਉਚਾਈ ਇਹਦੀ, ਉੱਚਾ ਉਹਦਾ ਨਿਸ਼ਾਨਾ ਏ ਹੋ ਜਾਂਦਾ।
ਇਹਨੂੰ ਝੂੰਮਦੇ ਹੋਏ ਨੂੰ ਵੇਖਦਾ ਜੋ, ਮਸਤੀ ਵਿਚ ਮਸਤਾਨਾ ਏ ਹੋ ਜਾਂਦਾ।
ਇਹਦੇ ਰੰਗਾਂ ਵਿਚ ਰੰਗਿਆ ਦਿਲ ਜਿਨ੍ਹੇ, ਸਿਦਕੀ ਉਹੋ ਪਰਵਾਨਾ ਏ ਹੋ ਜਾਂਦਾ।

ਧਰਮ-ਯੁੱਧਾਂ ਵਿਚ ਚੁੱਕ ਕੇ ਇਹ ਝੰਡਾ, ਸਿੰਘ ਜ਼ਾਲਮ ਦੀ ਹਿੱਕ 'ਤੇ ਗੱਡਦੇ ਰਹੇ।
ਕਈ ਜਿੱਤਦੇ, ਕਈ ਸ਼ਹੀਦ ਹੁੰਦੇ, ਐਪਰ ਮਰ ਕੇ ਵੀ ਹੱਥੋਂ ਨਾ ਛੱਡਦੇ ਰਹੇ।

ਸਿੱਧਾ ਝੰਡਾ ਇਹ ਪੱਕੇ ਵਿਸ਼ਵਾਸ ਵਾਲਾ, ਜਿਨ੍ਹੇ ਚੁੱਕਿਆ ਪਾਈ ਵਡਿਆਈ ਉਹਨੇ।
ਬੰਦਾ ਸਿੰਘ ਸੀ ਚੁੱਕ ਸਰਹੰਦ ਪੁੱਜਾ, ਇੱਟ ਨਾਲ ਸੀ ਇੱਟ ਖੜਕਾਈ ਉਹਨੇ।
ਬਾਬੇ ਦੀਪ ਸਿੰਘ ਨੇ ਫੜਿਆ ਇਹ ਝੰਡਾ, ਸੀਸ ਬਿਨਾਂ ਲੜ ਕੇ ਫਤਹਿ ਪਾਈ ਉਹਨੇ।
ਚੁੱਕਿਆ ਨਲਵੇ ਜਰਨੈਲ ਨੇ ਇਹ ਝੰਡਾ, ਜਾ ਜਮਰੌਦ ਤਕ ਧਾਂਕ ਬਿਠਾਈ ਉਹਨੇ।

ਜਿਦ੍ਹੇ ਹੱਥਾਂ ਵਿਚ ਹੋਇਗਾ ਇਹ ਝੰਡਾ, ਅੱਗੇ ਆਣ ਕੇ ਝੁਕਣਗੇ ਗ਼ੈਰ ਉਹਦੇ।
'ਕੋਮਲ' ਸਿਰ ਉਹਦਾ ਰਹਿਸੀ ਸਦਾ ਉੱਚਾ, ਜਿੱਤ ਸਦਾ ਹੀ ਚੁੰਮੇਗੀ ਪੈਰ ਉਹਦੇ। ■

# ਗੁਰਦੁਆਰਾ ਪ੍ਰਬੰਧਕਾਂ ਦੇ ਧਿਆਨ ਹਿਤ

## ਗੁਰੂ-ਘਰਾਂ ਵਿੱਚ ਅੱਗ ਬੁਝਾਊ ਜੰਤਰ ਤੇ ਸੀ.ਸੀ.ਟੀ.ਵੀ. ਕੈਮਰੇ ਲਗਾਏ ਜਾਣ ਅਤੇ ਪਹਿਰੇਦਾਰੀ ਲਾਜ਼ਮੀ ਕੀਤੀ ਜਾਵੇ

ਬਿਜਲੀ ਦੇ ਸਰਕਟ ਸ਼ਾਰਟ ਹੋਣ ਕਾਰਨ ਅੱਗ ਲੱਗਣ ਨਾਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਅਗਨ-ਭੇਟ ਹੋ ਜਾਣ ਦੀਆਂ ਖ਼ਬਰਾਂ ਬਹੁਤ ਹੀ ਦੁਖਦਾਈ, ਚਿੰਤਾਜਨਕ ਤੇ ਹਿਰਦੇਵੇਧਕ ਹਨ। ਮਰਯਾਦਾ ਅਨੁਸਾਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸੇਵਾ-ਸੰਭਾਲ ਤੇ ਅਦਬ-ਸਤਿਕਾਰ ਬਹਾਲ ਰੱਖਣ ਲਈ ਸਮੁੱਚੇ ਸਿੱਖ ਭਾਈਚਾਰੇ ਨੂੰ ਸੁਚੇਤ ਰਹਿਣਾ ਚਾਹੀਦਾ ਹੈ। ਅਜਿਹੀ ਕੋਈ ਮੰਦਭਾਗੀ ਘਟਨਾ ਨਾ ਵਾਪਰੇ, ਇਸ ਲਈ ਗੁਰਦੁਆਰਾ ਸਾਹਿਬ ਦੇ ਅੰਦਰ ਅਤੇ ਸੁਖ-ਆਸਨ ਅਸਥਾਨ ਵਿਚ ਧੂਫ਼, ਲਾਈਟਾਂ, ਪੱਖੇ ਅਤੇ ਬਿਜਲੀ ਦੀਆਂ ਸਜਾਵਟੀ ਲੜੀਆਂ ਉਦੋਂ ਤਕ ਹੀ ਜਗਾਈਆਂ ਜਾਣ, ਜਦ ਤਕ ਕੋਈ ਨਿਗਰਾਨ ਹਾਜ਼ਰ ਹੋਵੇ। ਗੁਰਦੁਆਰਾ ਸਾਹਿਬ ਦੇ ਕਿਵਾੜ ਬੰਦ ਕਰਨ ਸਮੇਂ ਧੂਫ਼/ਅਗਰਬੱਤੀ ਅਤੇ ਬਿਜਲੀ ਦਾ ਮੇਨ-ਸਵਿੱਚ ਆਦਿ ਬੰਦ ਕਰ ਦੇਣੇ ਚਾਹੀਦੇ ਹਨ। ਗੁਰਦੁਆਰਾ ਸਾਹਿਬ ਦੇ ਅੰਦਰ ਅਤੇ ਸੁਖ-ਆਸਨ ਅਸਥਾਨ ਦੀ ਬਿਜਲੀ ਦੀ ਸਮੁੱਚੀ ਫਿਟਿੰਗ ਤਸੱਲੀਬਖਸ਼ ਕੀਤੀ ਜਾਵੇ। ਜ਼ਿਆਦਾ ਗਰਮੀ ਅਤੇ ਤੇਜ਼ ਹਵਾਵਾਂ ਆਦਿ ਚੱਲਣ ਸਮੇਂ ਅਕਸਰ ਹੀ ਤਾਰਾਂ ਸ਼ਾਰਟ ਹੋ ਜਾਂਦੀਆਂ ਹਨ, ਇਸ ਲਈ ਗੁਰੂ-ਘਰਾਂ ਦੇ ਪ੍ਰਬੰਧਕ, ਗ੍ਰੰਥੀ ਸਿੰਘ ਅਤੇ ਸੇਵਾਦਾਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਦਬ-ਸਤਿਕਾਰ ਨੂੰ ਯਕੀਨੀ ਬਣਾਉਣ ਲਈ ਹਮੇਸ਼ਾਂ ਸੁਚੇਤ ਹੋ ਕੇ ਪਹਿਰੇਦਾਰੀ ਲਾਜ਼ਮੀ ਬਣਾਉਣ। ਹਰ ਗੁਰੂ-ਘਰ ਵਿਚ ਅੱਗ ਬੁਝਾਊ ਜੰਤਰ ਲਗਾਉਣ ਦਾ ਵਿਸ਼ੇਸ਼ ਪ੍ਰਬੰਧ ਕੀਤਾ ਜਾਵੇ। ਨਿਗਰਾਨੀ ਲਈ ਗੁਰੂ-ਘਰਾਂ ਵਿਚ ਸੀ.ਸੀ.ਟੀ.ਵੀ. ਕੈਮਰੇ ਵੀ ਲਗਾਏ ਜਾਣ।

**ਸਕੱਤਰ,**
**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।**

# ਖ਼ਬਰਨਾਮਾ

## ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਕੈਨੇਡਾ ਦੇ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਪਰਿਵਾਰ ਸਮੇਤ ਹੋਏ ਨਤਮਸਤਕ

## -ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋ ਕੇ ਸਾਨੂੰ ਕਿਰਪਾ ਅਤੇ ਨਿਮਰਤਾ ਦਾ ਅਨੁਭਵ ਮਹਿਸੂਸ ਹੋਇਆ-ਜਸਟਿਨ ਟਰੂਡੋ

## -ਜਸਟਿਨ ਟਰੂਡੋ ਨੇ ਸ੍ਰੀ ਗੁਰੂ ਰਾਮਦਾਸ ਲੰਗਰ ਵਿਖੇ ਵੀ ਕੀਤੀ ਸੇਵਾ

## -ਸੂਚਨਾ ਕੇਂਦਰ ਵਿਖੇ ਸਿੱਖ ਕੌਮ ਵੱਲੋਂ ਸ਼੍ਰੋਮਣੀ ਕਮੇਟੀ ਨੇ ਕੀਤਾ ਸਨਮਾਨਿਤ

ਅੰਮ੍ਰਿਤਸਰ- ਮਨੁੱਖਤਾ ਦੇ ਅਧਿਆਤਮਿਕ ਕੇਂਦਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅੰਮ੍ਰਿਤਸਰ ਵਿਖੇ ਪਹੁੰਚਣ 'ਤੇ ਕੈਨੇਡਾ ਦੇ ਪ੍ਰਧਾਨ ਮੰਤਰੀ ਮਿਸਟਰ ਜਸਟਿਨ ਟਰੂਡੋ ਦਾ ਸਮੁੱਚੇ ਸੰਸਾਰ ਦੇ ਸਿੱਖਾਂ ਵੱਲੋਂ ਸਿੱਖ ਕੌਮ ਦੀ ਪ੍ਰਤੀਨਿਧ ਸੰਸਥਾ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਨੇ ਸ਼ਾਨਦਾਰ ਸਵਾਗਤ ਕੀਤਾ। ਜਿਉਂ ਹੀ ਜਸਟਿਨ ਟਰੂਡੋ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਬਾਹਰ ਅਕਾਲੀ ਸਰਕਾਰ ਸਮੇਂ ਬਣੇ ਸੁੰਦਰ ਪਲਾਜ਼ਾ ਵਿਖੇ ਪਹੁੰਚੇ ਤਾਂ ਉਨ੍ਹਾਂ ਦਾ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਅਗਵਾਈ ਵਿਚ ਫੁੱਲਾਂ ਦੇ ਗੁਲਦਸਤਿਆਂ ਨਾਲ ਭਰਪੂਰ ਸਵਾਗਤ ਹੋਇਆ। ਸ਼੍ਰੋਮਣੀ ਕਮੇਟੀ ਵੱਲੋਂ ਉਨ੍ਹਾਂ ਦਾ ਸਵਾਗਤ ਕਰਨ ਸਮੇਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਉਚੇਚੇ ਤੌਰ'ਤੇ ਮੌਜੂਦ ਸਨ। ਜਸਟਿਨ ਟਰੂਡੋ ਠੀਕ ੧੧:੫੫ ਵਜੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਪਹੁੰਚੇ। ਉਨ੍ਹਾਂ ਨਾਲ ਉਨ੍ਹਾਂ ਦੀ ਪਤਨੀ ਸੋਫੀ ਟਰੂਡੋ, ਬੇਟੀ ਐਲਾਗ੍ਰੇਸ ਤੇ ਇੱਕ ਬੇਟਾ ਵੀ ਮੌਜੂਦ ਸਨ। ਇਸ ਤੋਂ ਇਲਾਵਾ ਕੈਨੇਡਾ ਸਰਕਾਰ ਦੇ ਚਾਰ ਸਿੱਖ/ਪੰਜਾਬੀ ਮੰਤਰੀ ਹਰਜੀਤ ਸਿੰਘ ਸੱਜਣ, ਨਵਦੀਪ ਸਿੰਘ ਬੈਂਸ, ਅਮਰਜੀਤ ਸਿੰਘ ਸੋਹੀ ਤੇ ਬਰਦੀਸ਼ ਕੌਰ ਚੱਗਰ ਸਮੇਤ ਹੋਰ ਮੰਤਰੀ ਅਤੇ ਮੈਂਬਰ ਪਾਰਲੀਮੈਂਟ ਵੀ ਉਨ੍ਹਾਂ ਦੇ ਨਾਲ ਸਨ। ਜਸਟਿਨ ਟਰੂਡੋ ਨੇ ਪੰਜਾਬੀ ਰਵਾਇਤੀ ਕਰੀਮ ਰੰਗ ਦਾ ਕੁੜਤਾ ਪਜ਼ਾਮਾ ਪਹਿਨਿਆ ਹੋਇਆ ਸੀ। ਉਨ੍ਹਾਂ ਦੀ ਪਤਨੀ ਅਤੇ ਬੱਚੇ ਵੀ ਰਵਾਇਤੀ ਪੰਜਾਬੀ ਪਹਿਰਾਵੇ ਵਿਚ ਸਨ। ਘੰਟਾ ਘਰ ਬਾਹੀ ਮੁੱਖ ਪ੍ਰਵੇਸ਼ ਦੁਆਰ ਤੋਂ ਸ੍ਰੀ ਦਰਬਾਰ ਸਾਹਿਬ ਦੀ ਪਰਕਰਮਾ ਵਿਚ ਉੱਤਰਦਿਆਂ ਹੀ ਕੈਨੇਡੀਅਨ ਪ੍ਰਧਾਨ ਮੰਤਰੀ ਅਤੇ ਉਸ ਦੇ ਪਰਿਵਾਰ ਨੇ ਕੁਝ ਪਲ ਰੁਕ ਕੇ ਰੂਹਾਨੀ ਵਾਤਾਵਰਣ ਨੂੰ ਮਹਿਸੂਸ ਕੀਤਾ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਣ ਤੋਂ ਪਹਿਲਾਂ ਉਹ ਸ੍ਰੀ ਗੁਰੂ ਰਾਮਦਾਸ ਲੰਗਰ ਘਰ ਵਿਖੇ ਗਏ, ਜਿਥੇ ਉਨ੍ਹਾਂ ਨੇ ਪ੍ਰਸ਼ਾਦੇ ਤਿਆਰ ਕਰਨ ਦੀ ਸੇਵਾ ਕੀਤੀ। ਉਹ ੧੨:੧੦ ਤੇ ਲੰਗਰ ਘਰ ਪਹੁੰਚੇ ਅਤੇ ੧੨:੨੦ ਤੱਕ ਉਥੇ ਰਹੇ।

ਇਸ ਤੋਂ ਬਾਅਦ ਜਸਟਿਨ ਟਰੂਡੋ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨਤਮਸਤਕ ਹੋਏ। ਉਨ੍ਹਾਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸਤਿਕਾਰ ਭੇਟ ਕਰਦਿਆਂ ਜਿਥੇ ਕੜਾਹਿ ਪ੍ਰਸ਼ਾਦਿ ਦੀ ਦੇਗ ਕਰਵਾਈ, ਉਥੇ ਹੀ ਪਾਵਨ ਸ੍ਰੀ ਗੁਰੂ ਗ੍ਰੰਥ ਸਾਹਿਬ ਲਈ ਰੁਮਾਲਾ ਸਾਹਿਬ ਵੀ ਭੇਟ ਕੀਤਾ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਨੇ ਉਨ੍ਹਾਂ ਨੂੰ ਸਿਰੋਪਾਓ, ਫੁੱਲਾਂ ਦਾ ਹਾਰ ਅਤੇ ਗੁਲਦਸਤਾ ਗੁਰੂ ਬਖ਼ਸ਼ਿਸ਼ ਵਜੋਂ ਦਿੱਤਾ। ਇਸ ਤੋਂ ਇਲਾਵਾ ਸਿੰਘ ਸਾਹਿਬ ਨੇ ਪ੍ਰਧਾਨ ਮੰਤਰੀ ਦੇ ਪਰਿਵਾਰ ਸਮੇਤ ਸਿੱਖ/ਪੰਜਾਬੀ ਮੰਤਰੀਆਂ ਅਤੇ ਹੋਰ

ਪ੍ਰਮੁੱਖ ਸ਼ਖ਼ਸੀਅਤਾਂ ਨੂੰ ਵੀ ਸਿਰੋਪਾਓ ਦੀ ਬਖ਼ਸ਼ਿਸ਼ ਕੀਤੀ।

ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਤੇ ਸੂਚਨਾ ਅਧਿਕਾਰੀ ਸ. ਜਸਵਿੰਦਰ ਸਿੰਘ ਨੇ ਜਸਟਿਨ ਟਰੂਡੋ ਤੇ ਉਨ੍ਹਾਂ ਦੇ ਪਰਿਵਾਰ ਨੂੰ ਪਰਕਰਮਾ ਕਰਦਿਆਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸਮੇਤ ਇਥੇ ਸਥਿਤ ਹੋਰ ਪਾਵਨ ਅਸਥਾਨਾਂ ਦੇ ਇਤਿਹਾਸ, ਧਾਰਮਿਕ ਅਤੇ ਸਮਾਜਿਕ ਮਹੱਤਤਾ ਬਾਰੇ ਜਾਣਕਾਰੀ ਦਿੱਤੀ, ਜਿਸ ਨੂੰ ਉਨ੍ਹਾਂ ਗੰਭੀਰਤਾ ਨਾਲ ਸੁਣਿਆ।

ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਣ ਤੋਂ ਬਾਅਦ ਸੂਚਨਾ ਕੇਂਦਰ ਵਿਖੇ ਜਸਟਿਨ ਟਰੂਡੋ ਤੇ ਉਨ੍ਹਾਂ ਦੇ ਪਰਿਵਾਰ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਭਾਈ ਗੋਬਿੰਦ ਸਿੰਘ ਲੌਂਗੋਵਾਲ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਨੇ ਸਨਮਾਨਿਤ ਕੀਤਾ। ਸ਼੍ਰੋਮਣੀ ਕਮੇਟੀ ਵੱਲੋਂ ਸਨਮਾਨ ਵਿਚ ਉਨ੍ਹਾਂ ਨੂੰ ਸਿਰੋਪਾਓ, ਲੋਈ, ਸੁਨਹਿਰੀ ਸ੍ਰੀ ਸਾਹਿਬ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦਾ ਸੁਨਹਿਰੀ ਮਾਡਲ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨਾਲ ਸਬੰਧਤ ਧਾਰਮਿਕ ਪੁਸਤਕਾਂ ਜਿਨ੍ਹਾਂ ਵਿਚ ਸ. ਰਣਜੋਧ ਸਿੰਘ, ਟੀ. ਪੀ. ਸਿੰਘ ਅਤੇ ਡਾ. ਰੂਪ ਸਿੰਘ ਦੀਆਂ ਸਚਿੱਤਰ ਪੁਸਤਕਾਂ ਵੀ ਸ਼ਾਮਲ ਸਨ, ਦਾ ਸੈੱਟ ਦਿੱਤਾ ਗਿਆ। ਇਸ ਦੌਰਾਨ ਜਸਟਿਨ ਟਰੂਡੋ ਦੇ ਪਰਿਵਾਰ ਨੂੰ ਵੀ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਕੈਨੇਡਾ ਦੇ ਪ੍ਰਧਾਨ ਮੰਤਰੀ ਨੇ ਵਿਜ਼ਟਰ ਬੁੱਕ ਵਿਚ ਲਿਖਿਆ ਕਿ 'ਉਨ੍ਹਾਂ ਲਈ ਵੱਡੇ ਮਾਣ ਦੀ ਗੱਲ ਹੈ ਕਿ ਉਨ੍ਹਾਂ ਨੂੰ ਇੱਕ ਖ਼ੂਬਸੂਰਤ ਅਤੇ ਮਹਾਨ ਪਾਵਨ ਅਸਥਾਨ ਦੇ ਦਰਸ਼ਨ ਕਰਨ ਸਮੇਂ ਬੇਹੱਦ ਸਤਿਕਾਰ ਪ੍ਰਾਪਤ ਹੋਇਆ ਹੈ। ਇਥੇ ਨਤਮਸਤਕ ਹੋ ਕੇ ਸਾਨੂੰ ਪ੍ਰਭੂ ਕਿਰਪਾ ਅਤੇ ਨਿਮਰਤਾ ਦਾ ਅਨੁਭਵ ਮਹਿਸੂਸ ਹੋਇਆ ਹੈ।'

**ਸੰਗਤਾਂ ਨੇ ਕੀਤਾ ਭਰਪੂਰ ਸਵਾਗਤ**

ਜਸਟਿਨ ਟਰੂਡੋ ਵੱਲੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀਆਂ ਪਰਕਰਮਾ ਕਰਦਿਆਂ ਸੰਗਤਾਂ ਨੇ ਉਨ੍ਹਾਂ ਦਾ ਭਰਪੂਰ ਸਵਾਗਤ ਕੀਤਾ। ਇਹ ਪਹਿਲੀ ਵਾਰ ਸੀ ਕਿ ਕਿਸੇ ਵੱਡੀ ਵਿਦੇਸ਼ੀ ਸ਼ਖ਼ਸੀਅਤ ਦੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨਤਮਸਤਕ ਹੋਣ ਪੁੱਜਣ 'ਤੇ ਸੰਗਤਾਂ ਵੱਲੋਂ ਏਨਾ ਸਤਿਕਾਰ ਦਿੱਤਾ ਗਿਆ ਹੋਵੇ। ਪਰਕਰਮਾ ਕਰਦਿਆਂ ਜਿਥੇ ਸੰਗਤਾਂ ਉਨ੍ਹਾਂ ਨੂੰ ਦੋਵੇਂ ਹੱਥ ਜੋੜ ਕੇ ਅਤੇ 'ਬੋਲੇ ਸੋ ਨਿਹਾਲ' ਦੇ ਜੈਕਾਰੇ ਬੁਲਾ ਕੇ ਉਨ੍ਹਾਂ ਦਾ ਸਵਾਗਤ ਕਰ ਰਹੀਆਂ ਸਨ, ਉਥੇ ਹੀ ਜਸਟਿਨ ਟਰੂਡੋ ਅਤੇ ਉਨ੍ਹਾਂ ਦੇ ਪਰਿਵਾਰ ਨੇ ਦੋਵੇਂ ਹੱਥ ਜੋੜ ਕੇ ਜਵਾਬੀ ਸਤਿਕਾਰ ਦਿੱਤਾ। ਇਥੇ ਇਹ ਵੀ ਦੱਸਣਯੋਗ ਹੈ ਕਿ ਜਸਟਿਨ ਟਰੂਡੋ ਨੇ ਪਰਕਰਮਾ ਕਰਦਿਆਂ ਕਰੀਬ ੧੦ ਵਾਰ ਫ਼ਤਹਿ ਬੁਲਾਈ ਅਤੇ ਸੰਗਤ ਦੇ ਜੈਕਾਰਿਆਂ ਦਾ ਜਵਾਬ ਵੀ ਦਿੱਤਾ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸੁਰੱਖਿਆ ਪ੍ਰਬੰਧਾਂ ਦੇ ਮੱਦੇਨਜ਼ਰ ਸ੍ਰੀ ਦਰਬਾਰ ਸਾਹਿਬ ਦੀਆਂ ਪਰਕਰਮਾ ਵਿਚ ਮੁਲਾਜ਼ਮਾਂ ਦੀ ਮਨੁੱਖੀ ਕੜੀ ਬਣਾ ਕੇ ਸੰਗਤ ਦੀ ਆਵਾਜਾਈ ਬਰਾਂਡਿਆਂ ਵਿਚ ਦੀ ਕੀਤੀ ਹੋਈ ਸੀ ਅਤੇ ਸੰਗਤਾਂ ਵੱਲੋਂ ਇਸ ਪ੍ਰਬੰਧ ਵਿਚ ਮੁਕੰਮਲ ਤੌਰ 'ਤੇ ਸਹਿਯੋਗ ਦਿੱਤਾ ਗਿਆ।

**ਵਿਸ਼ਵ ਅੰਦਰ ਸਿੱਖਾਂ ਦੀ ਵਿਲੱਖਣ ਪਛਾਣ ਨੂੰ ਬਲ ਮਿਲੇਗਾ-ਭਾਈ ਲੌਂਗੋਵਾਲ**

ਜਸਟਿਨ ਟਰੂਡੋ ਦੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਣ ਤੋਂ ਬਾਅਦ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਕੈਨੇਡੀਅਨ ਪ੍ਰਧਾਨ ਮੰਤਰੀ ਵੱਲੋਂ ਸਿੱਖਾਂ ਦੇ ਕੇਂਦਰੀ ਧਾਰਮਿਕ ਅਸਥਾਨ ਵਿਖੇ ਨਤਮਸਤਕ ਹੋਣ ਨਾਲ ਵਿਸ਼ਵ ਭਰ ਵਿਚ ਸਿੱਖ ਪਛਾਣ ਨੂੰ ਬਲ ਮਿਲੇਗਾ, ਉਥੇ ਹੀ ਵਿਦੇਸ਼ਾਂ ਅੰਦਰ ਸਿੱਖਾਂ 'ਤੇ ਹੁੰਦੇ ਨਸਲੀ ਹਮਲਿਆਂ ਨੂੰ ਵੀ ਯਕੀਨਨ ਠੱਲ੍ਹ ਪਵੇਗੀ। ਉਨ੍ਹਾਂ ਕੈਨੇਡੀਅਨ ਪ੍ਰਧਾਨ ਮੰਤਰੀ ਦੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਣ ਸਮੇਂ ਸੰਗਤ ਵੱਲੋਂ ਦਿੱਤੇ ਗਏ ਭਰਪੂਰ ਸਹਿਯੋਗ ਲਈ ਉਨ੍ਹਾਂ ਦਾ ਧੰਨਵਾਦ ਕੀਤਾ। ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਸ਼੍ਰੋਮਣੀ ਕਮੇਟੀ ਦੇ ਅਧਿਕਾਰੀਆਂ ਸਮੇਤ ਸਮੁੱਚੇ ਮੁਲਾਜ਼ਮਾਂ ਦਾ ਆਪਣੀ ਡਿਊਟੀ ਤਨਦੇਹੀ ਨਾਲ ਨਿਭਾਉਣ ਲਈ ਧੰਨਵਾਦ ਵੀ ਕੀਤਾ।

ਇਸ ਮੌਕੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ. ਮਨਜੀਤ ਸਿੰਘ ਜੀ.ਕੇ., ਸੀਨੀਅਰ ਅਕਾਲੀ ਆਗੂ ਜਥੇਦਾਰ ਤੋਤਾ ਸਿੰਘ, ਸ਼੍ਰੋਮਣੀ ਕਮੇਟੀ ਮੈਂਬਰ ਭਾਈ ਮਨਜੀਤ ਸਿੰਘ, ਸ. ਗੁਰਿੰਦਰਪਾਲ ਸਿੰਘ ਗੋਰਾ,

ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਸ. ਅਵਤਾਰ ਸਿੰਘ ਵਣਵਾਲਾ, ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ, ਕੇਂਦਰੀ ਮੰਤਰੀ ਸ. ਹਰਦੀਪ ਸਿੰਘ ਪੁਰੀ, ਕੈਬਨਿਟ ਮੰਤਰੀ ਸ. ਨਵਜੋਤ ਸਿੰਘ ਸਿੱਧੂ, ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਮਨਜੀਤ ਸਿੰਘ ਬਾਠ ਤੇ ਸ. ਅਵਤਾਰ ਸਿੰਘ ਸੈਂਪਲਾ ਵਧੀਕ ਸਕੱਤਰ ਸ. ਦਿਲਜੀਤ ਸਿੰਘ ਬੇਦੀ, ਸ. ਬਲਵਿੰਦਰ ਸਿੰਘ ਜੌੜਾਸਿੰਘਾ, ਸ. ਪ੍ਰਤਾਪ ਸਿੰਘ, ਸ. ਬਿਜੈ ਸਿੰਘ, ਸ. ਮਹਿੰਦਰ ਸਿੰਘ ਆਹਲੀ, ਸ. ਸੁਖਦੇਵ ਸਿੰਘ ਭੂਰਾਕੋਹਨਾ, ਸ਼੍ਰੋਮਣ ਕਮੇਟੀ ਪ੍ਰਧਾਨ ਦੇ ਨਿੱਜੀ ਸਹਾਇਕ ਸ. ਜਗਜੀਤ ਸਿੰਘ ਜੱਗੀ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਸੁਲੱਖਣ ਸਿੰਘ ਭੰਗਾਲੀ ਤੇ ਸ. ਗੁਰਿੰਦਰ ਸਿੰਘ ਮਥਰੇਵਾਲ ਸਮੇਤ ਹੋਰ ਹਾਜ਼ਰ ਸਨ।

## ਜਸਟਿਨ ਟਰੂਡੋ ਨੇ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੂੰ ਦਿੱਤਾ ਯਾਦਗਾਰੀ ਸਿੱਕਾ ਸਿੱਕਾ ਕੇਂਦਰੀ ਸਿੱਖ ਅਜਾਇਬਘਰ 'ਚ ਸੰਭਾਲੇਗੀ ਸ਼੍ਰੋਮਣੀ ਕਮੇਟੀ -ਡਾ.ਰੂਪ ਸਿੰਘ

ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅੰਮ੍ਰਿਤਸਰ ਦੇ ਦਰਸ਼ਨ ਕਰਨ ਆਏ ਕੈਨੇਡਾ ਦੇ ਪ੍ਰਧਾਨ ਮੰਤਰੀ ਮਿਸਟਰ ਜਸਟਿਨ ਟਰੂਡੋ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੂੰ ਇਕ ਯਾਦਗਾਰੀ ਸਿੱਕਾ ਤੋਹਫ਼ੇ ਵਜੋਂ ਦਿੱਤਾ ਹੈ। ਇਹ ਸੁਨਹਿਰੀ ਸਿੱਕਾ ਜਸਟਿਨ ਟਰੂਡੋ ਨੇ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੂੰ ਉਦੋਂ ਦਿੱਤਾ, ਜਦੋਂ ਸ਼੍ਰੋਮਣੀ ਕਮੇਟੀ ਵੱਲੋਂ ਉਨ੍ਹਾਂ ਨੂੰ ਸ੍ਰੀ ਦਰਬਾਰ ਸਾਹਿਬ ਦੇ ਸੂਚਨਾ ਕੇਂਦਰ ਵਿਖੇ ਸਨਮਾਨਤਿ ਕੀਤਾ ਗਿਆ ਸੀ। ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ.ਰੂਪ ਸਿੰਘ ਨੇ ਦੱਸਿਆ ਕਿ ਕੈਨੇਡਾ ਦੇ ਪ੍ਰਧਾਨ ਮੰਤਰੀ ਅਤੇ ਉਨ੍ਹਾਂ ਦੇ ਪਰਿਵਾਰ ਨੂੰ ਸ਼੍ਰੋਮਣੀ ਕਮੇਟੀ ਨੇ ਪੰਥਕ ਰਵਾਇਤਾਂ ਅਨੁਸਾਰ ਸਨਮਾਨਤ ਕਰਦਿਆਂ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ, ਸ੍ਰੀ ਸਾਹਿਬ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਸੁਨਹਿਰੀ ਮਾਡਲ ਦਿੱਤੇ ਸਨ। ਇਸੇ ਦੌਰਾਨ ਜਸਟਿਨ ਟਰੂਡੋ ਵੱਲੋਂ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੂੰ ਤੋਹਫ਼ੇ ਵਜੋਂ ਇਕ ਸੁਨਹਿਰੀ ਸਿੱਕਾ ਦਿੱਤਾ ਗਿਆ, ਜਿਸ ਨੂੰ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਖੁਸ਼ੀ ਨਾਲ ਪ੍ਰਵਾਨ ਕੀਤਾ। ਉਨ੍ਹਾਂ ਦੱਸਿਆ ਕਿ ਇੱਕ ਸੁੰਦਰ ਬਕਸੇ ਵਿਚ ਪੈਕ ਕਰਕੇ ਦਿੱਤੇ ਗਏ ਇਸ ਸੁਨਹਿਰੀ ਸਿੱਕੇ 'ਤੇ ਮੈਪਲ ਟਰੀ ਉਕਰਿਆ ਹੋਇਆ ਹੈ। ਡਾ. ਰੂਪ ਸਿੰਘ ਅਨੁਸਾਰ ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਇਸ ਯਾਦਗਾਰੀ ਸਿੱਕੇ ਨੂੰ ਕੇਂਦਰੀ ਸਿੱਖ ਅਜਾਇਬਘਰ ਵਿਚ ਰੱਖਣ ਦਾ ਅਦੇਸ਼ ਕੀਤਾ ਹੈ ਅਤੇ ਇਸ ਕਾਰਜ ਲਈ ਉਨ੍ਹਾਂ ਨੇ ਸਿੱਕਾ ਆਪਣੇ ਨਿੱਜੀ ਸਹਾਇਕ ਸ. ਜਗਜੀਤ ਸਿੰਘ ਜੱਗੀ ਨੂੰ ਸੌਂਪ ਦਿੱਤਾ ਹੈ। ਉਨ੍ਹਾਂ ਕਿਹਾ ਕਿ ਹੁਣ ਇਹ ਕੀਮਤੀ ਸੌਗਾਤ ਕੇਂਦਰੀ ਸਿੱਖ ਅਜਾਇਬ ਘਰ ਦਾ ਹਿੱਸਾ ਬਣੇਗੀ ਅਤੇ ਇਸ ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨਤਮਸਤਕ ਹੋਣ ਵਾਲੀਆਂ ਸੰਗਤਾਂ ਵੀ ਵੇਖ ਸਕਣਗੀਆਂ।

੨੧ ਫਰਵਰੀ

## ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਦਿੱਲੀ ਵਿਚ ਅਨੰਦ ਮੈਰਿਜ ਐਕਟ ਲਾਗੂ ਹੋਣ ਦਾ ਕੀਤਾ ਸਵਾਗਤ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਦਿੱਲੀ ਵਿਚ ਅਨੰਦ ਮੈਰਿਜ ਐਕਟ ਲਾਗੂ ਹੋਣ ਦਾ ਜ਼ੋਰਦਾਰ ਸਵਾਗਤ ਕੀਤਾ ਹੈ। ਉਨ੍ਹਾਂ ਕਿਹਾ ਕਿ ਇਹ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਅਤੇ ਦਿੱਲੀ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਦੇ ਆਗੂਆਂ ਸ. ਮਨਜੀਤ ਸਿੰਘ ਜੀ.ਕੇ. ਤੇ ਸ. ਮਨਜਿੰਦਰ ਸਿੰਘ ਸਿਰਸਾ ਦੇ ਯਤਨਾਂ ਸਦਕਾ ਸੰਭਵ ਹੋ ਸਕਿਆ ਹੈ, ਜਿਸ ਲਈ ਉਹ ਵਧਾਈ ਦੇ ਪਾਤਰ ਹਨ। ਉਨ੍ਹਾਂ ਕਿਹਾ ਕਿ ਸਿੱਖ ਕੌਮ ਲੰਮੇ ਸਮੇਂ ਤੋਂ ਅਨੰਦ ਮੈਰਿਜ ਐਕਟ ਨੂੰ ਲਾਗੂ ਕਰਵਾਉਣ ਲਈ ਯਤਨਸ਼ੀਲ ਰਹੀ ਹੈ ਅਤੇ ਇਹ ਪ੍ਰਸੰਨਤਾ ਦੀ ਗੱਲ ਹੈ ਕਿ ਹੁਣ ਤਕ ਭਾਰਤ ਦੇ ਕਈ ਸੂਬਿਆਂ ਅੰਦਰ ਇਸ ਨੂੰ ਮਾਨਤਾ ਮਿਲ ਚੁੱਕੀ ਹੈ। ਇਸ ਦੇ ਨਾਲ ਹੀ ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਭਾਰਤ ਸਰਕਾਰ ਤੋਂ ਮੰਗ ਕੀਤੀ ਕਿ ਅਨੰਦ ਮੈਰਿਜ ਐਕਟ ਨੂੰ ਦੇਸ਼ ਦੇ ਬਾਕੀ ਰਾਜਾਂ ਵਿਚ ਵੀ ਲਾਗੂ ਕਰਾਉਣ ਲਈ ਕਦਮ ਚੁੱਕੇ ਜਾਣ ਤਾਂ ਜੋ ਸਿੱਖ ਇਸ ਐਕਟ ਅਧੀਨ ਆਪਣੇ ਅਨੰਦ ਕਾਰਜ ਰਜਿਸਟਰਡ ਕਰਵਾ ਸਕਨ।

੦੪ ਫਰਵਰੀ

## ਅਮਰੀਕਾ 'ਚ ਸਿੱਖ ਦੇ ਗੈਸ ਸਟੇਸ਼ਨ 'ਤੇ ਹਮਲੇ ਦੀ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕੀਤੀ ਨਿੰਦਾ

ਅੰਮ੍ਰਿਤਸਰ- ਅਮਰੀਕਾ ਦੇ ਸੂਬੇ ਕੈਨਟਕੀ 'ਚ ਗੈਰੀ ਸਿੰਘ ਨਾਮ ਦੇ ਇੱਕ ਸਿੱਖ ਦੇ ਗੈਸ ਸਟੇਸ਼ਨ ਨਸਲੀ ਹਮਲੇ ਤਹਿਤ ਕੀਤੀ ਗਈ ਭੰਨ-ਤੋੜ ਦੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਸਖਤ ਸ਼ਬਦਾਂ ਵਿਚ ਨਿੰਦਾ ਕੀਤੀ ਹੈ। ਘਟਨਾ ਸਬੰਧੀ ਖਬਰ ਸਾਹਮਣੇ ਆਉਣ ਤੋਂ ਬਾਅਦ ਸ਼੍ਰੋਮਣੀ ਕਮੇਟੀ ਦਫਤਰ ਤੋਂ ਜਾਰੀ ਇੱਕ ਬਿਆਨ ਰਾਹੀਂ ਭਾਈ ਲੌਂਗੋਵਾਲ ਨੇ ਕਿਹਾ ਕਿ ਦੇਸ਼-ਵਿਦੇਸ਼ ਵਿਚ ਵੱਸਦਾ ਸਿੱਖ ਭਾਈਚਾਰਾ ਆਪਣੀ ਲਿਆਕਤ ਅਤੇ ਮਿਹਨਤ ਨਾਲ ਅੱਗੇ ਵਧਿਆ ਹੈ ਅਤੇ ਵੱਖ-ਵੱਖ ਮੁਲਕਾਂ ਦੀ ਤਰੱਕੀ ਵਿਚ ਸਿੱਖਾਂ ਦੇ ਯੋਗਦਾਨ ਨੂੰ ਨਕਾਰਿਆ ਨਹੀਂ ਜਾ ਸਕਦਾ। ਪਰੰਤੂ ਵੱਖ-ਵੱਖ ਦੇਸ਼ਾਂ ਦੀ ਉੱਨਤੀ ਵਿਚ ਭਾਈਵਾਲ ਸਿੱਖਾਂ 'ਤੇ ਹੁੰਦੇ ਨਸਲੀ ਹਮਲੇ ਚਿੰਤਾਜਨਕ ਹਨ ਅਤੇ ਇਸ ਸਬੰਧੀ ਭਾਰਤ ਸਰਕਾਰ ਨੂੰ ਵਿਦੇਸ਼ਾਂ ਦੀਆਂ ਸਰਕਾਰਾਂ ਨਾਲ ਉੱਚ ਪੱਧਰੀ ਗੱਲਬਾਤ ਕਰਨੀ ਚਾਹੀਦੀ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਅਮਰੀਕਾ 'ਚ ਸਾਹਮਣੇ ਆਏ ਤਾਜ਼ਾ ਮਾਮਲੇ ਦੇ ਦੋਸ਼ੀਆਂ ਨੂੰ ਤੁਰੰਤ ਗ੍ਰਿਫਤਾਰ ਕਰਨ ਦੀ ਮੰਗ ਕਰਦਿਆਂ ਕਿਹਾ ਕਿ ਇਸ ਸਬੰਧੀ ਭਾਰਤ ਦੇ ਵਿਦੇਸ਼ ਮੰਤਰਾਲੇ ਨੂੰ ਆਪਣੀ ਬਣਦੀ ਭੂਮਿਕਾ ਨਿਭਾਉਣੀ ਚਾਹੀਦੀ ਹੈ। ਭਾਈ ਲੌਂਗੋਵਾਲ ਨੇ ਵਿਦੇਸ਼ਾਂ ਅੰਦਰ ਵੱਸਦੇ ਸਿੱਖ ਭਾਈਚਾਰੇ ਅਤੇ ਸਥਾਨਕ ਗੁਰਦੁਆਰਾ ਕਮੇਟੀਆਂ ਨੂੰ ਵੀ ਅਪੀਲ ਕੀਤੀ ਕਿ ਉਹ ਅਜਿਹੇ ਮਾਮਲਿਆਂ ਨਾਲ ਨਜਿੱਠਣ ਲਈ ਇਕਜੁੱਟਤਾ ਨਾਲ ਹੰਭਲਾ ਮਾਰਨ ਅਤੇ ਸਿੱਖ ਪਛਾਣ ਦੀ ਵਿਲੱਖਣਤਾ ਦੇ ਨਾਲ-ਨਾਲ ਸਿੱਖੀ ਦੀਆਂ ਮੁੱਲਵਾਨ ਕਦਰਾਂ ਕੀਮਤਾਂ ਤੋਂ ਵੀ ਸਥਾਨਕ ਲੋਕਾਂ ਨੂੰ ਜਾਣੂੰ ਕਰਾਉਣ। ੦੮ ਫਰਵਰੀ

## ਧਰਮ ਪ੍ਰਚਾਰ ਨੂੰ ਸਿਖ਼ਰ 'ਤੇ ਪਹੁੰਚਾਉਣ ਲਈ ਸ਼੍ਰੋਮਣੀ ਕਮੇਟੀ ੧੦੦ ਪ੍ਰਚਾਰਕ ਤੇ ੨੦ ਢਾਡੀ ਜਥੇ ਰੱਖੇਗੀ -ਭਾਈ ਲੌਂਗੋਵਾਲ

## ਗਰੀਬ ਅਤੇ ਲੋੜਵੰਦ ਸਿੱਖ ਪਰਿਵਾਰਾਂ ਦੀਆਂ ਲੜਕੀਆਂ ਦੇ ਵਿਆਹਾਂ ਸਮੇਂ ਸ੍ਰੀ ਅਖੰਡ ਪਾਠ ਸਾਹਿਬ ਦੀ ਭੇਟਾ ਦੇਣ ਅਤੇ

## ਗਰੀਬ ਬਸਤੀਆਂ ਤੇ ਸਰਹੱਦੀ ਖੇਤਰਾਂ 'ਚ ਮੈਡੀਕਲ ਵੈਨਾਂ ਚਲਾਉਣ ਦਾ ਫੈਸਲਾ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਗਰੀਬ ਅਤੇ ਲੋੜਵੰਦ ਸਿੱਖ ਪਰਿਵਾਰਾਂ ਦੀਆਂ ਲੜਕੀਆਂ ਦੇ ਵਿਆਹਾਂ ਸਮੇਂ ਸ੍ਰੀ ਅਖੰਡ ਪਾਠ ਸਾਹਿਬ ਦੀ ਭੇਟਾ ਦੇਣ, ਗਰੀਬ ਬਸਤੀਆਂ ਤੇ ਸਰਹੱਦੀ ਖੇਤਰਾਂ ਵਿਚ ਲੋੜਵੰਦ ਮਰੀਜ਼ਾਂ ਲਈ ਮੈਡੀਕਲ ਵੈਨਾਂ ਵੀ ਚਲਾਉਣ ਅਤੇ ਧਰਮ ਪ੍ਰਚਾਰ ਲਹਿਰ ਨੂੰ ਸਿਖ਼ਰ 'ਤੇ ਪਹੁੰਚਾਉਣ ਲਈ ਪ੍ਰਚਾਰਕ ਭਰਤੀ ਕਰਨ ਦਾ ਫ਼ੈਸਲਾ ਕੀਤਾ ਹੈ। ਇਹ ਐਲਾਨ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਅੱਜ ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਅਤੇ ਨੌਵੀਂ ਕੁਰੂਕਸ਼ੇਤਰ ਵਿਖੇ ਧਰਮ ਪ੍ਰਚਾਰ ਕਮੇਟੀ ਦੀ ਇਕੱਤਰਤਾ ਤੋਂ ਬਾਅਦ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਇਕੱਤਰਤਾ ਦੌਰਾਨ ਲਏ ਗਏ ਫ਼ੈਸਲਿਆਂ ਬਾਰੇ ਵਿਸਥਾਰ ਵਿਚ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਜਿਥੇ ਗਰੀਬ ਅਤੇ ਲੋੜਵੰਦ ਸਿੱਖ ਪਰਿਵਾਰਾਂ ਦੀਆਂ ਲੜਕੀਆਂ ਦੇ ਵਿਆਹਾਂ ਸਮੇਂ ਸ੍ਰੀ ਅਖੰਡ ਪਾਠ ਸਾਹਿਬ ਦੀ ਭੇਟਾ ਦਿੱਤੀ ਜਾਵੇਗੀ, ਉਥੇ ਹੀ ਗਰੀਬ ਸਿੱਖਾਂ ਦੀ ਮੌਤ ਸਮੇਂ ਵੀ ਸ੍ਰੀ ਅਖੰਡ ਪਾਠ ਸਾਹਿਬ ਦੀ ਭੇਟਾ ਸ਼੍ਰੋਮਣੀ ਕਮੇਟੀ ਦੇਵੇਗੀ। ਉਨ੍ਹਾਂ ਦੱਸਿਆ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਲਏ ਗਏ ਇਕ ਹੋਰ ਅਹਿਮ ਫ਼ੈਸਲੇ ਤਹਿਤ ਗਰੀਬ ਬਸਤੀਆਂ ਅਤੇ ਸਰਹੱਦੀ ਖੇਤਰਾਂ ਵਿਚ ਲੋੜਵੰਦ ਮਰੀਜ਼ਾਂ ਦੀ ਸਹਾਇਤਾ ਲਈ ਡਾਕਟਰੀ ਸਹੂਲਤਾਂ ਦਿੱਤੀਆਂ ਜਾਣਗੀਆਂ। ਇਸ ਕਾਰਜ ਲਈ ਪੰਜਾਬ ਦੇ ਤਿੰਨ ਜੋਨਾਂ: ਸ੍ਰੀ ਅਕਾਲ ਤਖ਼ਤ ਸਾਹਿਬ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਅਤੇ ਤਖ਼ਤ ਸ੍ਰੀ ਦਮਦਮਾ ਸਾਹਿਬ ਤੋਂ ਮੈਡੀਕਲ ਵੈਨਾਂ ਚਲਾਈਆਂ ਜਾਣਗੀਆਂ, ਜਿਨ੍ਹਾਂ ਵਿਚ ਡਾਕਟਰ, ਸਰਾਫ਼ ਨਰਸ ਸਮੇਤ ਹੋਰ ਲੋੜੀਂਦਾ ਸਟਾਫ਼ ਅਤੇ ਲੋੜ ਅਨੁਸਾਰ

ਦਵਾਈਆਂ ਹੋਣਗੀਆਂ। ਇਹ ਮੈਡੀਕਲ ਸਹੂਲਤਾਂ ਪਿਛੜੇ ਇਲਾਕਿਆਂ ਅਤੇ ਲੋੜਵੰਦਾਂ ਤੱਕ ਪਹੁੰਚ ਕਰਨਗੀਆਂ।

ਭਾਈ ਲੌਂਗੋਵਾਲ ਨੇ ਸ਼੍ਰੋਮਣੀ ਕਮੇਟੀ ਧਰਮ ਪ੍ਰਚਾਰ ਲਹਿਰ ਨੂੰ ਘਰ-ਘਰ ਤੱਕ ਪਹੁੰਚਾਉਣ ਲਈ ਵਚਨਬੱਧ ਹੈ ਅਤੇ ਇਸ ਕਾਰਜ ਲਈ ੧੦੦ ਪ੍ਰਚਾਰਕ, ੨੦ ਢਾਡੀ ਜਥੇ ਅਤੇ ੧੦ ਕਵੀਸ਼ਰੀ ਜਥੇ ਹੋਰ ਰੱਖੇ ਜਾਣਗੇ। ਉਨ੍ਹਾਂ ਕਿਹਾ ਕਿ ਇਹ ਪ੍ਰਚਾਰਕ ਜਥੇ ਸਥਾਨਕ ਪੱਧਰ ਤੋਂ ਹੀ ਲਏ ਜਾਣਗੇ ਤਾਂ ਜੋ ਇਲਾਕਾਈ ਸਮਝ ਅਨੁਸਾਰ ਜ਼ਮੀਨੀ ਪੱਧਰ ਤੱਕ ਧਰਮ ਪ੍ਰਚਾਰ ਕਰਨ ਸਮੇਂ ਮੁਸ਼ਕਲ ਨਾ ਆਵੇ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਹੋਰ ਦੱਸਿਆ ਕਿ ਹਰ ਜ਼ਿਲ੍ਹੇ ਵਿਚ ਗ੍ਰੰਥੀ ਸਿੰਘਾਂ ਦੀ ਸੰਥਿਆ ਕਰਵਾਉਣ ਲਈ ਕੈਂਪ ਲਗਾਏ ਜਾਣਗੇ ਅਤੇ ਇਨ੍ਹਾਂ ਕੈਂਪਾਂ ਦੀ ਅਰੰਭਤਾ ਤਖ਼ਤ ਸਾਹਿਬਾਨ ਤੋਂ ਕੀਤੀ ਜਾਵੇਗੀ। ਉਨ੍ਹਾਂ ਇਹ ਵੀ ਦੱਸਿਆ ਕਿ ਸਫ਼ਲਤਾ ਪੂਰਵਕ ਗੁਰਬਾਣੀ ਦੀ ਸੰਥਿਆ ਲੈਣ ਵਾਲੇ ਗ੍ਰੰਥੀ ਸਿੰਘਾਂ ਨੂੰ ਸਤਿਕਾਰ ਵਜੋਂ ੫੧੦੦ ਰੁਪਏ, ਸਰਟੀਫਿਕੇਟ ਅਤੇ ਮੈਡਲ ਦਿੱਤੇ ਜਾਣਗੇ। ਭਾਈ ਲੌਂਗੋਵਾਲ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਪਿੰਡਾਂ ਦੇ ਗੁਰਦੁਆਰਿਆਂ ਵਿਚ ਸਵੇਰੇ ਸ਼ਾਮ ਕਥਾ ਕਰਨ ਵਾਲੇ ਗ੍ਰੰਥੀਆਂ ਨੂੰ ੧੧੦੦ ਸੇਵਾਫਲ ਵਜੋਂ ਦਿੱਤੇ ਜਾਣਗੇ, ਪ੍ਰੰਤੂ ਇਸ ਲਈ ਗ੍ਰੰਥੀ ਸਿੰਘਾਂ ਨੂੰ ਇਕ ਟੈਸਟ ਪਰਕ੍ਰਿਆ ਵਿੱਚੋਂ ਲੰਘਣਾ ਪਵੇਗਾ। ਇਸੇ ਤਰ੍ਹਾਂ ਅੰਮ੍ਰਿਤ ਸੰਚਾਰ ਸਮੇਂ ਪੰਜ ਪਿਆਰਿਆਂ ਵਿਚ ਸ਼ਾਮਲ ਹੋਣ ਵਾਲੇ ਅਤੇ ਧਰਮ ਪ੍ਰਚਾਰ ਲਹਿਰ ਨੂੰ ਉਤਸ਼ਾਹਿਤ ਕਰਨ ਵਾਲੇ ਗ੍ਰੰਥੀ ਸਿੰਘਾਂ ਨੂੰ ਵਿਸ਼ੇਸ਼ ਸਨਮਾਨ ਦਿੱਤੇ ਜਾਣਗੇ।

ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਹੋਰ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਚਲਾਏ ਜਾ ਰਹੇ ਸਕੂਲਾਂ ਕਾਲਜਾਂ ਵਿਚ ਸਿੱਖ ਧਰਮ ਦਾ ਵਿਸ਼ਾ ਜ਼ਰੂਰੀ ਕੀਤਾ ਜਾਵੇਗਾ ਅਤੇ ਹਰ ਸਕੂਲ ਕਾਲਜ ਵਿਚ ਧਾਰਮਿਕ ਅਧਿਆਪਕ ਅਤੇ ਲੈਕਚਰਾਰ ਭਰਤੀ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਬੱਚਿਆਂ ਨੂੰ ਗੁਰਮਤਿ ਨਾਲ ਜੋੜਨ ਲਈ ਵਿਦਿਅਕ ਅਦਾਰਿਆਂ ਅੰਦਰ ਵੱਖ-ਵੱਖ ਤਰ੍ਹਾਂ ਦੇ ਇਨਾਮੀ ਮੁਕਾਬਲੇ ਕਰਵਾਏ ਜਾਣਗੇ, ਜਿਨ੍ਹਾਂ ਵਿਚ ਢਾਡੀ, ਕਵੀਸ਼ਰੀ, ਲੈਕਚਰ ਅਤੇ ਸਿੱਖ ਵਿਰਾਸਤ ਸਬੰਧੀ ਸਵਾਲ ਜਵਾਬ ਦੇ ਮੁਕਾਬਲੇ ਵਿਸ਼ੇਸ਼ ਹੋਣਗੇ। ਇਸੇ ਤਰ੍ਹਾਂ ਸਕੂਲਾਂ ਕਾਲਜਾਂ ਦੇ ਵਿਦਿਆਰਥੀਆਂ ਦੇ ਗੁਰਮਤਿ ਟ੍ਰੇਨਿੰਗ ਅਤੇ ਸਿੱਖ ਨੌਜੁਆਨ ਲੀਡਰਸ਼ਿਪ ਕੈਂਪ ਲਗਾਉਣ ਦਾ ਫ਼ੈਸਲਾ ਕੀਤਾ ਗਿਆ ਹੈ। ਭਾਈ ਲੌਂਗੋਵਾਲ ਨੇ ਕਿਹਾ ਕਿ ਵਿਸਾਖਾਪਟਨਮ ਵਿਖੇ ੮੪ ਸਿਕਲੀਗਰ ਸਿੱਖ ਬੱਚਿਆਂ ਦੀ ਫ਼ੀਸਾਂ ਲਈ ੮ ਲੱਖ ਰੁਪਏ ਦੀ ਰਾਸ਼ੀ ਨੂੰ ਪ੍ਰਵਾਨਗੀ ਦਿੱਤੀ ਗਈ ਹੈ ਜੋ ਸਿੱਧੇ ਤੌਰ 'ਤੇ ਸਕੂਲਾਂ ਨੂੰ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਕੀਤੇ ਜਾਂਦੇ ਧਰਮ ਪ੍ਰਚਾਰ ਸਮਾਗਮਾਂ ਨੂੰ ਵੱਧ ਤੋਂ ਵੱਧ ਸੰਗਤਾਂ ਤੱਕ ਪਹੁੰਚਾਉਣ ਲਈ ਹਰ ਮਹੀਨੇ ਧਰਮ ਪ੍ਰਚਾਰ ਸਰਗਰਮੀਆਂ ਪ੍ਰਕਾਸ਼ਤ ਕਰਨ ਦਾ ਵੀ ਫ਼ੈਸਲਾ ਕੀਤਾ ਗਿਆ ਹੈ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ, ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜਾਇਬ ਸਿੰਘ ਅਭਿਆਸੀ, ਸ. ਅਵਤਾਰ ਸਿੰਘ ਵਣਵਾਲਾ, ਸ. ਰਾਮਪਾਲ ਸਿੰਘ ਬਹਿਨੀਵਾਲ, ਸ. ਸੁਖਵਰਸ਼ ਸਿੰਘ ਪੰਨੂੰ, ਸ. ਤੇਜਿੰਦਰਪਾਲ ਸਿੰਘ ਲਾਡਵਾ, ਸ. ਮਨਜੀਤ ਸਿੰਘ ਬੱਪੀਆਣਾ, ਬਾਬਾ ਗੁਰਮੀਤ ਸਿੰਘ ਤ੍ਰਿਲੋਕੇਵਾਲਾ ਅੰਤ੍ਰਿੰਗ ਮੈਂਬਰ, ਸ. ਬਲਦੇਵ ਸਿੰਘ ਕਾਇਮਪੁਰ, ਸ. ਭੁਪਿੰਦਰ ਸਿੰਘ ਅਸੰਧ, ਸ. ਹਰਭਜਨ ਸਿੰਘ ਮਸਾਣਾ, ਬੀਬੀ ਮਨਜੀਤ ਕੌਰ ਕੰਧੋਲਾ, ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਅਵਤਾਰ ਸਿੰਘ ਸੈਂਪਲਾ, ਵਧੀਕ ਸਕੱਤਰ ਸ. ਦਿਲਜੀਤ ਸਿੰਘ ਬੇਦੀ, ਸ. ਬਲਵਿੰਦਰ ਸਿੰਘ ਜੌੜਾਸਿੰਘਾ, ਨਿੱਜੀ ਸਹਾਇਕ ਸ. ਜਗਜੀਤ ਸਿੰਘ ਜੱਗੀ, ਸ. ਹਰਜੀਤ ਸਿੰਘ ਲਾਲੂਘੁੰਮਣ, ਸ. ਗੁਰਿੰਦਰਪਾਲ ਸਿੰਘ ਠਰੂ, ਸ. ਪਰਮਜੀਤ ਸਿੰਘ ਇੰਚਾਰਜ, ਸ. ਮੰਗਪ੍ਰੀਤ ਸਿੰਘ, ਸ. ਸ਼ਰਨਜੀਤ ਸਿੰਘ ਸੋਥਾ, ਸ. ਗੁਰਜੋਤ ਸਿੰਘ ਨਿਡਰ, ਸ. ਕੰਵਲਜੀਤ ਸਿੰਘ ਅਜਰਾਣਾ ਅਤੇ ਹੋਰ ਮੌਜੂਦ ਸਨ।

੦੯ ਫ਼ਰਵਰੀ

## ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਡਿਉੜੀ ਦੇ ਗੁੰਬਦਾਂ ਉਪਰ ਸੋਨਾ ਲਗਾਉਣ ਦੀ ਕਾਰ ਸੇਵਾ ਆਰੰਭ

ਅੰਮ੍ਰਿਤਸਰ- ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਘੰਟਾ ਘਰ ਵਾਲੇ ਪ੍ਰਵੇਸ਼ ਦੁਆਰ ਦੀ ਡਿਉੜੀ ਦੇ ਗੁੰਬਦਾਂ ਉਪਰ ਸੋਨੇ ਦੇ ਪੱਤਰੇ ਲਗਾਉਣ ਦੀ ਕਾਰ ਸੇਵਾ ਅੱਜ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ, ਜਥੇਦਾਰ

ਗਿਆਨੀ ਗੁਰਬਚਨ ਸਿੰਘ, ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਹਾਜ਼ਰੀ ਵਿਚ ਬਾਬਾ ਕਸ਼ਮੀਰ ਸਿੰਘ ਭੂਰੀ ਵਾਲਿਆਂ ਵੱਲੋਂ ਆਰੰਭ ਕੀਤੀ ਗਈ। ਕਾਰ ਸੇਵਾ ਦੀ ਆਰੰਭਤਾ ਭਾਈ ਕੁਲਵਿੰਦਰ ਸਿੰਘ ਵੱਲੋਂ ਕੀਤੀ ਗਈ ਅਰਦਾਸ ਉਪਰੰਤ ਹੋਈ। ਦੱਸਣਯੋਗ ਹੈ ਕਿ ਡਿਉੜੀ ਉਪਰ ਬਣੇ ਮੁੱਖ ਗੁੰਬਦ 'ਤੇ ਲਗਾਉਣ ਲਈ ੧੯ ਗੇਜ ਤਾਂਬੇ ਦੇ ਪੱਤਰਿਆਂ 'ਤੇ ਸੋਨੇ ਦੀਆਂ ੨੨ ਪਰਤਾਂ ਚੜ੍ਹਾਈਆਂ ਜਾਣਗੀਆਂ। ਇਸ ਤੋਂ ਇਲਾਵਾ ਛੋਟੇ ਗੁੰਬਦਾਂ ਉਪਰ ਵੀ ਇਹ ਪੱਤਰੇ ਲਗਾਏ ਜਾਣਗੇ। ਇਨ੍ਹਾਂ ਤਾਂਬੇ ਦੇ ਪੱਤਰਿਆਂ ਉਪਰ ੪੦ ਕਿੱਲੋ ਦੇ ਕਰੀਬ ਸੋਨਾ ਲਗਾਇਆ ਜਾਵੇਗਾ।

ਇਸ ਮੌਕੇ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਗਿਆਨੀ ਗੁਰਬਚਨ ਸਿੰਘ ਨੇ ਬਾਬਾ ਕਸ਼ਮੀਰ ਸਿੰਘ ਭੂਰੀਵਾਲਿਆਂ ਵੱਲੋਂ ਕਰਵਾਈ ਜਾ ਰਹੀ ਡਿਉੜੀ ਦੀ ਕਾਰਸੇਵਾ ਦੀ ਸ਼ਲਾਘਾ ਕਰਦਿਆਂ ਸਮੂਹ ਸੰਗਤਾਂ ਨੂੰ ਇਸ ਸੇਵਾ ਵਿਚ ਤਨ, ਮਨ ਤੇ ਧਨ ਨਾਲ ਯੋਗਦਾਨ ਪਾਉਣ ਦੀ ਅਪੀਲ ਕੀਤੀ। ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਇਸ ਮੌਕੇ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸਿੱਖਾਂ ਲਈ ਮੁਕੱਦਸ ਅਸਥਾਨ ਹੈ ਅਤੇ ਇਸ ਪਾਵਨ ਅਸਥਾਨ ਵਿਖੇ ਸਮੇਂ-ਸਮੇਂ 'ਤੇ ਸੰਗਤ ਦੇ ਸਹਿਯੋਗ ਨਾਲ ਕਾਰ ਸੇਵਾਵਾਂ ਕਰਵਾਈਆਂ ਜਾਂਦੀਆਂ ਹਨ। ਉਨ੍ਹਾਂ ਆਸ ਪ੍ਰਗਟਾਈ ਕਿ ਬਾਬਾ ਕਸ਼ਮੀਰ ਸਿੰਘ ਭੂਰੀਵਾਲਿਆਂ ਵੱਲੋਂ ਕਰਵਾਈ ਜਾ ਰਹੀ ਡਿਉੜੀ ਦੀ ਕਾਰ ਸੇਵਾ ਜਲਦ ਹੀ ਪੂਰੀ ਹੋਵੇਗੀ। ਇਸ ਮੌਕੇ ਬਾਬਾ ਕਸ਼ਮੀਰ ਸਿੰਘ ਨੇ ਕਿਹਾ ਕਿ ਇਹ ਕਾਰ ਸੇਵਾ ਅਪ੍ਰੈਲ ਮਹੀਨੇ ਤਕ ਮੁਕੰਮਲ ਕਰ ਲਏ ਜਾਣ ਦੀ ਸੰਭਾਵਨਾ ਹੈ। ਉਨ੍ਹਾਂ ਸ਼੍ਰੋਮਣੀ ਕਮੇਟੀ ਅਤੇ ਸੰਗਤਾਂ ਦਾ ਧੰਨਵਾਦ ਵੀ ਕੀਤਾ।

ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ, ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਸ. ਗੁਰਬਚਨ ਸਿੰਘ ਕਰਮੂੰਵਾਲਾ, ਬਾਬਾ ਸੁਖਵਿੰਦਰ ਸਿੰਘ ਭੂਰੀਵਾਲੇ, ਮੈਂਬਰ ਭਾਈ ਰਾਮ ਸਿੰਘ, ਭਾਈ ਮਨਜੀਤ ਸਿੰਘ, ਸ. ਅਜਾਇਬ ਸਿੰਘ ਅਭਿਆਸੀ, ਸ. ਬਾਵਾ ਸਿੰਘ ਗੁਮਾਨਪੁਰਾ, ਸ. ਮਲਕੀਤ ਸਿੰਘ ਚੰਗਾਲ, ਸ. ਗੁਰਪ੍ਰੀਤ ਸਿੰਘ ਝੱਬਰ, ਸ. ਜਗਸੀਰ ਸਿੰਘ ਮਾਂਗਿਆਣਾ ਤੇ ਸ. ਹਰਜਾਪ ਸਿੰਘ ਸੁਲਤਾਨਵਿੰਡ, ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਮਨਜੀਤ ਸਿੰਘ ਬਾਠ, ਵਧੀਕ ਸਕੱਤਰ ਸ. ਦਿਲਜੀਤ ਸਿੰਘ ਬੇਦੀ, ਸ. ਬਲਵਿੰਦਰ ਸਿੰਘ ਜੌੜਾ ਸਿੰਘਾ ਤੇ ਸ. ਸੁਖਦੇਵ ਸਿੰਘ ਭੂਰਾ ਕੋਹਨਾ, ਨਿੱਜੀ ਸਹਾਇਕ ਸ. ਜਗਜੀਤ ਸਿੰਘ ਜੱਗੀ, ਮੀਤ ਸਕੱਤਰ ਸ. ਕੁਲਵਿੰਦਰ ਸਿੰਘ ਰਮਦਾਸ ਤੇ ਸ. ਗੁਰਮੀਤ ਸਿੰਘ ਬੁੱਟਰ, ਮੈਨੇਜਰ ਸ. ਸੁਲੱਖਣ ਸਿੰਘ ਭੰਗਾਲੀ, ਸੁਪ੍ਰਿੰਟੈਂਡੈਂਟ ਸ. ਸਤਨਾਮ ਸਿੰਘ, ਵਧੀਕ ਮੈਨੇਜਰ ਸ. ਸੁਖਬੀਰ ਸਿੰਘ ਤੇ ਸ. ਲਖਬੀਰ ਸਿੰਘ, ਸ. ਰਾਮ ਸਿੰਘ ਭਿੰਡਰ, ਸ. ਨਵਇੰਦਰ ਸਿੰਘ ਲੌਂਗੋਵਾਲ, ਬਾਬਾ ਪ੍ਰੇਮ ਸਿੰਘ, ਬਾਬਾ ਜੱਗਾ ਸਿੰਘ, ਬਾਬਾ ਸੋਹਨ ਸਿੰਘ, ਮਹੰਤ ਗੋਪਾਲ ਸਿੰਘ, ਬਾਬਾ ਗੁਰਨਾਮ ਸਿੰਘ, ਸ. ਗੁਰਦੀਪ ਸਿੰਘ, ਸ. ਯਾਦਵਿੰਦਰ ਸਿੰਘ ਆਦਿ ਹਾਜ਼ਰ ਸਨ। ੧੦ ਫ਼ਰਵਰੀ

## ਰਾਗੀ ਭਾਈ ਹਰੀ ਸਿੰਘ ਅਤੇ ਭਾਈ ਜਸਵੰਤ ਸਿੰਘ ਕੁਲਾਰ ਦੀਆਂ ਤਸਵੀਰਾਂ ਕੇਂਦਰੀ ਸਿੱਖ ਅਜਾਇਬ ਘਰ ਵਿਖੇ ਸੁਸ਼ੋਭਿਤ

ਅੰਮ੍ਰਿਤਸਰ- ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਦੇ ਕੇਂਦਰੀ ਸਿੱਖ ਅਜਾਇਬ ਘਰ ਵਿਖੇ ਅੱਜ ਸਿੱਖ ਕੌਮ ਦੇ ਮਹਾਨ ਰਾਗੀ ਭਾਈ ਹਰੀ ਸਿੰਘ ਅਤੇ ਭਾਈ ਜਸਵੰਤ ਸਿੰਘ ਕੁਲਾਰ ਦੀਆਂ ਤਸਵੀਰਾਂ ਲਗਾਈਆਂ ਗਈਆਂ। ਹਜ਼ੂਰੀ ਰਾਗੀ ਭਾਈ ਕਾਰਜ ਸਿੰਘ ਵੱਲੋਂ ਗੁਰਬਾਣੀ ਦੇ ਇਲਾਹੀ ਕੀਰਤਨ ਅਤੇ ਭਾਈ ਕੁਲਵਿੰਦਰ ਸਿੰਘ ਦੇ ਅਰਦਾਸ ਕਰਨ ਤੋਂ ਬਾਅਦ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਜੈਕਾਰਿਆਂ ਦੀ ਗੂੰਜ ਵਿਚ ਤਸਵੀਰਾਂ ਤੋਂ ਪਰਦਾ ਹਟਾਇਆ। ਇਸ ਮੌਕੇ ਭਾਈ ਲੌਂਗੋਵਾਲ ਨੇ ਕਿਹਾ ਕਿ ਕੇਂਦਰੀ ਸਿੱਖ ਅਜਾਇਬ ਘਰ ਅੰਦਰ ਸਿੱਖ ਕੌਮ ਦਾ ਸਾਨਾਮੱਤਾ ਇਤਿਹਾਸ ਸਮਾਇਆ ਹੋਇਆ ਹੈ ਇਸ ਵਿਚ ਗੁਰੂ ਸਾਹਿਬਾਨ ਤੋਂ ਇਲਾਵਾ ਮਹਾਨ ਸਿੱਖਾਂ, ਸ਼ਹੀਦਾਂ ਦੀਆਂ ਸੁਸ਼ੋਭਿਤ ਤਸਵੀਰਾਂ ਸੰਗਤਾਂ ਲਈ ਪ੍ਰੇਰਨਾ-ਸਰੋਤ ਹਨ। ਉਨ੍ਹਾਂ ਭਾਈ ਹਰੀ ਸਿੰਘ ਤੇ ਭਾਈ ਜਸਵੰਤ ਸਿੰਘ ਕੁਲਾਰ ਦੀਆਂ ਸੇਵਾਵਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਦੋਨਾਂ ਹੀ ਸ਼ਖ਼ਸੀਅਤਾਂ ਦਾ ਯੋਗਦਾਨ ਲਾਸਾਨੀ ਹੈ। ਭਾਈ ਲੌਂਗੋਵਾਲ ਨੇ ਕਿਹਾ ਕਿ ਜਿੱਥੇ ਭਾਈ ਹਰੀ ਸਿੰਘ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਅੱਧੀ ਸਦੀ ਤੋਂ ਵੱਧ

ਸਮਾਂ ਕੀਰਤਨ ਦੀ ਸੇਵਾ ਨਿਭਾਈ, ਉਥੇ ਹੀ ਉਸਤਾਦ ਰਾਗੀ ਭਾਈ ਜਸਵੰਤ ਸਿੰਘ ਕੁਲਾਰ ਨੇ ਵੀ ੨੦੦੦ ਤੋਂ ਜ਼ਿਆਦਾ ਸਿੱਖਿਆਰਥੀਆਂ ਨੂੰ ਕੀਰਤਨ ਸਿਖਲਾਈ ਦੇ ਕੇ ਕੌਮ ਦੀ ਸੇਵਾ ਦੇ ਰਾਹ ਤੋਰਿਆ। ਉਨ੍ਹਾਂ ਕਿਸੇ ਸ਼ਖਸੀਅਤ ਦੀ ਕੇਂਦਰੀ ਸਿੱਖ ਅਜਾਇਬ ਘਰ ਵਿਚ ਤਸਵੀਰ ਸੁਸ਼ੋਭਿਤ ਹੋਣ ਨੂੰ ਸਿਖਰ ਸਨਮਾਨ ਕਰਾਰ ਦਿੱਤਾ।

ਇਸ ਸਮੇਂ ਸਟੇਜ ਦੀ ਸੇਵਾ ਨਿਭਾਉਂਦਿਆਂ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਕਿਹਾ ਕਿ ਕੇਂਦਰੀ ਸਿੱਖ ਅਜਾਇਬ ਘਰ ਸਿੱਖ ਕੌਮ ਦੀ ਨਿਆਰੀ ਹੋਂਦ ਨੂੰ ਰੂਪਮਾਨ ਕਰਦਾ ਉਹ ਅਸਥਾਨ ਹੈ ਜਿੱਥੋਂ ਸਿੱਖ ਇਤਿਹਾਸ, ਵਿਰਾਸਤ ਅਤੇ ਸੰਘਰਸ਼ ਦੀ ਝਲਕ ਦਿਖਾਈ ਦਿੰਦੀ ਹੈ। ਇਸ ਮੌਕੇ ਉਨ੍ਹਾਂ ਰਾਗੀ ਭਾਈ ਹਰੀ ਸਿੰਘ ਅਤੇ ਭਾਈ ਜਸਵੰਤ ਸਿੰਘ ਕੁਲਾਰ ਦੇ ਜੀਵਨ ਅਤੇ ਯੋਗਦਾਨ ਤੋਂ ਵੀ ਜਾਣੂੰ ਕਰਵਾਇਆ। ਇਸ ਦੌਰਾਨ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਰਾਗੀ ਭਾਈ ਹਰੀ ਸਿੰਘ ਅਤੇ ਭਾਈ ਜਸਵੰਤ ਸਿੰਘ ਕੁਲਾਰ ਦੇ ਪਰਿਵਾਰਕ ਮੈਂਬਰਾਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਵੀ ਕੀਤਾ।

ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਰਾਮ ਸਿੰਘ, ਭਾਈ ਅਜਾਇਬ ਸਿੰਘ ਅਭਿਆਸੀ, ਸ. ਜਗਸੀਰ ਸਿੰਘ ਮਾਂਗਿਆਣਾ, ਸ. ਮਲਕੀਤ ਸਿੰਘ ਚੰਗਾਲ ਤੇ ਸ. ਗੁਰਪ੍ਰੀਤ ਸਿੰਘ ਝੱਬਰ, ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਮਨਜੀਤ ਸਿੰਘ ਬਾਠ, ਵਧੀਕ ਸਕੱਤਰ ਸ. ਦਿਲਜੀਤ ਸਿੰਘ ਬੇਦੀ, ਸ. ਬਲਵਿੰਦਰ ਸਿੰਘ ਜੌੜਾ ਸਿੰਘਾ ਤੇ ਸ. ਪ੍ਰਤਾਪ ਸਿੰਘ, ਨਿੱਜੀ ਸਹਾਇਕ ਸ. ਜਗਜੀਤ ਸਿੰਘ ਜੱਗੀ, ਮੀਤ ਸਕੱਤਰ ਸ. ਕੁਲਵਿੰਦਰ ਸਿੰਘ ਰਮਦਾਸ ਤੇ ਸ. ਬਲਵਿੰਦਰ ਸਿੰਘ ਕਾਹਲਵਾਂ, ਸ. ਹਰਜਿੰਦਰ ਸਿੰਘ ਕੈਰੋਂਵਾਲ, ਸ. ਗੁਰਮੀਤ ਸਿੰਘ ਬੁੱਟਰ, ਮੈਨੇਜਰ ਸ. ਸੁਲੱਖਣ ਸਿੰਘ ਭੰਗਾਲੀ, ਸੁਪ੍ਰਿੰਟੈਂਡੈਂਟ ਸ. ਸਤਨਾਮ ਸਿੰਘ, ਵਧੀਕ ਮੈਨੇਜਰ ਸ. ਨਰਿੰਦਰ ਸਿੰਘ, ਸ. ਲਖਵਿੰਦਰ ਸਿੰਘ ਬੱਦੋਵਾਲ, ਸ. ਹਰਪ੍ਰੀਤ ਸਿੰਘ, ਸ. ਪਰਮਜੀਤ ਸਿੰਘ, ਸ. ਸਤਨਾਮ ਸਿੰਘ ਮਾਂਗਾਸਰਾਏ, ਤੇ ਸ. ਲਖਬੀਰ ਸਿੰਘ, ਬਾਬਾ ਧਰਮਜੀਤ ਸਿੰਘ ਕਾਰ ਸੇਵਾ ਹੰਸਾਲੀ ਵਾਲੇ, ਭਾਈ ਜਸਵੰਤ ਸਿੰਘ, ਭਾਈ ਗੁਰਮੇਜ ਸਿੰਘ, ਸ. ਨਵਇੰਦਰਪ੍ਰੀਤ ਸਿੰਘ ਲੌਂਗੋਵਾਲ, ਸ. ਦਰਸ਼ਨ ਸਿੰਘ ਨਿੱਜੀ ਸਹਾਇਕ ਅਤੇ ਦੋਨਾਂ ਸ਼ਖਸੀਅਤਾਂ ਦੇ ਪਰਿਵਾਰਕ ਮੈਂਬਰਾਂ ਵਿਚੋਂ ਸ. ਅਵਤਾਰ ਸਿੰਘ, ਬੀਬੀ ਕੁਲਵੰਤ ਕੌਰ, ਬੀਬੀ ਜਸਬੀਰ ਕੌਰ, ਸ. ਜੋਗਿੰਦਰ ਸਿੰਘ, ਸ. ਜਸਪਾਲ ਸਿੰਘ, ਸ. ਹਰਕੀਰਤ ਸਿੰਘ ਕੁਲਾਰ, ਬੀਬੀ ਹਰਬੰਸ ਕੌਰ, ਭਾਈ ਮਨਜੀਤ ਸਿੰਘ ਸਾਗਰ, ਭਾਈ ਲਖਬੀਰ ਸਿੰਘ ਕੁਲਾਰ, ਭਾਈ ਦਰਸ਼ਨ ਸਿੰਘ ਕੁਲਾਰ ਆਦਿ ਮੌਜੂਦ ਸਨ।੧੦ ਫ਼ਰਵਰੀ

## ਸ਼੍ਰੋਮਣੀ ਕਮੇਟੀ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਨਾਂ 'ਤੇ ਉਗਰਾਹੀ ਸਬੰਧੀ ਸੰਗਤਾਂ ਨੂੰ ਕੀਤਾ ਸੁਚੇਤ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਨਾਂ 'ਤੇ ਉਗਰਾਹੀ ਸਬੰਧੀ ਸੰਗਤਾਂ ਨੂੰ ਸੁਚੇਤ ਕੀਤਾ ਹੈ। ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਕਿਹਾ ਕਿ ਸਿੱਖਾਂ ਦੇ ਕੇਂਦਰੀ ਧਾਰਮਿਕ ਅਸਥਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਦੇ ਨਾਂ 'ਤੇ ਉਗਰਾਹੀ ਕਰਨ ਦਾ ਕਿਸੇ ਨੂੰ ਵੀ ਅਧਿਕਾਰ ਨਹੀਂ ਹੈ ਅਤੇ ਨਾ ਹੀ ਸ੍ਰੀ ਦਰਬਾਰ ਸਾਹਿਬ ਦੇ ਪ੍ਰਬੰਧ ਵੱਲੋਂ ਸੰਗਤਾਂ ਪਾਸ ਜਾ ਕੇ ਉਗਰਾਹੀ ਕੀਤੀ ਜਾਂਦੀ ਹੈ। ਦਫ਼ਤਰ ਤੋਂ ਜਾਰੀ ਇਕ ਬਿਆਨ ਵਿਚ ਡਾ. ਰੂਪ ਸਿੰਘ ਨੇ ਸਪੱਸ਼ਟ ਕੀਤਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸੰਗਤਾਂ ਖ਼ੁਦ ਹੀ ਸ਼ਰਧਾ ਤੇ ਸਤਿਕਾਰ ਨਾਲ ਭੇਟਾਵਾਂ ਲੈ ਕੇ ਪੁੱਜਦੀਆਂ ਹਨ। ਉਨ੍ਹਾਂ ਦੇਸ਼-ਵਿਦੇਸ਼ ਦੀਆਂ ਸੰਗਤਾਂ ਨੂੰ ਅਪੀਲ ਕੀਤੀ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਨਾਂ 'ਤੇ ਉਗਰਾਹੀ ਕਰਨ ਵਾਲਿਆਂ ਤੋਂ ਸੁਚੇਤ ਰਹਿਣ ਅਤੇ ਜੇਕਰ ਕੋਈ ਉਗਰਾਹੀ ਕਰਨ ਲਈ ਸੰਗਤਾਂ ਤੱਕ ਪੁੱਜਦਾ ਹੈ ਤਾਂ ਉਸ ਦੀ ਜਾਣਕਾਰੀ ਸ੍ਰੀ ਦਰਬਾਰ ਸਾਹਿਬ ਦੇ ਦਫ਼ਤਰ ਨੂੰ ਦੇਣ। ਉਨ੍ਹਾਂ ਕਿਹਾ ਕਿ ਅਨੇਕਾਂ ਵਾਰ ਇਸ ਪਾਵਨ ਅਸਥਾਨ ਦਾ ਨਾਂ ਵਰਤ ਕੇ ਕੁਝ ਲੋਕ ਸੰਗਤਾਂ ਤੱਕ ਉਗਰਾਹੀ ਕਰਨ ਲਈ ਪਹੁੰਚ ਕਰਦੇ ਹਨ, ਜਦ ਕਿ ਅਜਿਹਾ ਕਰਨ ਦੀ ਸ਼੍ਰੋਮਣੀ ਕਮੇਟੀ ਵੱਲੋਂ ਕਿਸੇ ਨੂੰ ਵੀ ਇਜਾਜ਼ਤ ਨਹੀਂ ਦਿੱਤੀ ਜਾਂਦੀ। ਡਾ. ਰੂਪ ਸਿੰਘ ਨੇ ਇਹ ਵੀ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ

ਭੇਟਾ ਦੇਣ ਸਮੇਂ ਸੰਗਤਾਂ ਪ੍ਰਬੰਧਕਾਂ ਪਾਸੋਂ ਰਸੀਦ ਜ਼ਰੂਰ ਪ੍ਰਾਪਤ ਕਰਨ। ੧੨ ਫ਼ਰਵਰੀ

# ਸ. ਹਰਪਾਲ ਸਿੰਘ ਜੱਲ੍ਹਾ ਦੀ ਅਗਵਾਈ 'ਚ ਹਲਕਾ ਦੋਰਾਹਾ ਦੀਆਂ ਸੰਗਤਾਂ ਨੇ ਸ੍ਰੀ ਗੁਰੂ ਰਾਮਦਾਸ ਲੰਗਰ ਵਿਖੇ ਕੀਤੀ ਸੇਵਾ

ਅੰਮ੍ਰਿਤਸਰ – ਸਿੱਖ ਕੌਮ ਦੇ ਕੇਂਦਰੀ ਧਾਰਮਿਕ ਅਸਥਾਨ ਅਤੇ ਸਮੁੱਚੀ ਮਨੁੱਖਤਾ ਦੇ ਅਧਿਆਤਮਕ ਕੇਂਦਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਲੰਗਰ ਸ੍ਰੀ ਗੁਰੂ ਰਾਮਦਾਸ ਜੀ ਵਿਖੇ ਹਲਕਾ ਦੋਰਾਹਾ ਤੋਂ ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਸ. ਹਰਪਾਲ ਸਿੰਘ ਜੱਲ੍ਹਾ ਨੇ ਸਮੁੱਚੇ ਹਲਕੇ ਦੀਆਂ ਸੰਗਤਾਂ ਸਮੇਤ ਅੱਜ ਲੰਗਰ 'ਚ ਸੇਵਾ ਕੀਤੀ। ਬੀਤੇ ਸਮੇਂ ਸ੍ਰੀ ਗੁਰੂ ਰਾਮਦਾਸ ਜੀ ਲੰਗਰ ਵਿਖੇ ਹਲਕਾ ਪੱਧਰ ਦੀਆਂ ਸੰਗਤਾਂ ਵੱਲੋਂ ਸਮੂਹਿਕ ਰੂਪ ਵਿਚ ਇਕੱਤਰ ਹੋ ਕੇ ਸੇਵਾ ਕਰਨ ਦੀ ਸ਼ੁਰੂਆਤ ਬੀਬੀ ਸੁਰਿੰਦਰ ਕੌਰ ਬਾਦਲ ਵੱਲੋਂ ਕੀਤੀ ਗਈ ਸੀ ਜੋ ਲੰਮਾ ਸਮਾਂ ਜਾਰੀ ਰਹੀ। ਇਸੇ ਦੌਰਾਨ ਅੱਜ ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਸ. ਹਰਪਾਲ ਸਿੰਘ ਜੱਲ੍ਹਾ ਦੀ ਅਗਵਾਈ ਵਿਚ ਲੰਗਰ ਸੇਵਾ ਕਰਨ ਪਹੁੰਚੀਆਂ ਹਲਕਾ ਦੋਰਾਹਾ ਦੀਆਂ ਸੰਗਤਾਂ ਵਿਚ ਭਾਰੀ ਉਤਸ਼ਾਹ ਸੀ। ਇਸ ਮੌਕੇ ਸ. ਹਰਪਾਲ ਸਿੰਘ ਜੱਲ੍ਹਾ ਅਤੇ ਉਨ੍ਹਾਂ ਨਾਲ ਪੁੱਜੀਆਂ ਹਲਕਾ ਦੋਰਾਹਾ ਦੀਆਂ ਸੰਗਤਾਂ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਸਨਮਾਨਿਤ ਵੀ ਕੀਤਾ ਗਿਆ।

ਇਸ ਮੌਕੇ ਗੱਲਬਾਤ ਕਰਦਿਆਂ ਸ. ਹਰਪਾਲ ਸਿੰਘ ਜੱਲ੍ਹਾ ਨੇ ਕਿਹਾ ਕਿ ਸ੍ਰੀ ਗੁਰੂ ਰਾਮਦਾਸ ਜੀ ਦੇ ਲੰਗਰ ਵਿਚੋਂ ਰੋਜ਼ਾਨਾਂ ਲੱਖਾਂ ਸੰਗਤਾਂ ਪ੍ਰਸ਼ਾਦਾ ਛਕ ਕੇ ਤ੍ਰਿਪਤ ਹੁੰਦੀਆਂ ਹਨ ਅਤੇ ਗੁਰੂ ਸਾਹਿਬ ਦੀ ਬਖ਼ਸ਼ਿਸ਼ ਸਦਕਾ ਉਨ੍ਹਾਂ ਨੂੰ ਹਲਕੇ ਦੀਆਂ ਸੰਗਤਾਂ ਸਮੇਤ ਅੱਜ ਲੰਗਰ ਸੇਵਾ ਕਰਨ ਦਾ ਸੁਭਾਗ ਪ੍ਰਾਪਤ ਹੋਇਆ ਹੈ। ਉਨ੍ਹਾਂ ਕਿਹਾ ਕਿ ਬੀਬੀ ਸੁਰਿੰਦਰ ਕੌਰ ਬਾਦਲ ਦੀ ਪ੍ਰੇਰਣਾ ਨਾਲ ਸ਼ੁਰੂ ਹੋਈ ਹਲਕਾ ਪੱਧਰੀ ਲੰਗਰ ਸੇਵਾ ਨਾਲ ਸੰਗਤਾਂ ਨੂੰ ਇਕਜੁੱਟ ਹੋ ਕੇ ਗੁਰੂ ਘਰ ਅੰਦਰ ਸੇਵਾ ਕਰਨ ਦਾ ਮੌਕਾ ਮਿਲਦਾ ਹੈ। ਉਨ੍ਹਾਂ ਕਿਹਾ ਕਿ ਜਿਹੜੀਆਂ ਸੰਗਤਾਂ ਨੂੰ ਆਪ ਸੇਵਾ ਕਰਨ ਲਈ ਪਹੁੰਚਣ ਵਿਚ ਮੁਸ਼ਕਲ ਆਉਂਦੀ ਹੈ, ਹਲਕੇ ਦੀਆਂ ਸੰਗਤਾਂ ਦੇ ਸਾਥ ਨਾਲ ਸੇਵਾ ਕਰਕੇ ਉਹ ਆਪਣੇ ਆਪ ਨੂੰ ਧੰਨਤਾਯੋਗ ਸਮਝਦੀਆਂ ਹਨ। ਸ. ਜੱਲ੍ਹਾ ਨੇ ਹਲਕੇ ਦੀਆਂ ਸੰਗਤਾਂ ਦਾ ਸੇਵਾ ਵਿਚ ਵਧ-ਚੜ੍ਹ ਕੇ ਯੋਗਦਾਨ ਪਾਉਣ ਲਈ ਹਾਰਦਿਕ ਧੰਨਵਾਦ ਵੀ ਕੀਤਾ। ਸ. ਜੱਲ੍ਹਾ ਨੂੰ ਸਨਮਾਨਿਤ ਕਰਨ ਉਪਰੰਤ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਕਿਹਾ ਕਿ ਗੁਰੂ ਘਰ ਦੇ ਲੰਗਰ ਵਿੱਚ ਸੇਵਾ ਕਰ ਮਨ ਦੀ ਮੈਲ ਦੂਰ ਹੁੰਦੀ ਹੈ, ਨਿਮਰਤਾ, ਹਲੀਮੀ, ਸਿਦਕ ਦੀ ਬਖ਼ਸ਼ਿਸ਼ ਹੁੰਦੀ ਹੈ।

ਉਨ੍ਹਾਂ ਦੱਸਿਆ ਕਿ ਲੰਗਰ ਸੇਵਾ ਲਈ ਹਲਕੇ ਦੀਆਂ ਸੰਗਤਾਂ ਵੱਲੋਂ ੧੧੨ ਕੁਇੰਟਲ ਆਟਾ, ੧੪ ਕੁਇੰਟਲ ਕਣਕ, ੨੦੦ ਕਿੱਲੋ ਸੇਵੀਆਂ, ੨੯੮੧ ਕਿੱਲੋ ਚਾਵਲ, ੧੭੩੫ ਕਿੱਲੋ ਦਾਲ, ੮੯੭ ਕਿੱਲੋ ਪਿਆਜ਼, ੪੧੪ ਕਿੱਲੋ ਦੇਸੀ ਘਿਓ, ੩੩੬੫ ਕਿੱਲੋ ਖੰਡ, ੩੦੦ ਕਿੱਲੋ ਪਨੀਰ, ੧੭੦੦ ਕਿੱਲੋ ਹਰੇ ਮਟਰ, ੨੬੭੦ ਕਿੱਲੋ ਦੁੱਧ, ੮੦੦ ਕਿੱਲੋ ਗਾਜਰ, ੧੩੦ ਕਿੱਲੋ ਚਾਹ ਪੱਤੀ, ੬੭ ਕਿੱਲੋ ਹਲਦੀ, ੪੧ ਕਿੱਲੋ ਮਸਾਲਾ, ੧੪੫ ਕਿੱਲੋ ਲਸਣ, ੨੬ ਕਿੱਲੋ ਸੋਗੀ, ੨੦ ਕਿੱਲੋ ਬਦਾਮ ਗਿਰੀ, ੧.੫ ਕਿੱਲੋ ਹਰੀ ਲਾਚੀ, ੧੬੫ ਕਿੱਲੋ ਅਚਾਰ, ਅਦਰਕ, ਗੋਬੀ ਸਮੇਤ ਹੋਰ ਵੱਖ-ਵੱਖ ਰਸਦਾਂ ਲਿਆਂਦੀਆਂ ਗਈਆਂ ਹਨ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਮਨਜੀਤ ਸਿੰਘ ਤੇ ਸ. ਅਵਤਾਰ ਸਿੰਘ ਸੈਂਪਲਾ, ਵਧੀਕ ਸਕੱਤਰ ਸ. ਦਿਲਜੀਤ ਸਿੰਘ ਬੇਦੀ ਤੇ ਸ. ਪ੍ਰਤਾਪ ਸਿੰਘ, ਸ. ਜਗਜੀਤ ਸਿੰਘ ਜੱਗੀ ਨਿੱਜੀ ਸਹਾਇਕ ਪ੍ਰਧਾਨ ਸਾਹਿਬ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਸੁਲੱਖਣ ਸਿੰਘ ਭੰਗਾਲੀ, ਐਡੀਸ਼ਨਲ ਮੈਨੇਜਰ ਸ. ਹਰਪ੍ਰੀਤ ਸਿੰਘ, ਸ. ਲਖਵਿੰਦਰ ਸਿੰਘ ਬੱਦੋਵਾਲ ਤੇ ਸ. ਲਖਬੀਰ ਸਿੰਘ ਡੋਗਰ, ਸ. ਮੁਖ਼ਤਿਆਰ ਸਿੰਘ ਚੀਫ਼, ਸ. ਬਲਬੀਰ ਸਿੰਘ ਸੰਘਾ ਇੰਚਾਰਜ, ਸ. ਹਰਪਿੰਦਰ ਸਿੰਘ ਸੁਪਰਵਾਈਜ਼ਰ, ਸ. ਦਵਿੰਦਰ ਸਿੰਘ ਟਿੰਬਰਵਾਲਾ, ਸ. ਜਗਜੀਤ ਸਿੰਘ ਜੱਗੀ ਢੱਲਕੋਈਆ ਸਰਪੰਚ, ਸ. ਗੁਰਜੀਤ ਸਿੰਘ, ਸ. ਗੁਰਦੀਪ ਸਿੰਘ ਅੜੈਚ, ਸ. ਬਲਜੀਤ ਸਿੰਘ ਢਿੱਲੋਂ, ਸ. ਭੁਪਿੰਦਰ ਸਿੰਘ ਨਾਗੋਕੇ, ਸ. ਜਰਨੈਲ ਸਿੰਘ ਸਰਪੰਚ, ਬੀਬੀ ਭਿੰਦਰ ਕੌਰ, ਬੀਬੀ ਅਵਤਾਰ ਕੌਰ, ਸ.

ਜਸਵਿੰਦਰ ਸਿੰਘ, ਮਾਸਟਰ ਕੁਲਦੀਪ ਸਿੰਘ ਪ੍ਰਧਾਨ, ਸ. ਮਨਜੀਤ ਸਿੰਘ, ਬੀਬੀ ਦਲਜੀਤ ਕੌਰ, ਸ. ਮੋਹਨ ਸਿੰਘ ਭੰਗੂ, ਸ. ਪਿਆਰਾ ਸਿੰਘ, ਸ. ਨਛੱਤਰ ਸਿੰਘ ਤੇ ਡਾ. ਚਰਨਜੀਤ ਸਿੰਘ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਮੌਜੂਦ ਸਨ।

੧੩ ਫ਼ਰਵਰੀ

# ਪਹਿਲੇ ਪਾਤਸ਼ਾਹ ਦੇ ੫੫੦ ਸਾਲਾ ਪ੍ਰਕਾਸ਼ ਪੁਰਬ ਸਬੰਧੀ ਸ਼੍ਰੋਮਣੀ ਕਮੇਟੀ ਵੱਲੋਂ ਸਲਾਹਕਾਰ ਕਮੇਟੀ ਦੀ ਹੋਈ ਇਕੱਤਰਤਾ

## ਸ਼੍ਰੋਮਣੀ ਕਮੇਟੀ ਦੇਸ਼ ਦੇ ਪ੍ਰਮੁੱਖ ਸ਼ਹਿਰਾਂ 'ਚ ਕਰਵਾਏਗੀ ਸੈਮੀਨਾਰ -ਭਾਈ ਲੌਂਗੋਵਾਲ

ਸੁਲਤਾਨਪੁਰ ਲੋਧੀ- ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦੇ ੫੫੦ ਸਾਲਾ ਪ੍ਰਕਾਸ਼ ਪੁਰਬ ਸਮਾਗਮਾਂ ਸਬੰਧੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਬਣਾਈ ਗਈ ਸਲਾਹਕਾਰ ਕਮੇਟੀ ਦੀ ਇਕੱਤਰਤਾ ਅੱਜ ਇਥੇ ਗੁਰਦੁਆਰਾ ਸ੍ਰੀ ਬੇਰ ਸਾਹਿਬ ਵਿਖੇ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਅਗਵਾਈ ਵਿਚ ਹੋਈ। ਇਕੱਤਰਤਾ ਦੌਰਾਨ ਹਾਜ਼ਰ ਮੈਂਬਰਾਂ ਨੇ ਪਹਿਲੇ ਪਾਤਸ਼ਾਹ ਜੀ ਦੇ ਪ੍ਰਕਾਸ਼ ਪੁਰਬ ਸਮਾਗਮਾਂ ਨੂੰ ਯਾਦਗਾਰੀ ਬਣਾਉਣ ਲਈ ਜਿੱਥੇ ਵਡਮੁੱਲੇ ਸੁਝਾਅ ਦਿੱਤੇ, ਉਥੇ ਹੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਮੁੱਢਲੇ ਤੌਰ 'ਤੇ ਕਰਵਾਏ ਜਾਣ ਵਾਲੇ ਸਮਾਗਮਾਂ ਦੀ ਰੂਪ-ਰੇਖਾ ਨੂੰ ਵੀ ਅੰਤਿਮ ਰੂਪ ਦਿੱਤਾ ਗਿਆ। ਇਕੱਤਰਤਾ ਤੋਂ ਬਾਅਦ ਗੱਲਬਾਤ ਕਰਦਿਆਂ ਭਾਈ ਗੋਬਿੰਦ ਸਿੰਘ ਲੌਂਗਵਾਲ ਨੇ ਕਿਹਾ ਕਿ ਜਗਤ ਗੁਰੂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ੫੫੦ਵੇਂ ਪ੍ਰਕਾਸ਼ ਪੁਰਬ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਸੁਲਤਾਨਪੁਰ ਲੋਧੀ ਵਿਖੇ ਸੰਗਤਾਂ ਦੇ ਸਹਿਯੋਗ ਨਾਲ ਕੌਮਾਂਤਰੀ ਪੱਧਰ 'ਤੇ ਮਨਾਉਣ ਲਈ ਰੂਪ-ਰੇਖਾ ਨਿਰਧਾਰਤ ਕਰ ਲਈ ਗਈ ਹੈ ਅਤੇ ਆਰੰਭਕ ਫੈਸਲੇ ਅਨੁਸਾਰ ਸ਼੍ਰੋਮਣੀ ਕਮੇਟੀ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜਨਮ ਅਸਥਾਨ ਸ੍ਰੀ ਨਨਕਾਣਾ ਸਾਹਿਬ (ਪਾਕਿਸਤਾਨ) ਸਮੇਤ ਭਾਰਤ ਦੇ ਪ੍ਰਮੁੱਖ ਸ਼ਹਿਰਾਂ ਦਿੱਲੀ, ਕਲਕੱਤਾ, ਮੁੰਬਈ ਅਤੇ ਜੰਮੂ ਕਸ਼ਮੀਰ ਵਿਖੇ ਸੈਮੀਨਾਰ ਕਰਵਾਏ ਜਾਣਗੇ। ਭਾਈ ਲੌਂਗੋਵਾਲ ਨੇ ਕਿਹਾ ਕਿ ਗੁਰੂ ਸਾਹਿਬ ਵੱਲੋਂ ਦਿੱਤੀ ਗਈ ਸਰਬਕਾਲੀ ਵਿਚਾਰਧਾਰਾ ਨੂੰ ਕਰਵਾਏ ਜਾਣ ਵਾਲੇ ਸੈਮੀਨਾਰਾਂ ਦਾ ਹਿੱਸਾ ਬਣਾਇਆ ਜਾਵੇਗਾ। ਉਨ੍ਹਾਂ ਅੱਗੇ ਦੱਸਿਆ ਕਿ ਸੁਲਤਾਨਪੁਰ ਲੋਧੀ ਨੂੰ ਪਹੁੰਚਦੇ ਮਾਰਗਾਂ 'ਤੇ ਛੇ ਯਾਦਗਾਰੀ ਗੇਟ ਬਣਾਏ ਜਾਣਗੇ ਅਤੇ ਇਹ ਗੇਟ ਗੁਰੂ ਸਾਹਿਬ ਨਾਲ ਸਬੰਧਤ ਵੱਖ-ਵੱਖ ਇਤਿਹਾਸਕ ਸ਼ਖਸੀਅਤਾਂ ਦੇ ਨਾਵਾਂ 'ਤੇ ਹੋਣਗੇ। ਉਨ੍ਹਾਂ ਵਿਸਥਾਰ ਦਿੰਦਿਆਂ ਦੱਸਿਆ ਕਿ ਸੁਲਤਾਨਪੁਰ ਤੋਂ ਕਪੂਰਥਲਾ ਰੋਡ 'ਤੇ ਸਥਾਪਤ ਕੀਤਾ ਜਾਣ ਵਾਲਾ ਗੇਟ 'ਬੇਬੇ ਨਾਨਕੀ ਜੀ' ਦੇ ਨਾਮ ਪੁਰ ਹੋਵੇਗਾ ਅਤੇ ਇਸੇ ਤਰ੍ਹਾਂ ਡੱਲ੍ਹਾ ਰੋਡ 'ਤੇ 'ਮਾਤਾ ਸੁਲੱਖਣੀ ਗੇਟ', ਲੋਹੀਆਂ ਰੋਡ 'ਤੇ 'ਭਾਈ ਮਰਦਾਨਾ ਗੇਟ', ਭਰੋਆਣਾ ਰੋਡ 'ਤੇ 'ਭਾਈ ਜੈਰਾਮ ਗੇਟ', ਗੋਇੰਦਵਾਲ ਸਾਹਿਬ ਰੋਡ 'ਤੇ 'ਰਾਇ ਬੁਲਾਰ ਗੇਟ' ਅਤੇ ਬੁੱਸੋਵਾਲ ਰੋਡ 'ਤੇ 'ਬਾਬਾ ਸ੍ਰੀ ਚੰਦ/ਬਾਬਾ ਲਖਮੀ ਦਾਸ ਗੇਟ' ਉਸਾਰੇ ਜਾਣਗੇ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਸੰਗਤਾਂ ਦੇ ਸਹਿਯੋਗ ਨਾਲ ਵਿਸ਼ਾਲ ਗੁਰਮਤਿ ਸਮਾਗਮਾਂ ਦਾ ਪ੍ਰਬੰਧ ਵੀ ਕਰੇਗੀ ਤਾਂ ਜੋ ਗੁਰੂ ਸਾਹਿਬ ਦਾ ਵਿਸ਼ਵ-ਵਿਆਪੀ ਸੁਨੇਹਾ ਵਿਸ਼ਵ ਭਰ ਵਿਚ ਫੈਲਾਇਆ ਜਾ ਸਕੇ। ਉਨ੍ਹਾਂ ਕਰਵਾਏ ਜਾਣ ਵਾਲੇ ਸਮਾਗਮਾਂ ਸਬੰਧੀ ਜਾਣਕਾਰੀ ਦਿੰਦਿਆਂ ਕਿਹਾ ਕਿ ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ (ਪਾਕਿਸਤਾਨ), ਗੁਰਦੁਆਰਾ ਨਾਨਕਮਤਾ ਸਾਹਿਬ (ਉਤਰਾਖੰਡ), ਗੁਰਦੁਆਰਾ ਨਾਨਕ ਝੀਰਾ ਸਾਹਿਬ, ਬਿਦਰ (ਕਰਨਾਟਕ), ਗੁਰਦੁਆਰਾ ਦਾਤਣ ਸਾਹਿਬ ਕਟਕ (ਉੜੀਸਾ), ਗੁਰਦੁਆਰਾ ਕਪਾਲ ਮੋਚਨ ਸਾਹਿਬ, ਕੁਰੂਕਸ਼ੇਤਰ (ਹਰਿਆਣਾ), ਗੁਰਦੁਆਰਾ ਗੁਰੂ ਨਾਨਕ ਦੇਵ ਜੀ ਮਟਨ (ਜੰਮੂ ਕਸ਼ਮੀਰ), ਤਖਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ (ਬਿਹਾਰ) ਅਤੇ ਢਾਕਾ (ਬੰਗਲਾਦੇਸ਼) ਵਿਖੇ ਕਰਵਾਏ ਜਾਣ ਵਾਲੇ ਸਮਾਗਮ ਵਿਸ਼ੇਸ਼ ਹੋਣਗੇ। ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਵੀ ਸ਼੍ਰੋਮਣੀ ਕਮੇਟੀ ਵੱਲੋਂ ਸਮੁੱਚੇ ਭਾਰਤ ਵਿਚ ਗੁਰਮਤਿ ਸਮਾਗਮ ਉਲੀਕੇ ਜਾਣਗੇ। ਭਾਈ ਲੌਂਗੋਵਾਲ ਨੇ ਅੱਗੇ ਦੱਸਿਆ ਕਿ ਸ੍ਰੀ ਗੁਰੂ ਨਾਨਕ ਦੇਵ ਜੀ ੫੫੦ਸਾਲਾ ਪ੍ਰਕਾਸ਼ ਸ਼ਤਾਬਦੀ ਸਬੰਧੀ ੫

(ਬਾਕੀ ਪੰਨਾ ੪੭ 'ਤੇ)



'ਸ਼ਹੀਦ ਸਿੱਖ ਮਿਸ਼ਨਰੀ ਕਾਲਜ' ਵਿਖੇ ਸ਼ਹੀਦੀ ਸਾਕੇ ਨੂੰ ਸਮਰਪਿਤ 'ਸਾਕਾ ਨਨਕਾਣਾ ਸਾਹਿਬ : ਪਿਛੋਕੜ ਤੇ ਪ੍ਰਭਾਵ' ਵਿਸ਼ੇ 'ਤੇ ਕਰਵਾਏ ਸੈਮੀਨਾਰ ਸਮੇਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੂੰ ਸਨਮਾਨਿਤ ਕਰਦੇ ਹੋਏ ਪ੍ਰਬੰਧਕ।




ਪ੍ਰਸਿੱਧ ਰਾਗੀ ਹਰਜਿੰਦਰ ਸਿੰਘ ਸ੍ਰੀਨਗਰ ਨੂੰ ਉਨ੍ਹਾਂ ਵੱਲੋਂ ਗੁਰਮਤਿ ਦੇ ਪ੍ਰਚਾਰ ਵਿਚ ਪਾਏ ਯੋਗਦਾਨ ਲਈ 'ਪ੍ਰਿੰਸੀਪਲ ਗੰਗਾ ਸਿੰਘ ਐਵਾਰਡ' ਪ੍ਰਦਾਨ ਕਰਦੇ ਹੋਏ ਭਾਈ ਅਜਾਇਬ ਸਿੰਘ ਅਭਿਆਸੀ, ਡਾ. ਰੂਪ ਸਿੰਘ, ਸ. ਬਲਵਿੰਦਰ ਸਿੰਘ ਜੌੜਾਸਿੰਘਾ, ਪ੍ਰਿੰਸੀਪਲ ਬਲਦੇਵ ਸਿੰਘ ਅਤੇ ਹੋਰ।



ਸ੍ਰੀ ਗੁਰੂ ਰਾਮਦਾਸ ਮੈਡੀਕਲ ਸੰਸਥਾ ਵਿਖੇ ਛੇਵੀਂ ਕਾਨਵੋਕੇਸ਼ਨ ਦੌਰਾਨ ਡਾ. ਰਸਲ ਫਰੈਂਕੋ ਡਿਸੂਜਾ, ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਮੁੱਖ ਸਕੱਤਰ ਡਾ. ਰੂਪ ਸਿੰਘ ਅਤੇ ਹੋਰ।



ਅਕਾਲੀ ਕੌਰ ਸਿੰਘ ਦੇ ਨਾਂ 'ਤੇ ਗੁਰਦੁਆਰਾ ਕਲਗੀਧਰ, ਡੀ.ਸੀ. ਰੋਡ, ਰਿਹਾੜੀ ਜੰਮੂ ਵਿਖੇ ਸਿੱਖ ਮਿਸ਼ਨ ਜੰਮੂ ਦੀ ਬਣਾਈ ਗਈ ਨਵੀਂ ਇਮਾਰਤ ਦਾ ਉਦਘਾਟਨ ਕਰਦੇ ਹੋਏ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਨਾਲ ਹਨ ਮੁੱਖ ਸਕੱਤਰ ਡਾ. ਰੂਪ ਸਿੰਘ ਅਤੇ ਹੋਰ।



ਨਾਨਕਸ਼ਾਹੀ ਸੰਮਤ 550 ਦਾ ਕੈਲੰਡਰ ਜਾਰੀ ਕਰਦੇ ਹੋਏ ਜਥੇਦਾਰ ਗਿਆਨੀ ਗੁਰਬਚਨ ਸਿੰਘ, ਸ. ਗੁਰਬਚਨ ਸਿੰਘ ਕਰਮੂੰਵਾਲਾ, ਸ. ਭਗਵੰਤ ਸਿੰਘ ਸਿਆਲਕਾ, ਸ. ਅਜਾਇਬ ਸਿੰਘ ਅਭਿਆਸੀ, ਡਾ. ਰੂਪ ਸਿੰਘ ਤੇ ਹੋਰ।



ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਸੂਚਨਾ ਕੇਂਦਰ ਵਿਖੇ ਨਵਜੋਤ ਕੌਰ ਨੂੰ ਸਨਮਾਨਿਤ ਕਰਦੇ ਹੋਏ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ, ਸ. ਬਲਵਿੰਦਰ ਸਿੰਘ ਜੌੜਾਸਿੰਘਾ ਵਧੀਕ ਸਕੱਤਰ ਅਤੇ ਹੋਰ।



ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ ਵਿਖੇ ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਸਮੇਂ ਪ੍ਰਧਾਨਗੀ ਕਰਦੇ ਭਾਈ ਗੋਬਿੰਦ ਸਿੰਘ ਲੌਂਗੋਵਾਲ, ਨਾਲ ਹਨ ਸ. ਰਘੂਜੀਤ ਸਿੰਘ ਵਿਰਕ, ਸ. ਹਰਪਾਲ ਸਿੰਘ ਜੱਲ੍ਹਾ, ਸ. ਗੁਰਬਚਨ ਸਿੰਘ ਕਰਮੂੰਵਾਲਾ ਅਤੇ ਹੋਰ ਅਹੁਦੇਦਾਰ।



ਸ. ਹਰਜਿੰਦਰ ਸਿੰਘ ਭੂਰਾਕੋਹਨਾ ਐਡੀਸ਼ਨਲ ਮੈਨੇਜਰ ਸ੍ਰੀ ਦਰਬਾਰ ਸਾਹਿਬ ਨੂੰ ਸੇਵਾਮੁਕਤ ਹੋਣ ਮੌਕੇ ਸਨਮਾਨਿਤ ਕਰਦੇ ਹੋਏ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਅਵਤਾਰ ਸਿੰਘ ਸੈਂਪਲਾ ਅਤੇ ਹੋਰ।

(ਪੰਨਾ ੪੨ ਦਾ ਬਾਕੀ)

ਵਿਸ਼ਾਲ ਨਗਰ ਕੀਰਤਨਾਂ ਦਾ ਵੀ ਆਯੋਜਨ ਕੀਤਾ ਜਾਵੇਗਾ। ਜਿਨ੍ਹਾਂ ਵਿਚ ਦੋ ਨਗਰ ਕੀਰਤਨ ਇਸੇ ਸਾਲ ਅਤੇ ੩ ਨਗਰ ਕੀਰਤਨ ੨੦੧੯ ਵਿਚ ਸਜਾਏ ਜਾਣਗੇ। ੨੦੧੮ ਵਿਚ ਸਜਾਏ ਜਾਣ ਵਾਲੇ ਨਗਰ ਕੀਰਤਨ ਸ੍ਰੀਨਗਰ (ਜੰਮੂ ਕਸ਼ਮੀਰ) ਤੋਂ ਸੁਲਤਾਨਪੁਰ ਲੋਧੀ ਤਕ ਅਤੇ ਗੁਰਦੁਆਰਾ ਨਾਨਕਮਤਾ ਸਾਹਿਬ (ਉਤਰਾਖੰਡ) ਤੋਂ ਸੁਲਤਾਨਪੁਰ ਲੋਧੀ ਤਕ ਹੋਣਗੇ। ਭਾਈ ਲੌਂਗੋਵਾਲ ਨੇ ਸਪੱਸ਼ਟ ਕੀਤਾ ਕਿ ੨੦੧੯ ਵਿਚ ਸਜਾਏ ਜਾਣ ਵਾਲੇ ਨਗਰ ਕੀਰਤਨਾਂ ਦਾ ਰੂਟ ਵੀ ਜਲਦ ਹੀ ਨਿਰਧਾਰਤ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ ਦਰਸ਼ਨ ਅਤੇ ਉਨ੍ਹਾਂ ਦੀ ਵਿਚਾਰਧਾਰਾ ਬਾਰੇ ਬਹੁ-ਭਾਸ਼ਾਵੀ ਪੁਸਤਕਾਂ ਪ੍ਰਕਾਸ਼ਤ ਕੀਤੀਆਂ ਜਾਣਗੀਆਂ ਅਤੇ ਇਸ ਸਬੰਧੀ ਬਹੁਤ ਜਲਦ ਇਕ ਸਬ-ਕਮੇਟੀ ਗਠਿਤ ਕੀਤੀ ਜਾਵੇਗੀ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਹਾਜ਼ਰ ਮੈਂਬਰਾਂ ਵੱਲੋਂ ਪੁੱਜੇ ਸੁਝਾਵਾਂ ਦੇ ਮੱਦੇਨਜ਼ਰ ਕਿਹਾ ਕਿ ਭਾਰਤ ਅਤੇ ਪੰਜਾਬ ਸਰਕਾਰ ਨਾਲ ਸ਼੍ਰੋਮਣੀ ਕਮੇਟੀ ਰਾਬਤਾ ਬਣਾਵੇਗੀ ਤਾਂ ਜੋ ਇਤਿਹਾਸਕ ਨਗਰ ਸੁਲਤਾਨਪੁਰ ਲੋਧੀ ਦੇ ਵਿਕਾਸ ਵਿਚ ਕਿਸੇ ਕਿਸਮ ਦੀ ਕਮੀ ਨਾ ਰਹੇ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਸਮੁੱਚੇ ਵਿਸ਼ਵ ਦੀਆਂ ਸੰਗਤਾਂ ਅਤੇ ਖਾਸਕਰ ਭਾਰਤ ਦੀਆਂ ਯੂਨੀਵਰਸਿਟੀਆਂ ਨੂੰ ਅਪੀਲ ਕੀਤੀ ਕਿ ਪਹਿਲੇ ਪਾਤਸ਼ਾਹ ਜੀ ਦੀ ਵਿਚਾਰਧਾਰਾਂ ਨੂੰ ਪ੍ਰਚਾਰਨ ਲਈ ਸੈਮੀਨਾਰ ਅਤੇ ਸਮਾਗਮ ਰਚਾਉਣ ਲਈ ਅੱਗੇ ਆਉਣ।

ਇਕੱਤਰਤਾ ਤੋਂ ਪਹਿਲਾਂ ਗੁਰਦੁਆਰਾ ਸ੍ਰੀ ਬੇਰ ਸਾਹਿਬ ਵਿਖੇ ਸ੍ਰੀ ਅਖੰਡਪਾਠ ਸਾਹਿਬ ਦੇ ਭੋਗ ਪਾਏ ਗਏ ਅਤੇ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਗੁਰਦੁਆਰਾ ਸਾਹਿਬ ਦੇ ਨਵੇਂ ਉਸਾਰੇ ਜਾਣ ਵਾਲੇ ਪ੍ਰਬੰਧਕੀ ਕੰਪਲੈਕਸ ਦੀ ਸੇਵਾ ਵੀ ਆਰੰਭ ਕਰਵਾਈ। ਇਹ ਸੇਵਾ ਬਾਬਾ ਜਗਤਾਰ ਸਿੰਘ ਤਰਨ ਤਾਰਨ ਵਾਲਿਆਂ ਵੱਲੋਂ ਕਰਵਾਈ ਜਾਵੇਗੀ। ਕਾਰ ਸੇਵਾ ਆਰੰਭ ਕਰਵਾਉਣ ਸਮੇਂ ਬਾਬਾ ਸੁਖਵਿੰਦਰ ਸਿੰਘ ਭੂਰੀਵਾਲੇ, ਬਾਬਾ ਬਲਬੀਰ ਸਿੰਘ ਸੀਚੇਵਾਲ, ਬਾਬਾ ਨਰਿੰਦਰ ਸਿੰਘ ਹਜ਼ੂਰ ਸਾਹਿਬ ਵਾਲੇ, ਬਾਬਾ ਗੁਰਚਰਨ ਸਿੰਘ ਠੱਠਾ ਟਿੱਬਾ ਵੀ ਮੌਜੂਦ ਸਨ।

ਅੱਜ ਦੀ ਇਕੱਤਰਤਾ ਦੌਰਾਨ ਸ਼੍ਰੋਮਣੀ ਕਮੇਟੀ ਪ੍ਰਧਾਨ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਸ. ਹਰਪਾਲ ਸਿੰਘ ਜੱਲ੍ਹਾ, ਜਨਰਲ ਸਕੱਤਰ ਸ. ਗੁਰਬਚਨ ਸਿੰਘ ਕਰਮੂੰਵਾਲਾ, ਸਾਬਕਾ ਮੰਤਰੀ ਬੀਬੀ ਉਪਿੰਦਰਜੀਤ ਕੌਰ, ਵਾਤਾਵਰਣ ਪ੍ਰੇਮੀ ਬਾਬਾ ਬਲਬੀਰ ਸਿੰਘ ਸੀਚੇਵਾਲ, ਅੰਤ੍ਰਿੰਗ ਮੈਂਬਰਾਨ ਸ. ਲਖਬੀਰ ਸਿੰਘ ਅਰਾਈਆਂ ਵਾਲਾ, ਸ. ਨਵਤੇਜ ਸਿੰਘ ਕਾਉਣੀ, ਸ. ਗੁਰਮੀਤ ਸਿੰਘ ਬੂਹ, ਬੀਬੀ ਗੁਰਪ੍ਰੀਤ ਕੌਰ ਰੂਹੀ, ਸ. ਰਵਿੰਦਰ ਸਿੰਘ ਸਿੰਘ ਚੱਕ, ਸ. ਗੁਰਤੇਜ ਸਿੰਘ ਢੱਡੇ, ਸ. ਸੱਜਣ ਸਿੰਘ ਬੱਜੂਮਾਨ, ਸ. ਅਮਰੀਕ ਸਿੰਘ ਸ਼ਾਹਪੁਰ, ਸ਼੍ਰੋਮਣੀ ਕਮੇਟੀ ਮੈਂਬਰਾਨ ਸ. ਜਰਨੈਲ ਸਿੰਘ ਡੋਗਰਾਂਵਾਲਾ, ਭਾਈ ਰਾਮ ਸਿੰਘ, ਸ. ਸੁਖਵਰਸ਼ ਸਿੰਘ ਪੰਨੂੰ, ਭਾਈ ਅਜਾਇਬ ਸਿੰਘ ਅਭਿਆਸੀ, ਸ.ਅਵਤਾਰ ਸਿੰਘ ਵਣਵਾਲਾ, ਸ. ਸਰਵਣ ਸਿੰਘ ਕੁਲਾਰ, ਸ. ਮਿੱਠੂ ਸਿੰਘ ਕਾਹਨੇਕੇ, ਸ. ਭਗਵਾਨ ਸਿੰਘ ਜੌਹਲ, ਧਰਮ ਪ੍ਰਚਾਰ ਕਮੇਟੀ ਦੇ ਵਧੀਕ ਸਕੱਤਰ ਸ. ਬਲਵਿੰਦਰ ਸਿੰਘ ਜੌੜਾ ਸਿੰਘਾ, ਵਧੀਕ ਸਕੱਤਰ ਸ. ਦਿਲਜੀਤ ਸਿੰਘ ਬੇਦੀ, ਸ. ਮਹਿੰਦਰ ਸਿੰਘ ਆਹਲੀ, ਮੀਤ ਸਕੱਤਰ ਸ. ਚਾਨਣ ਸਿੰਘ ਤੇ ਸ. ਸਿਮਰਜੀਤ ਸਿੰਘ, ਮੈਨੇਜਰ ਸ. ਜਰਨੈਲ ਸਿੰਘ ਤੇ ਸ. ਸਰਬਜੀਤ ਸਿੰਘ ਧੂੰਦਾ, ਬਾਬਾ ਗੁਰਪ੍ਰੀਤ ਸਿੰਘ ਕਾਰ ਸੇਵਾ ਖਡੂਰ ਸਾਹਿਬ, ਬਾਬਾ ਜੱਗਾ ਸਿੰਘ, ਬਾਬਾ ਮਹਿੰਦਰ ਸਿੰਘ, ਬਾਬਾ ਦਲਜੀਤ ਸਿੰਘ, ਬਾਬਾ ਜੋਗਾ ਸਿੰਘ, ਬਾਬਾ ਨੱਥਾ ਸਿੰਘ, ਬਾਬਾ ਬਲਵੰਤ ਸਿੰਘ, ਬਾਬਾ ਰਾਮ ਸਿੰਘ ਭਿੰਡਰ ਆਦਿ ਹਾਜ਼ਰ ਸਨ। ੧੫ ਫ਼ਰਵਰੀ

## ਸ਼੍ਰੋਮਣੀ ਕਮੇਟੀ ਵੱਲੋਂ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਮਾਤਾ ਭਾਨੀ ਜੀ ਦਾ ਜਨਮ ਦਿਹਾੜਾ ਸ਼ਰਧਾ ਸਹਿਤ ਮਨਾਇਆ ਗਿਆ

ਸ੍ਰੀ ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਿੱਖ ਪੰਥ ਦੀ ਮਹਾਨ ਸ਼ਖ਼ਸੀਅਤ, ਸ੍ਰੀ ਗੁਰੂ ਅਮਰਦਾਸ ਜੀ ਦੀ ਸਪੁੱਤਰੀ ਅਤੇ ਸ੍ਰੀ ਗੁਰੂ ਰਾਮਦਾਸ ਜੀ ਦੇ ਮਹਿਲ ਮਾਤਾ ਭਾਨੀ ਜੀ ਦਾ ਜਨਮ ਦਿਹਾੜਾ

ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸ਼ਰਧਾ ਭਾਵਨਾ ਸਹਿਤ ਮਨਾਇਆ ਗਿਆ। ਇਸ ਮੌਕੇ ਸ੍ਰੀ ਅਖੰਡਪਾਠ ਸਾਹਿਬ ਦੇ ਭੋਗ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਹਰਨਾਮ ਸਿੰਘ ਦੇ ਜੱਥੇ ਵੱਲੋਂ ਗੁਰਬਾਣੀ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਉਪਰੰਤ ਅਰਦਾਸ ਭਾਈ ਕੁਲਵਿੰਦਰ ਸਿੰਘ ਅਰਦਾਸੀਏ ਨੇ ਕੀਤੀ।

ਇਸ ਮੌਕੇ ਭਾਈ ਹਰਮਿੱਤਰ ਸਿੰਘ ਕਥਾਵਾਚਕ ਨੇ ਸੰਗਤਾਂ ਨੂੰ ਮਾਤਾ ਭਾਨੀ ਜੀ ਦੇ ਜੀਵਨ ਬਾਰੇ ਦੱਸਦਿਆਂ ਕਿਹਾ ਕਿ ਮਾਤਾ ਜੀ ਦਾ ਜੀਵਨ ਬਹੁਤ ਹੀ ਨਿਮਰਤਾ ਅਤੇ ਸਾਦਗੀ ਵਾਲਾ ਸੀ। ਉਨ੍ਹਾਂ ਛੋਟੀ ਉਮਰੇ ਹੀ ਗੁਰੂ-ਪਿਤਾ ਪਾਸੋਂ ਸਿੱਖੀ ਦੇ ਉੱਤਮ ਗੁਣ ਗ੍ਰਹਿਣ ਕਰ ਲਏ ਸਨ। ਉਨ੍ਹਾਂ ਦਾ ਸਾਰਾ ਜੀਵਨ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਨੂੰ ਪ੍ਰਣਾਇਆ ਹੋਇਆ ਸੀ ਅਤੇ ਇਨ੍ਹਾਂ ਸਿੱਖਿਆਵਾਂ ਦੀ ਰੌਸ਼ਨੀ ਵਿਚ ਆਪ ਜੀ ਨੇ ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਪਰਵ੍ਰਿਸ਼ ਕੀਤੀ। ਉਨ੍ਹਾਂ ਕਿਹਾ ਕਿ ਗੁਰਬਾਣੀ ਵਿਚ ਇਸਤਰੀਆਂ ਨੂੰ ਸਤਿਕਾਰਤ ਦਰਜਾ ਹਾਸਲ ਹੈ ਕਿਉਂਕਿ ਉਨ੍ਹਾਂ ਵੱਲੋਂ ਨਰੋਏ ਸਮਾਜ ਦੀ ਸਿਰਜਣਾ ਵਿਚ ਮਹੱਤਵਪੂਰਨ ਯੋਗਦਾਨ ਪਾਇਆ ਜਾਂਦਾ ਹੈ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਬੁਲਾਰੇ ਤੇ ਵਧੀਕ ਸਕੱਤਰ ਸ. ਦਿਲਜੀਤ ਸਿੰਘ ਬੇਦੀ ਨੇ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰੂ ਸਾਹਿਬਾਨ ਦੇ ਨਾਲ-ਨਾਲ ਸਿੱਖ ਪੰਥ ਦੀਆਂ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਦੇ ਦਿਹਾੜੇ ਵੀ ਸ਼ਰਧਾ ਭਾਵਨਾ ਨਾਲ ਮਨਾਏ ਜਾਂਦੇ ਹਨ। ਉਨ੍ਹਾਂ ਕਿਹਾ ਕਿ ਕੌਮ ਦੀ ਮਹਾਨ ਸ਼ਖ਼ਸੀਅਤਾਂ ਵਿਚ ਸ਼ਾਮਲ ਮਾਤਾ ਭਾਨੀ ਜੀ ਦਾ ਜੀਵਨ ਸੰਜਮ, ਸਹਿਜ, ਨਿਮਰਤਾ ਤੇ ਸੇਵਾ ਭਾਵਨਾ ਦੀ ਲਾਮਿਸਾਲ ਉਦਾਹਰਣ ਹੈ। ਉਨ੍ਹਾਂ ਸਮੂਹ ਸੰਗਤਾਂ ਨੂੰ ਮਾਤਾ ਜੀ ਦੇ ਜਨਮ ਦਿਹਾੜੇ ਦੀ ਮੁਬਾਰਕਬਾਦ ਵੀ ਦਿੱਤੀ।

ਗੁਰਮਤਿ ਸਮਾਗਮ ਮੌਕੇ ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਸ. ਦਿਲਜੀਤ ਸਿੰਘ ਬੇਦੀ, ਮੀਤ ਸਕੱਤਰ ਸ. ਜਸਵਿੰਦਰ ਸਿੰਘ ਦੀਨਪੁਰ, ਸੁਪ੍ਰਿੰਟੈਂਡੈਂਟ ਸ. ਸਤਨਾਮ ਸਿੰਘ, ਐਡੀਸ਼ਨਲ ਮੈਨੇਜਰ ਸ. ਸੁਖਰਾਜ ਸਿੰਘ ਢਿੱਲੋਂ ਤੇ ਸ. ਲਖਵਿੰਦਰ ਸਿੰਘ ਰੰਧਾਵਾ, ਸ/ਸੁਪ੍ਰਿੰਟੈਂਡੈਂਟ ਸ. ਮਲਕੀਤ ਸਿੰਘ ਬਹਿੜਵਾਲ, ਚੀਫ ਅਕਾਊਂਟੈਂਟ ਸ. ਇੰਦਰਪਾਲ ਸਿੰਘ, ਇੰਚਾਰਜ ਸ. ਮਨਜੀਤ ਸਿੰਘ, ਅਕਾਊਂਟੈਂਟ ਸ. ਜਤਿੰਦਰਪਾਲ ਸਿੰਘ, ਸ਼੍ਰੋਮਣੀ ਕਮੇਟੀ, ਧਰਮ ਪ੍ਰਚਾਰ ਕਮੇਟੀ ਅਤੇ ਸ੍ਰੀ ਦਰਬਾਰ ਸਾਹਿਬ ਦਾ ਸਟਾਫ ਅਤੇ ਵੱਡੀ ਗਿਣਤੀ ਸੰਗਤਾਂ ਹਾਜ਼ਰ ਸਨ। ੧੯ ਫ਼ਰਵਰੀ

## ਕੈਨੇਡਾ ਦੇ ਕਿਊਬਿਕ ਸੂਬੇ ਦੀ ਮੈਂਬਰ ਪਾਰਲੀਮੈਂਟ ਅੰਜੂ ਢਿੱਲੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਹੋਏ ਨਤਮਸਤਕ

ਅੰਮ੍ਰਿਤਸਰ -ਕੈਨੇਡਾ ਦੇ ਸੂਬੇ ਕਿਊਬਿਕ ਦੀ ਪਹਿਲੀ ਪੰਜਾਬੀ ਮੈਂਬਰ ਪਾਰਲੀਮੈਂਟ ਅੰਜੂ ਢਿੱਲੋਂ ਅੱਜ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਏ। ਇਸ ਮੌਕੇ ਉਨ੍ਹਾਂ ਦੇ ਪਰਿਵਾਰਕ ਮੈਂਬਰ ਵੀ ਉਨ੍ਹਾਂ ਦੇ ਨਾਲ ਸਨ। ਇਸ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਸੂਚਨਾ ਕੇਂਦਰ ਵਿਖੇ ਉਨ੍ਹਾਂ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਵਧੀਕ ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ ਤੇ ਹੋਰਾਂ ਨੇ ਸਿਰੋਪਾਓ ਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦਾ ਸੁਨਹਿਰੀ ਮਾਡਲ ਦੇ ਕੇ ਸਨਮਾਨਿਤ ਕੀਤਾ।

ਇਸ ਮੌਕੇ ਗੱਲਬਾਤ ਕਰਦਿਆਂ ਐੱਮ.ਪੀ. ਅੰਜੂ ਢਿੱਲੋਂ ਨੇ ਕਿਹਾ ਕਿ ਅਕਤੂਬਰ ੨੦੧੫ ਵਿਚ ਮੈਂਬਰ ਪਾਰਲੀਮੈਂਟ ਬਣਨ ਤੋਂ ਬਾਅਦ ਉਹ ਪਹਿਲੀ ਵਾਰ ਇਸ ਪਾਵਨ ਅਸਥਾਨ ਦੇ ਦਰਸ਼ਨ ਕਰਨ ਆਏ ਹਨ ਅਤੇ ਇਥੇ ਆ ਕੇ ਉਨ੍ਹਾਂ ਨੂੰ ਰੂਹਾਨੀ ਅਨੰਦ ਪ੍ਰਾਪਤ ਹੋਇਆ ਹੈ। ਉਨ੍ਹਾਂ ਕਿਹਾ ਕਿ ਕੈਨੇਡਾ ਵਿਚ ਪੰਜਾਬੀਆਂ ਨੇ ਸਫ਼ਲਤਾ ਦੀ ਬੁਲੰਦੀ ਨੂੰ ਛੂਹਿਆ ਹੈ ਅਤੇ ਸਮੁੱਚੀ ਕੌਮ ਲਈ ਖ਼ੁਸ਼ੀ ਦੀ ਗੱਲ ਹੈ ਕਿ ਉਥੇ ਦੀ ਸਰਕਾਰ ਵਿਚ ਚਾਰ ਸਿੱਖ ਮੰਤਰੀ ਹਨ। ਇਹ ਗੁਰੂ ਸਾਹਿਬ ਦੀ ਕਿਰਪਾ ਨਾਲ ਹੀ ਸੰਭਵ ਹੋ ਸਕਿਆ ਹੈ। ਉਨ੍ਹਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਦਿੱਤੇ ਗਏ ਸਨਮਾਨ ਲਈ ਧੰਨਵਾਦ ਵੀ ਕੀਤਾ।

ਇਸ ਸਮੇਂ ਵਧੀਕ ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ ਤੋਂ ਇਲਾਵਾ ਸ. ਬਲਵਿੰਦਰ ਸਿੰਘ ਕਾਹਲਵਾਂ

ਮੀਤ ਸਕੱਤਰ. ਸ. ਜਸਵਿੰਦਰ ਸਿੰਘ ਸੂਚਨਾ ਅਧਿਕਾਰੀ, ਸ. ਅੰਮ੍ਰਿਤਪਾਲ ਸਿੰਘ, ਸ. ਜਸਪਾਲ ਸਿੰਘ ਢੱਡੇ ਮੈਨੇਜਰ ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ ਅਤੇ ਐੱਮ. ਪੀ. ਅੰਜੂ ਢਿੱਲੋਂ ਦੇ ਪਰਿਵਾਰਕ ਮੈਂਬਰਾਂ ਵਿੱਚੋਂ ਸ. ਹਰਦੀਪ ਸਿੰਘ ਢਿੱਲੋਂ, ਪ੍ਰਿੰਸੀਪਲ ਰਾਮ ਸਿੰਘ ਪੱਡਾ, ਬੀਬੀ ਸੰਤੋਸ਼ ਕੌਰ, ਬੀਬੀ ਮਨਦੀਪ ਕੌਰ, ਸ. ਪਰਮਿੰਦਰ ਸਿੰਘ ਆਦਿ ਮੌਜੂਦ ਸਨ।

੧੭ ਫ਼ਰਵਰੀ

## ਕਿਸਾਨ ਭਾਈਚਾਰਾ ਗੁਰਮਤਿ ਫ਼ਲਸਫ਼ੇ ਤੋਂ ਅਗਵਾਈ ਲੈ ਕੇ ਜੀਵਨ ਸੇਧਾਂ ਨਿਰਧਾਰਤ ਕਰੇ-ਭਾਈ ਲੌਂਗੋਵਾਲ

### ਗੁ: ਬਾਰਠ ਸਾਹਿਬ ਵਿਖੇ ਸਰੋਵਰ, ਜੋੜਾਘਰ ਤੇ ਲਿਟਰੇਚਰ ਹਾਊਸ ਸੰਗਤ ਅਰਪਣ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਸਿੱਖ ਕੌਮ ਦੀ ਨੁਮਾਇੰਦਾ ਧਾਰਮਿਕ ਸੰਸਥਾ ਸ਼੍ਰੋਮਣੀ ਕਮੇਟੀ ਨੌਜੁਆਨੀ ਨੂੰ ਗੁਰਮਤਿ ਨਾਲ ਜੋੜਨ ਲਈ ਮੋਹਰੀ ਰੋਲ ਨਿਭਾ ਰਹੀ ਹੈ। ਉਹ ਅੱਜ ਇਥੇ ਗੁਰਦੁਆਰਾ ਸ੍ਰੀ ਬਾਰਠ ਸਾਹਿਬ ਵਿਖੇ ਇਕ ਗੁਰਮਤਿ ਸਮਾਗਮ ਦੌਰਾਨ ਸੰਗਤਾਂ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬਾਨ ਨੇ ਸਮਾਜ ਦੀ ਤਕਦੀਰ ਬਦਲਣ ਲਈ ਜੋ ਮਾਰਗ ਦਰਸ਼ਨ ਦਿੱਤਾ ਉਹ ਵਿਲੱਖਣ ਅਤੇ ਕ੍ਰਾਂਤੀਕਾਰੀ ਹੈ।ਭਾਈ ਲੌਂਗੋਵਾਲ ਨੇ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਬੱਚਿਆਂ ਤੇ ਨੌਜੁਆਨਾਂ ਨੂੰ ਗੁਰਮਤਿ ਵਿਚਾਰਧਾਰਾ ਨਾਲ ਜੋੜਨ ਲਈ ਅੱਗੇ ਆਉਣ। ਸਮਾਗਮ ਸਮੇਂ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ ਅਤੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਵੀ ਸੰਬੋਧਨ ਕੀਤਾ। ਇਸ ਤੋਂ ਪਹਿਲਾਂ ਧਰਮ ਪ੍ਰਚਾਰ ਕਮੇਟੀ ਦੇ ਸਾਬਕਾ ਮੈਂਬਰ ਜਥੇਦਾਰ ਰਤਨ ਸਿੰਘ ਜੱਫਰਵਾਲ ਨੇ ਸ਼੍ਰੋਮਣੀ ਕਮੇਟੀ ਪ੍ਰਧਾਨ ਨੂੰ ਜੀ ਆਇਆਂ ਕਿਹਾ। ਇਸ ਮੌਕੇ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੂੰ ਸ਼੍ਰੋਮਣੀ ਕਮੇਟੀ ਮੈਂਬਰਾਂ ਨੇ ਸਮੂਹਿਕ ਰੂਪ ਵਿਚ ਸਨਮਾਨਿਤ ਕੀਤਾ।

ਸਮਾਗਮ ਤੋਂ ਬਾਅਦ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਾਰ ਸੇਵਕ ਬਾਬਾ ਜਗਤਾਰ ਸਿੰਘ ਤਰਨ ਤਾਰਨ ਵਾਲਿਆਂ ਵੱਲੋਂ ਤਿਆਰ ਕੀਤੇ ਗਏ ਬਾਉਲੀ ਸਾਹਿਬ (ਸਰੋਵਰ), ਜੋੜਾ-ਘਰ ਅਤੇ ਲਿਟਰੇਚਰ ਹਾਊਸ ਦਾ ਸ਼ੁਭ ਆਰੰਭ ਕਰਵਾਇਆ। ਇਸ ਦੌਰਾਨ ਪੰਜ ਸਿੰਘਾਂ ਵੱਲੋਂ ਗੁਰਦੁਆਰਾ ਸਾਹਿਬ ਦੇ ਨਵੇਂ ਦਰਬਾਰ ਦੀ ਟੱਕ ਲਗਾ ਕੇ ਕਾਰ ਸੇਵਾ ਵੀ ਆਰੰਭ ਕੀਤੀ ਗਈ।

ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਗੁਰੂ ਘਰਾਂ ਅੰਦਰ ਲੰਗਰਾਂ 'ਤੇ ਜੀ.ਐਸ.ਟੀ. ਲਗਾਉਣਾ ਉਚਿਤ ਨਹੀਂ ਹੈ ਅਤੇ ਸ਼੍ਰੋਮਣੀ ਕਮੇਟੀ ਵੱਲੋਂ ਇਸ ਨੂੰ ਖ਼ਤਮ ਕਰਵਾਉਣ ਲਈ ਲਗਾਤਾਰ ਚਾਰਾਜੋਈ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਅਤੇ ਹਰਿਆਣਾ ਦੀਆਂ ਸਰਕਾਰਾਂ ਨੂੰ ਆਪਣੇ ਹਿੱਸੇ ਦਾ ਜੀ.ਐਸ.ਟੀ. ਤੁਰੰਤ ਖ਼ਤਮ ਕਰਨ ਲਈ ਅੱਗੇ ਆਉਣਾ ਚਾਹੀਦਾ ਹੈ ਅਤੇ ਨਾਲ ਹੀ ਕੇਂਦਰ ਸਰਕਾਰ ਨੂੰ ਵੀ ਗੁਰੂ ਘਰਾਂ ਤੋਂ ਜੀ.ਐਸ.ਟੀ. ਖ਼ਤਮ ਕਰਨ ਲਈ ਸਿਫ਼ਾਰਸ਼ ਕਰਨੀ ਚਾਹੀਦੀ ਹੈ। ਕਿਸਾਨ ਖ਼ੁਦਕੁਸ਼ੀਆਂ ਸਬੰਧੀ ਇਕ ਸਵਾਲ ਦੇ ਜਵਾਬ ਵਿਚ ਉਨ੍ਹਾਂ ਆਖਿਆ ਕਿ ਖ਼ੁਦਕੁਸ਼ੀ ਕਿਸੇ ਵੀ ਮਸਲੇ ਦਾ ਹੱਲ ਨਹੀਂ ਹੁੰਦੀ, ਸਗੋਂ ਕਿਸਾਨ ਭਰਾ ਗੁਰਮਤਿ ਫ਼ਲਸਫ਼ੇ ਤੋਂ ਅਗਵਾਈ ਲੈ ਕੇ ਜੀਵਨ ਸੇਧਾਂ ਨਿਰਧਾਰਤ ਕਰਨ। ਉਨ੍ਹਾਂ ਕਿਹਾ ਕਿ ਅੱਜ ਸਮਾਜ ਅੰਦਰ ਨਸ਼ੇ, ਭਰੂਣ ਹੱਤਿਆ, ਵਾਤਾਵਰਣ ਪ੍ਰਦੂਸ਼ਣ ਅਤੇ ਦਾਜ ਦਹੇਜ਼ ਦੀਆਂ ਸਮੱਸਿਆਵਾਂ ਮੂੰਹ ਅੱਡੀ ਖੜ੍ਹੀਆਂ ਹਨ ਅਤੇ ਅਸੀਂ ਦੇਖਾ-ਦੇਖੀ ਇਨ੍ਹਾਂ ਦੀ ਜਕੜ ਵਿਚ ਫਸਦੇ ਜਾ ਰਹੇ ਹਾਂ। ਉਨ੍ਹਾਂ ਪ੍ਰੇਰਕ ਰੂਪ ਵਿਚ ਕਿਹਾ ਕਿ ਅਜੋਕਾ ਸਮਾਜ ਸਮਾਜਿਕ ਰੀਤੀ-ਰਿਵਾਜਾਂ ਨੂੰ ਨਿਭਾਉਣ ਸਮੇਂ ਸਾਦਗੀ ਦਾ ਪੱਲਾ ਫੜ੍ਹੇ ਅਤੇ ਇਨ੍ਹਾਂ ਅਜੋਕੀਆਂ ਸਮਾਜਿਕ ਸਮੱਸਿਆਵਾਂ ਤੋਂ ਛੁਟਕਾਰਾ ਪ੍ਰਾਪਤ ਕਰਨ ਲਈ ਧਰਮ ਦੀਆਂ ਉੱਚ ਕਦਰਾਂ-ਕੀਮਤਾਂ ਨਾਲ ਜੁੜੇ।

ਇਸ ਮੌਕੇ ਬਾਬਾ ਜਗਤਾਰ ਸਿੰਘ ਤਰਨ ਤਾਰਨ ਵਾਲੇ, ਬਾਬਾ ਗੁਰਮੀਤ ਸਿੰਘ, ਬਾਬਾ ਮਹਿੰਦਰ ਸਿੰਘ,

ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਸੱਜਣ ਸਿੰਘ ਬੱਜੂਮਾਨ, ਐਡਵੋਕੇਟ ਭਗਵੰਤ ਸਿੰਘ ਸਿਆਲਕਾ ਤੇ ਸ. ਅਮਰੀਕ ਸਿੰਘ ਸ਼ਾਹਪੁਰ, ਸ਼੍ਰੋਮਣੀ ਕਮੇਟੀ ਮੈਂਬਰ ਸ. ਗੁਰਿੰਦਰਪਾਲ ਸਿੰਘ ਗੋਰਾ, ਸ. ਰਤਨ ਸਿੰਘ ਜ਼ੱਫਰਵਾਲ, ਮੁੱਖ ਸਕੱਤਰ ਡਾ. ਰੂਪ ਸਿੰਘ, ਵਧੀਕ ਸਕੱਤਰ ਸ. ਦਿਲਜੀਤ ਸਿੰਘ ਬੇਦੀ, ਸ਼੍ਰੋਮਣੀ ਕਮੇਟੀ ਪ੍ਰਧਾਨ ਦੇ ਨਿੱਜੀ ਸਹਾਇਕ ਸ. ਜਗਜੀਤ ਸਿੰਘ ਜੱਗੀ, ਮੈਨੇਜਰ ਸ. ਜਗਦੀਸ਼ ਸਿੰਘ ਬੁੱਟਰ, ਸ. ਹਰਦੀਪ ਸਿੰਘ ਲਮੀਣੀ ਪ੍ਰਧਾਨ ਅਕਾਲੀ ਜਥਾ ਪਠਾਨਕੋਟ, ਸ. ਸੁਖਬੀਰ ਸਿੰਘ ਵਾਹਲਾ, ਜਥੇਦਾਰ ਸੇਵਾ ਸਿੰਘ ਪਠਾਨਕੋਟ, ਬੀਬੀ ਪੁਸ਼ਪਿੰਦਰ ਕੌਰ ਮਜ਼ਬੂਰ, ਸ. ਦਰਸ਼ਨ ਸਿੰਘ ਪੀ.ਏ., ਪ੍ਰਚਾਰਕ ਭਾਈ ਅਮਰੀਕ ਸਿੰਘ ਚਿੱਟੀ, ਬੀਬਾ ਰੁਪਿੰਦਰ ਕੌਰ, ਗਿਆਨੀ ਖੜਕ ਸਿੰਘ ਪਠਾਨਕੋਟ ਸ. ਮਨਪ੍ਰੀਤ ਸਿੰਘ ਸਾਹਨੀ, ਪ੍ਰਿੰਸੀਪਲ ਸਰਬਜੀਤ ਕੌਰ, ਆਦਿ ਮੌਜੂਦ ਸਨ। ੧੮ ਫ਼ਰਵਰੀ

## ਸੱਚ ਦੇ ਮਾਰਗ 'ਤੇ ਚੱਲਣ ਦੀ ਪ੍ਰੇਰਨਾ ਦਿੰਦਾ ਹੈ ਗੁਰੂ ਸਾਹਿਬ ਵੱਲੋਂ ਦਿੱਤਾ ਗਿਆ ਫ਼ਲਸਫ਼ਾ-ਭਾਈ ਲੌਂਗੋਵਾਲ

## ਸਾਕਾ ਨਨਕਾਣਾ ਸਾਹਿਬ ਦੇ ਸ਼ਹੀਦਾਂ ਨੂੰ ਸਮਰਪਿਤ ਸ਼੍ਰੋਮਣੀ ਕਮੇਟੀ ਵੱਲੋਂ ਸਮਾਗਮ

ਅੰਮ੍ਰਿਤਸਰ- ਸਾਕਾ ਸ੍ਰੀ ਨਨਕਾਣਾ ਸਾਹਿਬ ਦੇ ਸ਼ਹੀਦਾਂ ਦੀ ਯਾਦ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਵੱਲੋਂ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਇਸ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਜਥਿਆਂ ਨੇ ਗੁਰਬਾਣੀ ਕੀਰਤਨ ਕੀਤਾ। ਇਸੇ ਦੌਰਾਨ ਸ਼੍ਰੋਮਣੀ ਕਮੇਟੀ ਵੱਲੋਂ 'ਸ਼ਹੀਦ ਸਿੱਖ ਮਿਸ਼ਨਰੀ ਕਾਲਜ' ਵਿਖੇ ਸ਼ਹੀਦੀ ਸਾਕੇ ਨੂੰ ਸਮਰਪਿਤ 'ਸਾਕਾ ਨਨਕਾਣਾ ਸਾਹਿਬ : ਪਿਛੋਕੜ ਤੇ ਪ੍ਰਭਾਵ' ਵਿਸ਼ੇ 'ਤੇ ਇਕ ਸੈਮੀਨਾਰ ਕਰਵਾਇਆ ਗਿਆ। ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਸੰਬੋਧਨ ਕਰਦਿਆਂ ਕਿਹਾ ਕਿ ਗੁਰੂ ਸਾਹਿਬਾਨ ਦੁਆਰਾ ਸਿਧਾਂਤਕ ਤੇ ਵਿਹਾਰਕ ਰੂਪ ਵਿਚ ਦ੍ਰਿੜ੍ਹ ਕਰਵਾਇਆ ਗਿਆ ਸਿੱਖ ਫ਼ਲਸਫ਼ਾ ਸਾਨੂੰ ਸੱਚ ਦੇ ਮਾਰਗ 'ਤੇ ਚੱਲਣ ਦੀ ਪ੍ਰੇਰਣਾ ਦਿੰਦਾ ਹੈ। ਉਨ੍ਹਾਂ ਕਿਹਾ ਕਿ ਸਿੱਖ ਇਤਿਹਾਸ ਗੁਰੂ ਸਾਹਿਬ ਵੱਲੋਂ ਦਰਸਾਏ ਫ਼ਲਸਫ਼ੇ ਅਤੇ ਸਿਧਾਂਤਾਂ 'ਤੇ ਚੱਲ ਕੇ ਸ਼ਹਾਦਤਾਂ ਦੇਣ ਵਾਲੇ ਅਣ-ਗਿਣਤ ਸਿੱਖਾਂ ਨਾਲ ਭਰਿਆ ਪਿਆ ਹੈ। ਉਨ੍ਹਾਂ ਸ੍ਰੀ ਨਨਕਾਣਾ ਸਾਹਿਬ ਦੇ ਸਾਕੇ ਦੌਰਾਨ ਸ਼ਹੀਦ ਹੋਏ ਸਿੰਘਾਂ ਨੂੰ ਸ਼ਰਧਾ ਅਤੇ ਸਤਿਕਾਰ ਭੇਟ ਕਰਦਿਆਂ ਸਿੱਖ ਇਤਿਹਾਸ ਦੇ ਇਨ੍ਹਾਂ ਪੰਨਿਆਂ ਤੋਂ ਪ੍ਰੇਰਣਾ ਲੈਣ ਦੀ ਅਪੀਲ ਕੀਤੀ।

ਸੈਮੀਨਾਰ ਦੌਰਾਨ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਸਾਬਕਾ ਪ੍ਰੋਫ਼ੈਸਰ ਡਾ. ਬਲਕਾਰ ਸਿੰਘ, ਜਥੇਦਾਰ ਗੁਰਚਰਨ ਸਿੰਘ ਟੌਹੜਾ ਇੰਸਟੀਚਿਊਟ ਬਹਾਦਰਗੜ੍ਹ ਪਟਿਆਲਾ ਦੇ ਡਾਇਰੈਕਟਰ ਡਾ. ਚਮਕੌਰ ਸਿੰਘ, ਪ੍ਰਸਿੱਧ ਸਿੱਖ ਵਿਦਵਾਨ ਗਿਆਨੀ ਗੁਰਬਖ਼ਸ਼ ਸਿੰਘ ਗੁਲਸ਼ਨ ਨੇ ਜਿਥੇ ਸਾਕਾ ਨਨਕਾਣਾ ਸਾਹਿਬ ਦੇ ਪਿਛੋਕੜ ਨੂੰ ਸਰੋਤਿਆਂ ਨਾਲ ਸਾਂਝਾ ਕੀਤਾ ਉਥੇ ਹੀ ਇਸ ਸਾਕੇ ਤੋਂ ਬਾਅਦ ਪਏ ਪ੍ਰਭਾਵਾਂ ਬਾਰੇ ਵੀ ਆਪਣੇ ਵਿਚਾਰ ਪ੍ਰਗਟ ਕੀਤੇ। ਇਸ ਤੋਂ ਪਹਿਲਾਂ ਕਾਲਜ ਦੇ ਪ੍ਰਿੰਸੀਪਲ ਸ. ਬਲਦੇਵ ਸਿੰਘ ਨੇ ਆਈਆਂ ਪ੍ਰਮੁੱਖ ਸ਼ਖ਼ਸੀਅਤਾਂ ਅਤੇ ਸਰੋਤਿਆਂ ਦਾ ਸਵਾਗਤ ਕੀਤਾ। ਅੰਤ ਵਿਚ ਧਰਮ ਪ੍ਰਚਾਰ ਕਮੇਟੀ ਦੇ ਵਧੀਕ ਸਕੱਤਰ ਪ੍ਰੋ. ਬਲਵਿੰਦਰ ਸਿੰਘ ਜੌੜਾਸਿੰਘਾ ਨੇ ਧੰਨਵਾਦ ਦੇ ਸ਼ਬਦ ਕਹੇ। ਇਸ ਤੋਂ ਪਹਿਲੇ ਦਿਨ 'ਸ਼ਹੀਦ ਸਿੱਖ ਮਿਸ਼ਨਰੀ ਕਾਲਜ' ਵਿਖੇ ਸ਼ਹੀਦੀ ਸਾਕੇ ਨੂੰ ਸਮਰਪਿਤ ਕੀਰਤਨ ਸਮਾਗਮ ਕਰਵਾਇਆ ਗਿਆ। ਇਸ ਮੌਕੇ ਸਿੱਖ ਕੌਮ ਦੇ ਪ੍ਰਸਿੱਧ ਰਾਗੀ ਭਾਈ ਹਰਜਿੰਦਰ ਸਿੰਘ ਸ੍ਰੀਨਗਰ, ਪਦਮ ਸ੍ਰੀ ਭਾਈ ਨਿਰਮਲ ਸਿੰਘ ਖ਼ਾਲਸਾ, ਭਾਈ ਸਤਿੰਦਰਬੀਰ ਸਿੰਘ, ਭਾਈ ਗੁਰਦੇਵ ਸਿੰਘ, ਭਾਈ ਜਸਪ੍ਰੀਤ ਸਿੰਘ ਕਪੂਰਥਲਾ ਸਮੇਤ ਕਾਲਜ ਦੇ ਵਿਦਿਆਰਥੀਆਂ ਨੇ ਰਾਗ ਅਧਾਰਿਤ ਗੁਰਬਾਣੀ ਕੀਰਤਨ ਕੀਤਾ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਗੁਰਦੁਆਰਾ ਸਾਹਿਬਾਨ ਦੀ ਆਜ਼ਾਦੀ ਲਈ ਸ੍ਰੀ ਨਨਕਾਣਾ ਸਾਹਿਬ ਦੇ ਸਾਕੇ ਦੇ ਸ਼ਹੀਦਾਂ ਦਾ ਸਿੱਖ ਇਤਿਹਾਸ ਵਿਚ ਉੱਚਾ ਸਥਾਨ ਹੈ। ਉਨ੍ਹਾਂ ਕਿਹਾ ਇਸ ਸਾਕੇ ਦੇ ਸ਼ਹੀਦ ਸਾਡੇ ਪ੍ਰੇਰਨਾ ਸਰੋਤ ਹਨ। ਉਨ੍ਹਾਂ ਗੁਰਮਤਿ ਦੀ ਸਿੱਖਿਆ ਪ੍ਰਾਪਤ ਕਰ ਰਹੇ ਵਿਦਿਆਰਥੀਆਂ ਨੂੰ ਪ੍ਰੇਰਣਾ ਕਰਦਿਆਂ ਕਿਹਾ ਕਿ ਉਹ ਆਪਣੇ ਮਹਾਨ ਸ਼ਹੀਦਾਂ ਦੀ ਸੋਚ 'ਤੇ ਪਹਿਰਾ ਦਿੰਦਿਆਂ ਦ੍ਰਿੜ੍ਹਤਾ ਅਤੇ ਤਿਆਗ ਨੂੰ ਆਪਣੇ ਜੀਵਨ ਦਾ ਹਿੱਸਾ ਬਣਾਉਣ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਭਾਈ ਰਜਿੰਦਰ ਸਿੰਘ ਮਹਿਤਾ, ਬੀਬੀ ਕਿਰਨਜੋਤ ਕੌਰ, ਭਾਈ ਰਾਮ ਸਿੰਘ, ਸ. ਮੰਗਵਿੰਦਰ ਸਿੰਘ ਖਾਪੜਖੇੜੀ, ਸ. ਬਲਵਿੰਦਰ ਸਿੰਘ ਜੌੜਾ ਸਿੰਘਾ ਵਧੀਕ ਸਕੱਤਰ, ਸ਼੍ਰੋਮਣੀ ਕਮੇਟੀ ਪ੍ਰਧਾਨ ਦੇ ਨਿੱਜੀ ਸਹਾਇਕ ਸ. ਜਗਜੀਤ ਸਿੰਘ ਜੱਗੀ, ਸ. ਬਲਵਿੰਦਰ ਸਿੰਘ ਕਾਹਲਵਾਂ ਮੀਤ ਸਕੱਤਰ, ਸ. ਦਰਸ਼ਨ ਸਿੰਘ ਪੀ.ਏ., ਪ੍ਰਿੰਸੀਪਲ ਬਲਦੇਵ ਸਿੰਘ, ਪ੍ਰੋ. ਮਨਜੀਤ ਕੌਰ, ਪ੍ਰੋ. ਅਮਰਜੀਤ ਕੌਰ, ਪ੍ਰੋ. ਰਵੇਲ ਸਿੰਘ, ਪ੍ਰੋ. ਰਜਵੰਤ ਕੌਰ, ਪ੍ਰਿੰਸੀਪਲ ਰਾਜਪਾਲ ਸਿੰਘ, ਪ੍ਰੋ. ਕਰਨਬੀਰ ਸਿੰਘ, ਭਾਈ ਗੁਰਭਾਗ ਸਿੰਘ ਸਮੇਤ ਵੱਖ-ਵੱਖ ਮਿਸ਼ਨਰੀ ਕਾਲਜਾਂ ਦਾ ਸਟਾਫ਼ ਅਤੇ ਸਿਖਿਆਰਥੀ ਹਾਜ਼ਰ ਸਨ। ੨੧ ਫਰਵਰੀ

## ਸ਼੍ਰੋਮਣੀ ਕਮੇਟੀ ਵੱਲੋਂ ਕਾਲੇ ਘਣੂੰਪੁਰ ਦੀ ਘਟਨਾ ਦੇ ਜ਼ਖ਼ਮੀਆਂ ਨੂੰ ਸਹਾਇਤਾ ਦਾ ਐਲਾਨ

## ਗੰਭੀਰ ਜ਼ਖ਼ਮੀਆਂ ਨੂੰ ੫੦-੫੦ ਹਜ਼ਾਰ ਤੇ ਘੱਟ ਜ਼ਖ਼ਮੀਆਂ ਨੂੰ ੨੦-੨੦ ਹਜ਼ਾਰ ਰੁਪਏ ਇਲਾਜ ਲਈ ਦਿੱਤੇ ਜਾਣਗੇ- ਭਾਈ ਲੌਂਗੋਵਾਲ

ਅੰਮ੍ਰਿਤਸਰ- ਅੰਮ੍ਰਿਤਸਰ ਦੇ ਨਾਲ ਲੱਗਦੇ ਪਿੰਡ ਕਾਲੇ ਘਣੂੰਪੁਰ ਦੇ ਇੱਕ ਗੁਰਦੁਆਰਾ ਸਾਹਿਬ ਵਿਖੇ ਸਾਲਾਨਾ ਜੋੜ ਮੇਲੇ ਮੌਕੇ ਸ਼ਨਿੱਚਰਵਾਰ ਨੂੰ ਗੈਸੀ ਗੁਬਾਰਿਆਂ ਦਾ ਸਿਲੰਡਰ ਫਟਣ ਕਾਰਨ ਕੁਝ ਬੱਚਿਆਂ ਦੇ ਜ਼ਖ਼ਮੀ ਹੋ ਜਾਣ ਦੀ ਘਟਨਾ ਨੂੰ ਦੁਖਮਈ ਦੱਸਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਪ੍ਰਭਾਵਿਤਾਂ ਨੂੰ ਸਹਾਇਤਾ ਦੇਣ ਦਾ ਐਲਾਨ ਕੀਤਾ ਹੈ। ਉਨ੍ਹਾਂ ਅਚਾਨਕ ਵਾਪਰੀ ਇਸ ਘਟਨਾ ਦੌਰਾਨ ਜ਼ਖ਼ਮੀਆਂ ਦੇ ਪਰਿਵਾਰਾਂ ਨਾਲ ਹਮਦਰਦੀ ਪ੍ਰਗਟ ਕਰਦਿਆਂ ਕਿਹਾ ਕਿ ਗੰਭੀਰ ਜ਼ਖ਼ਮੀਆਂ ਨੂੰ ਇਲਾਜ ਕਰਵਾਉਣ ਲਈ ਸ਼੍ਰੋਮਣੀ ਕਮੇਟੀ ਵੱਲੋਂ ਪੰਜਾਹ-ਪੰਜਾਹ ਹਜ਼ਾਰ ਅਤੇ ਘੱਟ ਜ਼ਖ਼ਮੀਆਂ ਨੂੰ ਵੀਹ-ਵੀਹ ਹਜ਼ਾਰ ਰੁਪਏ ਦੀ ਮਾਲੀ ਸਹਾਇਤਾ ਦਿੱਤੀ ਜਾਵੇਗੀ। ਉਨ੍ਹਾਂ ਜ਼ਖ਼ਮੀਆਂ ਦੇ ਜਲਦੀ ਸਿਹਤਯਾਬੀ ਦੀ ਅਰਦਾਸ ਵੀ ਕੀਤੀ।

ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਲੌਂਗੋਵਾਲ ਨੇ ਕਿਹਾ ਕਿ ਬੀਤੇ ਕੱਲ੍ਹ ਵਾਪਰੀ ਇਹ ਘਟਨਾ ਭਿਆਨਕ ਅਤੇ ਦੁਖਮਈ ਹੈ ਅਤੇ ਅਜਿਹੀਆਂ ਘਟਨਾਵਾਂ ਨਾ ਵਾਪਰਣ, ਇਸ ਲਈ ਪ੍ਰਸ਼ਾਸਨ ਨੂੰ ਜ਼ਿੰਮੇਵਾਰੀ ਵਾਲੀ ਭੂਮਿਕਾ ਨਿਭਾਉਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਮਨੁੱਖੀ ਜੀਵਨ ਦੀ ਸੁਰੱਖਿਆ ਦੇ ਮੱਦੇਨਜ਼ਰ ਅਜਿਹੀ ਕੋਈ ਵੀ ਵਿਸਫੋਟਕ ਵਸਤੂ ਨੂੰ ਜੋੜ ਮੇਲਿਆਂ ਆਦਿ ਵਾਲੇ ਥਾਵਾਂ 'ਤੇ ਲਿਜਾਣ ਨੂੰ ਸਖਤੀ ਨਾਲ ਰੋਕਿਆ ਜਾਵੇ ਤਾਂ ਜੋ ਅਜਿਹੀਆਂ ਮੰਦਭਾਗੀਆਂ ਘਟਨਾਵਾਂ ਨੂੰ ਟਾਲਿਆ ਜਾ ਸਕੇ। ੨੫ ਫਰਵਰੀ

## ਸਿਹਤ ਸੇਵਾਵਾਂ ਦਾ ਖੇਤਰ ਰੁਜ਼ਗਾਰ ਅਤੇ ਮਨੁੱਖੀ ਹਮਦਰਦੀ ਦੀ ਭਾਵਨਾ ਦਾ ਸੁਮੇਲ -ਭਾਈ ਲੌਂਗੋਵਾਲ

## ਸ੍ਰੀ ਗੁਰੂ ਰਾਮਦਾਸ ਮੈਡੀਕਲ ਸੰਸਥਾ ਵਿਖੇ ਹੋਈ ਛੇਵੀਂ ਕਾਨਵੋਕੇਸ਼ਨ ਮੌਕੇ ੪੫੦ ਵਿਦਿਆਰਥੀਆਂ ਨੂੰ ਡਿਗਰੀਆਂ ਤਕਸੀਮ

ਅੰਮ੍ਰਿਤਸਰ- ਸ੍ਰੀ ਗੁਰੂ ਰਾਮਦਾਸ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਜ਼ ਐਂਡ ਰੀਸਰਚ, ਸ੍ਰੀ ਅੰਮ੍ਰਿਤਸਰ ਦੀ ਛੇਵੀਂ ਕਾਨਵੋਕੇਸ਼ਨ ਦੌਰਾਨ ਸੰਬੋਧਨ ਕਰਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ

ਸਿੰਘ ਲੌਂਗੋਵਾਲ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਪੇਂਡੂ ਖੇਤਰਾਂ ਵਿਚ ਲੋੜਵੰਦਾਂ ਨੂੰ ਸਿਹਤ ਸਹੂਲਤਾਂ ਪ੍ਰਦਾਨ ਕਰਨ ਦੇ ਮਕਸਦ ਨਾਲ ਨਿਰੰਤਰ ਕਾਰਜਸ਼ੀਲ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਪਿਛੜੇ ਇਲਾਕਿਆਂ ਅੰਦਰ ਲੋੜਵੰਦਾਂ ਨੂੰ ਸਿਹਤ ਸਹੂਲਤਾਂ ਦੇਣ ਲਈ ਮੈਡੀਕਲ ਵੈਨਾਂ ਚਲਾਉਣ ਦਾ ਫ਼ੈਸਲਾ ਕੀਤਾ ਜਾ ਚੁੱਕਾ ਹੈ ਅਤੇ ਇਸ ਕਾਰਜ ਦੀ ਆਰੰਭਤਾ ਵੀ ਬਹੁਤ ਜਲਦ ਕਰ ਦਿੱਤੀ ਜਾਵੇਗੀ। ਭਾਈ ਲੌਂਗੋਵਾਲ ਨੇ ਵੱਖ-ਵੱਖ ਡਿਗਰੀਆਂ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਡਾਕਟਰੀ ਪੇਸ਼ਾ ਸਭ ਤੋਂ ਉੱਤਮ ਹੈ ਅਤੇ ਇਸ ਪੇਸ਼ੇ ਨੂੰ ਅਪਨਾਉਣ ਵਾਲੇ ਰੁਜ਼ਗਾਰ ਦੇ ਨਾਲ-ਨਾਲ ਮਨੁੱਖੀ ਸੇਵਾ ਨੂੰ ਵੀ ਪਹਿਲ ਦੇਣ। ਉਨ੍ਹਾਂ ਡਿਗਰੀ ਧਾਰਕਾਂ ਨੂੰ ਪ੍ਰੇਰਣਾ ਦਿੱਤੀ ਕਿ ਸਮਰਪਣ, ਇਮਾਨਦਾਰੀ ਅਤੇ ਮਨੁੱਖੀ ਹਮਦਰਦੀ ਦੀ ਭਾਵਨਾ ਨਾਲ ਸਿਹਤ ਸੇਵਾਵਾਂ ਦੇ ਖੇਤਰ ਵਿਚ ਅੱਗੇ ਵਧਣ।

ਇਸ ਮੌਕੇ ਕਾਨਵੋਕੇਸ਼ਨ ਵਿਚ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ ਯੂਨੈਸਕੋ ਚੇਅਰ ਇਨ ਬਾਇਓਏਥਿਕਸ ਹਾਫੀਆ, ਮੈਲਬੋਰਨ ਆਸਟ੍ਰੇਲੀਆ ਅਤੇ ਏਸ਼ੀਆ ਪੈਸੀਫਿਕ ਡਵੀਜ਼ਨ ਦੇ ਮੁਖੀ ਡਾ. ਰਸਲ ਫਰੈਂਕੋ ਡਿਸੂਜਾ ਨੇ ਕਿਹਾ ਕਿ ਮਨੁੱਖਤਾ ਦੀ ਸੇਵਾ ਸਭ ਤੋਂ ਉੱਤਮ ਹੈ ਅਤੇ ਸਿਹਤ ਸੇਵਾਵਾਂ ਦੇ ਖੇਤਰ ਵਿਚ ਨਿਤਰਨ ਵਾਲਿਆਂ ਨੂੰ ਇਹ ਸਿੱਧ ਕਰਨਾ ਪਵੇਗਾ ਕਿ ਉਹ ਖੇਤਰ ਵਿਚ ਸੰਪੰਨ ਹਨ। ਇਸੇ ਨਾਲ ਹੀ ਲੋਕਾਂ ਦਾ ਵਿਸ਼ਵਾਸ ਸਾਡੇ 'ਤੇ ਬਣ ਸਕਦਾ ਹੈ। ਉਨ੍ਹਾਂ ਕਿਹਾ ਕਿ ਹਰ ਦਿਨ ਸਿੱਖਣ ਲਈ ਹੈ ਅਤੇ ਮੈਡੀਕਲ ਖੇਤਰ ਵਿਚ ਡਿਗਰੀ ਪ੍ਰਾਪਤ ਕਰ ਲੈਣ ਨਾਲ ਪੜ੍ਹਾਈ ਖ਼ਤਮ ਨਹੀਂ ਸਮਝੀ ਜਾਣੀ ਚਾਹੀਦੀ ਸਗੋਂ ਅਗਲੇਰੇ ਪੜ੍ਹਾਵਾਂ ਵਿਚ ਵੀ ਸਿੱਖਣ ਦੀ ਚਾਹਤ ਮਰਨੀ ਨਹੀਂ ਚਾਹੀਦੀ। ਇਸ ਤੋਂ ਪਹਿਲਾਂ ਸ੍ਰੀ ਗੁਰੂ ਰਾਮਦਾਸ ਚੈਰੀਟੇਬਲ ਹਸਪਤਾਲ ਟਰੱਸਟ ਦੇ ਸਕੱਤਰ ਅਤੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਆਈਆਂ ਹੋਈਆਂ ਪ੍ਰਮੁੱਖ ਸ਼ਖ਼ਸੀਅਤਾਂ ਦਾ ਸਵਾਗਤ ਕੀਤਾ ਅਤੇ ਡਿਗਰੀਆਂ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਬਿਹਤਰ ਭਵਿੱਖ ਦੀ ਕਾਮਨਾ ਕੀਤੀ। ਇਸ ਦੌਰਾਨ ਸ੍ਰੀ ਗੁਰੂ ਰਾਮਦਾਸ ਮੈਡੀਕਲ ਸਾਇੰਸਜ਼ ਐਂਡ ਰੀਸਰਚ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਮਨਜੀਤ ਸਿੰਘ ਉੱਪਲ ਨੇ ਸਾਲਾਨਾ ਰਿਪੋਰਟ ਪੇਸ਼ ਕੀਤੀ ਅਤੇ ਸ਼੍ਰੋਮਣੀ ਕਮੇਟੀ ਦੀਆਂ ਸਿਹਤ ਸੇਵਾਵਾਂ ਦੇ ਨਾਲ-ਨਾਲ ਕਾਲਜ ਦੀਆਂ ਪ੍ਰਾਪਤੀਆਂ ਦਾ ਖੁਲਾਸਾ ਵੀ ਕੀਤਾ। ਇਸ ਮੌਕੇ ਡਾ. ਗੀਤਾ ਲਕਸ਼ਮੀ ਆਨਰੇਰੀ ਵਾਈਸ ਚਾਂਸਲਰ ਦਾ ਤਾਮਿਲਨਾਡੂ ਡਾ. ਐਮ.ਜੀ.ਆਰ. ਮੈਡੀਕਲ ਯੂਨੀਵਰਸਿਟੀ ਅਤੇ ਡਾ. ਜੇ.ਐਸ. ਬਮਰਾਹ ਰੀਡਰ ਯੂਨੀਵਰਸਿਟੀ ਆਫ਼ ਮੈਨਚੇਸਟਰ ਨੇ ਗੈਸਟ ਆਫ਼ ਆਨਰ ਵਜੋਂ ਮੌਜੂਦ ਸਨ। ਕਾਨਵੋਕੇਸ਼ਨ ਦੀ ਆਰੰਭਤਾ ਸ਼ਬਦ ਕੀਰਤਨ ਨਾਲ ਹੋਈ।

ਕਾਨਵੋਕੇਸ਼ਨ ਸਮੇਂ ਡਾ. ਰਸਲ ਅਤੇ ਡਾ. ਗੀਤਾ ਲਸ਼ਕਮੀ ਨੇ ਐਮ.ਬੀ.ਬੀ.ਐਸ. ਦੇ ੩੦੦, ਐਮ.ਡੀ. ਅਤੇ ਐਮ.ਐਸ. ਦੇ ੧੫੦ ਵਿਦਿਆਰਥੀਆਂ ਨੂੰ ਡਿਗਰੀਆਂ ਤਕਸੀਮ ਕੀਤੀਆਂ। ਇਸੇ ਦੌਰਾਨ ਸ੍ਰੀ ਗੁਰੂ ਰਾਮਦਾਸ ਯੂਨੀਵਰਸਿਟੀ ਆਫ਼ ਹੈਲਥ ਸਾਇੰਸਜ਼ ਵਿਖੇ ਯੂਨੈਸਕੋ ਬਾਇਉ ਐਥਿਕਲ ਸੈਂਟਰ ਦਾ ਉਦਘਾਟਨ ਵੀ ਕੀਤਾ ਗਿਆ।

ਇਸ ਮੌਕੇ ਡਾ. ਰੂਪ ਸਿੰਘ ਮੁੱਖ ਸਕੱਤਰ ਸ਼੍ਰੋਮਣੀ ਕਮੇਟੀ, ਸੀਨੀਅਰ ਸਰਜਨ ਅਤੇ ਟਰੱਸਟ ਮੈਂਬਰ ਡਾ. ਹਰਦਾਸ ਸਿੰਘ, ਸ. ਸੁਰਜੀਤ ਸਿੰਘ ਭਿੱਟੇਵੱਡ, ਡਾ. ਕੁਲਵੰਤ ਸਿੰਘ ਦੇ ਵਾਇਸ ਚਾਂਸਲਰ ਸ੍ਰੀ ਗੁਰੂ ਰਾਮਦਾਸ ਯੂਨੀਵਰਸਿਟੀ ਆਫ਼ ਹੈਲਥ ਸਾਇੰਸਜ਼, ਡਾ. ਏ. ਪੀ. ਸਿੰਘ ਡੀਨ ਸ੍ਰੀ ਗੁਰੂ ਰਾਮਦਾਸ ਯੂਨੀਵਰਸਿਟੀ ਆਫ਼ ਹੈਲਥ ਸਾਇੰਸਜ਼, ਡਾ. ਮਨਜੀਤ ਸਿੰਘ ਉੱਪਲ ਡਾਇਰੈਕਟਰ ਪ੍ਰਿੰਸੀਪਲ, ਸ਼੍ਰੋਮਣੀ ਕਮੇਟੀ ਪ੍ਰਧਾਨ ਦੇ ਨਿੱਜੀ ਸਹਾਇਕ ਸ. ਜਗਜੀਤ ਸਿੰਘ ਜੱਗੀ, ਮੈਨੇਜਰ ਸ. ਸੁਲੱਖਣ ਸਿੰਘ ਭੰਗਾਲੀ, ਡਾ. ਗੁਰਿੰਦਰਮੋਹਨ ਸਿੰਘ, ਡਾ. ਬਲਜੀਤ ਸਿੰਘ, ਸ. ਅਮਨਦੀਪ ਸਿੰਘ ਡਿਪਟੀ ਰਜਿਸਟਰਾਰ ਅਤੇ ਡਾਕਟਰ ਸਾਹਿਬਾਨ ਮੌਜੂਦ ਸਨ। ੨੯ ਫਰਵਰੀ

## ਕੇਂਦਰੀ ਸਿੱਖ ਅਜਾਇਬ ਘਰ ਵਿਖੇ ਗਿਆਨੀ ਮੱਲ ਸਿੰਘ, ਗਿਆਨੀ ਬਾਦਲ ਸਿੰਘ ਤੇ ਮਾਸਟਰ ਗੁਰਦਿੱਤ ਸਿੰਘ ਦੀਆਂ ਤਸਵੀਰਾਂ ਸੁਸ਼ੋਭਿਤ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਵੱਲੋਂ ਅੱਜ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ

ਦੇ ਸਾਬਕਾ ਜਥੇਦਾਰ ਗਿਆਨੀ ਮੱਲ ਸਿੰਘ, ਯੂ.ਪੀ. ਸਿੱਖ ਮਿਸ਼ਨ ਹਾਪੜ ਦੇ ਸਾਬਕਾ ਇੰਚਾਰਜ ਗਿਆਨੀ ਬਾਦਲ ਸਿੰਘ ਅਤੇ ਸ਼੍ਰੋਮਣੀ ਕਮੇਟੀ ਦੇ ਸਾਬਕਾ ਅੰਤ੍ਰਿੰਗ ਮੈਂਬਰ ਮਾਸਟਰ ਗੁਰਦਿੱਤ ਸਿੰਘ ਜਲਵੇਹੜਾ ਦੀਆਂ ਤਸਵੀਰਾਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਅੰਮ੍ਰਿਤਸਰ ਦੇ ਕੇਂਦਰੀ ਸਿੱਖ ਅਜਾਇਬ ਘਰ ਵਿਖੇ ਸੁਸ਼ੋਭਿਤ ਕੀਤੀਆਂ ਗਈਆਂ। ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਗੁਰਬਚਨ ਸਿੰਘ ਤੇ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਤਸਵੀਰਾਂ ਤੋਂ ਪਰਦਾ ਹਟਾਇਆ। ਇਸ ਤੋਂ ਪਹਿਲਾਂ ਭਾਈ ਹਰਨਾਮ ਸਿੰਘ ਸ੍ਰੀਨਗਰ ਦੇ ਰਾਗੀ ਜਥੇ ਵੱਲੋਂ ਗੁਰਬਾਣੀ ਕੀਰਤਨ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਮਾਨ ਸਿੰਘ ਨੇ ਅਰਦਾਸ ਕੀਤੀ।

ਇਸ ਮੌਕੇ ਸੰਬੋਧਨ ਕਰਦਿਆਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਗੁਰਬਚਨ ਸਿੰਘ ਨੇ ਕਿਹਾ ਕਿ ਕੇਂਦਰੀ ਸਿੱਖ ਅਜਾਇਬ ਘਰ ਸੰਗਤਾਂ ਨੂੰ ਆਪਣੇ ਇਤਿਹਾਸ ਅਤੇ ਵਿਰਾਸਤ ਨਾਲ ਜੋੜਨ ਲਈ ਵੱਡੀ ਭੂਮਿਕਾ ਨਿਭਾਅ ਰਿਹਾ ਹੈ ਅਤੇ ਇਥੇ ਸੁਸ਼ੋਭਿਤ ਤਸਵੀਰਾਂ ਨੂੰ ਦੇਖ ਕੇ ਵਰਤਮਾਨ ਪੀੜ੍ਹੀ ਨੂੰ ਪ੍ਰੇਰਣਾ ਪ੍ਰਾਪਤ ਹੁੰਦੀ ਹੈ। ਉਨ੍ਹਾਂ ਕਿਹਾ ਕਿ ਕੇਂਦਰੀ ਸਿੱਖ ਅਜਾਇਬ ਘਰ ਵਿਖੇ ਸਿੱਖ ਕੌਮ ਦਾ ਗੁਰੂ ਸਾਹਿਬਾਨ ਤੋਂ ਲੈ ਕੇ ਵਰਤਮਾਨ ਸਮੇਂ ਤੱਕ ਦਾ ਇਤਿਹਾਸ ਸੰਭਾਲਿਆ ਹੋਇਆ ਹੈ। ਉਨ੍ਹਾਂ ਗਿਆਨੀ ਮੱਲ ਸਿੰਘ ਦੀਆਂ ਸੇਵਾਵਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਉਹ ਕੌਮ ਦੇ ਬਹੁਤ ਵੱਡੇ ਵਿਦਵਾਨ ਸਨ ਅਤੇ ਉਨ੍ਹਾਂ ਨੇ ਜਿਥੇ ਦੇਸ਼-ਵਿਦੇਸ਼ ਦੀਆਂ ਸੰਗਤਾਂ ਨੂੰ ਕਥਾ ਵਿਚਾਰਾਂ ਰਾਹੀਂ ਗੁਰਮਤਿ ਨਾਲ ਜੋੜਿਆ, ਉਥੇ ਹੀ ਅਨੇਕਾਂ ਪੁਸਤਕਾਂ ਦੁਆਰਾ ਵੀ ਸਿੱਖੀ ਪ੍ਰਚਾਰ ਵਿਚ ਹਿੱਸਾ ਪਾਇਆ। ਸਿੰਘ ਸਾਹਿਬ ਨੇ ਗਿਆਨੀ ਬਾਦਲ ਸਿੰਘ ਅਤੇ ਮਾਸਟਰ ਗੁਰਦਿੱਤ ਸਿੰਘ ਦੀਆਂ ਪੰਥਕ ਸੇਵਾਵਾਂ ਨੂੰ ਵੀ ਵਡਿਆਇਆ। ਉਨ੍ਹਾਂ ਸੰਗਤਾਂ ਨੂੰ ਅਪੀਲ ਕੀਤੀ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਣ ਪੁੱਜਣ ਸਮੇਂ ਆਪਣੇ ਬੱਚਿਆਂ ਨੂੰ ਕੇਂਦਰੀ ਸਿੱਖ ਅਜਾਇਬ ਘਰ ਵਿਖੇ ਜ਼ਰੂਰ ਲਿਆਉਣ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਉਨ੍ਹਾਂ ਸ਼ਖ਼ਸੀਅਤਾਂ ਦੀਆਂ ਤਸਵੀਰਾਂ ਕੇਂਦਰੀ ਸਿੱਖ ਅਜਾਇਬ ਘਰ ਵਿਖੇ ਸਥਾਪਿਤ ਕੀਤੀਆਂ ਜਾਂਦੀਆਂ ਹਨ, ਜਿਨ੍ਹਾਂ ਨੇ ਕੌਮ ਦੀ ਚੜ੍ਹਦੀ ਕਲਾ ਲਈ ਵੱਡਮੁੱਲਾ ਯੋਗਦਾਨ ਪਾਇਆ ਹੋਵੇ। ਉਨ੍ਹਾਂ ਗਿਆਨੀ ਮੱਲ ਸਿੰਘ, ਗਿਆਨੀ ਬਾਦਲ ਸਿੰਘ ਤੇ ਮਾਸਟਰ ਗੁਰਦਿੱਤ ਸਿੰਘ ਦੀਆਂ ਪੰਥਕ ਸੇਵਾਵਾਂ ਦੀ ਸ਼ਾਲਾਘਾ ਕਰਦਿਆਂ ਕਿਹਾ ਕਿ ਇਨ੍ਹਾਂ ਤਿੰਨਾਂ ਸ਼ਖ਼ਸੀਅਤਾਂ ਨੇ ਆਪਣਾ ਜੀਵਨ ਕੌਮ ਦੇ ਲੇਖੇ ਲਾ ਕੇ ਸਾਡੇ ਲਈ ਮਾਰਗ ਦਰਸ਼ਨ ਦਿੱਤਾ। ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਨੇ ਕਿਹਾ ਕਿ ਕੇਂਦਰੀ ਸਿੱਖ ਅਜਾਇਬ ਘਰ, ਸਿੱਖ ਇਤਿਹਾਸ ਦੀ ਮੂੰਹ ਬੋਲਦੀ ਤਸਵੀਰ ਹੈ ਅਤੇ ਕਿਸੇ ਕੌਮੀ ਸ਼ਖ਼ਸੀਅਤ ਦੇ ਸੰਸਾਰ ਤੋਂ ਤੁਰ ਜਾਣ ਉਪਰੰਤ ਉਸ ਦੀ ਤਸਵੀਰ ਇਥੇ ਸੁਸ਼ੋਭਿਤ ਹੋਣੀ ਸਭ ਤੋਂ ਵੱਡਾ ਸਨਮਾਨ ਹੈ।

ਇਸ ਦੌਰਾਨ ਜਥੇਦਾਰ ਗਿਆਨੀ ਗੁਰਬਚਨ ਸਿੰਘ, ਭਾਈ ਗੋਬਿੰਦ ਸਿੰਘ ਲੌਂਗੋਵਾਲ ਤੇ ਗਿਆਨੀ ਜਗਤਾਰ ਸਿੰਘ ਨੇ ਸ਼੍ਰੋਮਣੀ ਕਮੇਟੀ ਵੱਲੋਂ ਗਿਆਨੀ ਮੱਲ ਸਿੰਘ, ਮਾਸਟਰ ਗੁਰਦਿੱਤ ਸਿੰਘ ਤੇ ਗਿਆਨੀ ਬਾਦਲ ਸਿੰਘ ਦੇ ਪਰਿਵਾਰਕ ਮੈਂਬਰਾਂ ਨੂੰ ਗੁਰੂ ਘਰ ਦੀ ਬਖ਼ਸ਼ਿਸ ਸਿਰੋਪਾਓ ਦਿੱਤੇ। ਬੁਲਾਰਿਆਂ ਨੂੰ ਸਮਾਂ ਦੇਣ ਦੀ ਸੇਵਾ ਪ੍ਰਚਾਰਕ ਭਾਈ ਸੁਰਜੀਤ ਸਿੰਘ ਸਭਰਾ ਨੇ ਨਿਭਾਈ।

ਇਸ ਮੌਕੇ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਦੇ ਜਥੇਦਾਰ ਗਿਆਨੀ ਇਕਬਾਲ ਸਿੰਘ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ, ਬਾਬਾ ਹਰਨਾਮ ਸਿੰਘ ਖ਼ਾਲਸਾ ਮੁਖੀ ਦਮਦਮੀ ਟਕਸਾਲ, ਸਿੰਘ ਸਾਹਿਬ ਗਿਆਨੀ ਮਾਨ ਸਿੰਘ, ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ, ਪ੍ਰਸਿੱਧ ਕਥਾਵਾਚਕ ਭਾਈ

ਪਿੰਦਰਪਾਲ ਸਿੰਘ, ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਮਨਜੀਤ ਸਿੰਘ ਚੀਮਾਬਾਠ, ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਸ. ਸੱਜਣ ਸਿੰਘ ਬੱਜੂਮਾਨ ਅੰਤ੍ਰਿੰਗ ਮੈਂਬਰ, ਮੈਂਬਰ ਅਜਾਇਬ ਸਿੰਘ ਅਭਿਆਸੀ, ਭਾਈ ਮਨਜੀਤ ਸਿੰਘ, ਭਾਈ ਰਾਜਿੰਦਰ ਸਿੰਘ ਮਹਿਤਾ, ਸ. ਬਲਦੇਵ ਸਿੰਘ ਚੂੰਘਾਂ, ਸ. ਪਰਮਜੀਤ ਸਿੰਘ ਖ਼ਾਲਸਾ, ਭਾਈ ਈਸ਼ਰ ਸਿੰਘ, ਬਾਬਾ ਮਹਿੰਦਰ ਸਿੰਘ ਜਨੇਰ, ਬਾਬਾ ਪ੍ਰਦੀਪ ਸਿੰਘ ਬਧਨੀ, ਬਾਬਾ ਹਰਚਰਨ ਸਿੰਘ ਪਟਿਆਲਾ, ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਪ੍ਰੋ. ਬਲਵਿੰਦਰ ਸਿੰਘ ਜੌੜਾਸਿੰਘਾ, ਸ. ਕੇਵਲ ਸਿੰਘ ਭੂਰਾਕੋਹਨਾ ਤੇ ਸ. ਪਰਮਜੀਤ ਸਿੰਘ ਸਰੋਆ, ਮੀਤ ਸਕੱਤਰ ਸ. ਕੁਲਵਿੰਦਰ ਸਿੰਘ ਰਮਦਾਸ, ਸ. ਸਕੱਤਰ ਸਿੰਘ ਤੇ ਸ. ਹਰਿੰਦਰ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਸੁਲੱਖਣ ਸਿੰਘ ਭੰਗਾਲੀ ਤੇ ਸ. ਗੁਰਿੰਦਰ ਸਿੰਘ ਮਥਰੇਵਾਲ, ਸ. ਇਕਬਾਲ ਸਿੰਘ ਮੁਖੀ, ਸ. ਰਵੇਲ ਸਿੰਘ ਚੇਅਰਮੈਨ, ਸ. ਹਰਜੀਤ ਸਿੰਘ ਭੱਠਲ, ਸ. ਇੰਦਰਪਾਲ ਸਿੰਘ ਬਰਨਾਲਾ, ਡਾ. ਗੁਰਜੰਟ ਸਿੰਘ ਸਮੇਤ ਹੋਰ ਮੌਜੂਦ ਸਨ।

੨੮ ਫ਼ਰਵਰੀ

## ਅਮਰੀਕੀ ਸੂਬੇ ਦੀ ਵਿਧਾਨ ਸਭਾ ’ਚ ਸਿੱਖਾਂ ਲਈ ਪ੍ਰਸੰਸਾ ਮਤੇ ਦਾ ਸ਼੍ਰੋਮਣੀ ਕਮੇਟੀ ਵੱਲੋਂ ਸਵਾਗਤ

## ਸਿੱਖਾਂ ਨੇ ਭਾਈਚਾਰਕ ਸਾਂਝ ਦੇ ਗੁਣ ਨਾਲ ਕੌਮਾਂਤਰੀ ਭਾਈਚਾਰੇ ਨੂੰ ਆਪਣੇ ਵੱਲ ਖਿੱਚਿਆ -ਭਾਈ ਲੌਂਗੋਵਾਲ

ਅੰਮ੍ਰਿਤਸਰ- ਅਮਰੀਕੀ ਸੂਬੇ ਇੰਡੀਆਨਾ ਦੀ ਵਿਧਾਨ ਸਭਾ ਅੰਦਰ ਸਿੱਖਾਂ ਵੱਲੋਂ ਦੇਸ਼ ਦੇ ਵਿਕਾਸ ਲਈ ਪਾਏ ਮਹੱਤਵਪੂਰਨ ਯੋਗਦਾਨ ਲਈ ਪ੍ਰਸੰਸਾ ਦਾ ਮਤਾ ਪਾਸ ਕਰਨਾ ਸਮੁੱਚੀ ਕੌਮ ਲਈ ਮਾਣ ਦੀ ਗੱਲ ਹੈ। ਇਸ ਨਾਲ ਪੂਰੀ ਦੁਨੀਆਂ ਅੰਦਰ ਸਿੱਖਾਂ ਦੀ ਵਿਲੱਖਣ ਪਛਾਣ ਨੂੰ ਹੋਰ ਮਜਬੂਤੀ ਮਿਲੇਗੀ। ਇਹ ਪ੍ਰਗਟਾਵਾ ਕਰਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਪ੍ਰਸੰਨਤਾ ਨਾਲ ਕਿਹਾ ਕਿ ਅੱਜ ਪੂਰੀ ਦੁਨੀਆਂ ਅੰਦਰ ਸਿੱਖਾਂ ਦੀਆਂ ਪ੍ਰਾਪਤੀਆਂ ਦੀ ਸ਼ਲਾਘਾ ਹੋ ਰਹੀ ਹੈ ਅਤੇ ਸਿੱਖਾਂ ਨੂੰ ਇਹ ਮਾਣ ਗੁਰੂ ਬਖਸ਼ੀ ਜੀਵਨ ਜਾਚ ਨਾਲ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬਾਨ ਦੀ ਵਿਚਾਰਧਾਰਾ ਤੇ ਚੱਲਦਿਆਂ ਸਿੱਖਾਂ ਨੇ ਜਿਥੇ ਵੱਖ-ਵੱਖ ਦੇਸ਼ਾਂ ਦੀ ਤਰੱਕੀ ਤੇ ਖੁਸ਼ਹਾਲੀ ਵਿਚ ਯੋਗਦਾਨ ਪਾਇਆ ਹੈ, ਉਥੇ ਹੀ ਇਨ੍ਹਾਂ ਨੇ ਭਾਈਚਾਰਕ ਸਾਂਝ ਦੇ ਗੁਣ ਨਾਲ ਕੌਮਾਂਤਰੀ ਭਾਈਚਾਰੇ ਨੂੰ ਵੀ ਆਪਣੇ ਵੱਲ ਖਿੱਚਿਆ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਅਮਰੀਕੀ ਸੂਬੇ ਇੰਡੀਆਨਾ ਦੀ ਵਿਧਾਨ ਸਭਾ ਦੇ ਮੈਂਬਰਾਂ ਦਾ ਧੰਨਵਾਦ ਕਰਦਿਆਂ ਇਸ ਪ੍ਰਾਪਤੀ ਲਈ ਸਿੱਖ ਭਾਈਚਾਰੇ ਨੂੰ ਵਧਾਈ ਦਿੱਤੀ ਹੈ।

੦੧ ਮਾਰਚ

## ਭਾਈ ਗੋਬਿੰਦ ਸਿੰਘ ਲੌਂਗੋਵਾਲ ਵੱਲੋਂ ਸ. ਅਜੀਤ ਸਿੰਘ ਕੋਹਾੜ ਦੇ ਅਕਾਲ ਚਲਾਣੇ ’ਤੇ ਅਫਸੋਸ ਪ੍ਰਗਟ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਸੀਨੀਅਰ ਅਕਾਲੀ ਆਗੂ ਅਤੇ ਵਿਧਾਇਕ ਸ. ਅਜੀਤ ਸਿੰਘ ਕੋਹਾੜ ਦੇ ਅਕਾਲ ਚਲਾਣਾ ਕਰ ਜਾਣ 'ਤੇ ਡੂੰਘੇ ਅਫਸੋਸ ਦਾ ਪ੍ਰਗਟਾਵਾ ਕੀਤਾ ਹੈ। ਉਨ੍ਹਾਂ ਕਿਹਾ ਕਿ ਸ. ਕੋਹਾੜ ਜ਼ਮੀਨ ਨਾਲ ਜੁੜੇ ਲੋਕ ਆਗੂ ਸਨ ਅਤੇ ਦਰਵੇਸ਼ ਸੁਭਾਅ ਕਰਕੇ ਜਾਣੇ ਜਾਂਦੇ ਸਨ। ਅਜਿਹੇ ਲੋਕ ਆਗੂ ਦੇ ਤੁਰ ਜਾਣ ਨਾਲ ਸ਼੍ਰੋਮਣੀ ਅਕਾਲੀ ਦਲ ਅਤੇ ਸਮਾਜ ਨੂੰ ਵੱਡਾ ਘਾਟਾ ਪਿਆ ਹੈ ਜਿਸ ਨੂੰ ਭਰਨਾ ਔਖਾ ਹੈ। ਭਾਈ ਲੌਂਗੋਵਾਲ ਨੇ ਕਿਹਾ ਕਿ ਸ. ਕੋਹਾੜ ਦੀਆਂ ਸੇਵਾਵਾਂ ਨੂੰ ਸਦਾ ਯਾਦ ਰੱਖਿਆ ਜਾਵੇਗਾ। ਉਨ੍ਹਾਂ ਪਰਿਵਾਰ ਨਾਲ ਹਮਦਰਦੀ ਪ੍ਰਗਟ ਕਰਦਿਆਂ ਕਿਹਾ ਕਿ ਕਰਤਾ ਪੁਰਖ ਦੇ ਭਾਣੇ ਨੂੰ ਟਾਲ਼ਿਆ ਨਹੀਂ ਜਾ ਸਕਦਾ ਅਤੇ ਮੌਤ ਦਾ ਵਰਤਾਰਾ ਸਭ 'ਤੇ ਲਾਗੂ ਹੁੰਦਾ ਹੈ। ਉਨ੍ਹਾਂ ਅਰਦਾਸ ਕੀਤੀ ਕਿ ਪਰਮਾਤਮਾ ਵਿਛੜੀ ਰੂਹ ਨੂੰ

ਚਰਨਾਂ 'ਚ ਨਿਵਾਸ ਬਖਸ਼ਣ ਅਤੇ ਪਰਿਵਾਰ ਤੇ ਸਨੇਹੀਆਂ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ। ੦੫ ਫਰਵਰੀ

## ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਸੁਰਜੀਤ ਸਿੰਘ ਕਾਲਾਬੂਲਾ ਦੇ ਚਲਾਣੇ 'ਤੇ ਭਾਈ ਲੌਂਗੋਵਾਲ ਨੇ ਅਫ਼ਸੋਸ ਪ੍ਰਗਟਾਇਆ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਸੁਰਜੀਤ ਸਿੰਘ ਕਾਲਾਬੂਲਾ ਦੇ ਅਕਾਲ ਚਲਾਣਾ ਕਰ ਜਾਣ 'ਤੇ ਡੂੰਘਾ ਅਫ਼ਸੋਸ ਜ਼ਾਹਿਰ ਕੀਤਾ ਹੈ। ਦਫ਼ਤਰ ਸ਼੍ਰੋਮਣੀ ਕਮੇਟੀ ਤੋਂ ਜ਼ਾਰੀ ਇੱਕ ਪ੍ਰੈੱਸ ਬਿਆਨ ਵਿਚ ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਜਥੇਦਾਰ ਕਾਲਾਬੂਲਾ ਪੰਥ ਪ੍ਰਸਤ ਅਤੇ ਕੌਮ ਦੀ ਦਿਲੋਂ ਸੇਵਾ ਕਰਨ ਵਾਲੇ ਆਗੂ ਸਨ, ਜਿਨ੍ਹਾਂ ਦੀ ਕਮੀ ਸਦਾ ਰੜਕਦੀ ਰਹੇਗੀ। ਭਾਈ ਲੌਂਗੋਵਾਲ ਨੇ ਕਿਹਾ ਕਿ ਜਥੇਦਾਰ ਸੁਰਜੀਤ ਸਿੰਘ ਪਿਛਲੀ ਅੰਤ੍ਰਿੰਗ ਕਮੇਟੀ ਵਿਚ ਮੈਂਬਰ ਵਜੋਂ ਸ਼ਾਮਲ ਸਨ ਅਤੇ ਸ਼੍ਰੋਮਣੀ ਕਮੇਟੀ ਦੇ ਕਾਰਜਾਂ ਲਈ ਉਨ੍ਹਾਂ ਨੇ ਵਡਮੁੱਲਾ ਯੋਗਦਾਨ ਪਾਇਆ। ਉਹ ਗੁਰੂ ਘਰ ਦੇ ਸ਼ਰਧਾਲੂ ਬਣ ਕੇ ਸੰਗਤਾਂ ਦੀ ਸੇਵਾ ਲਈ ਸਦਾ ਤਤਪਰ ਰਹਿਣ ਵਾਲੇ ਆਗੂ ਸਨ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਜਥੇਦਾਰ ਕਾਲਬੂਲਾ ਦੇ ਪਰਿਵਾਰ ਨਾਲ ਡੂੰਘੇ ਦੁੱਖ ਦਾ ਇਜ਼ਹਾਰ ਕਰਦਿਆਂ ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਕਰਤਾ ਪੁਰਖ ਅੱਗੇ ਅਰਦਾਸ ਕੀਤੀ।

ਇਸੇ ਦੌਰਾਨ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਵੀ ਜਥੇਦਾਰ ਸੁਰਜੀਤ ਸਿੰਘ ਕਾਲਾਬੂਲਾ ਦੇ ਅਕਾਲ ਚਲਾਣੇ 'ਤੇ ਦੁੱਖ ਪ੍ਰਗਟ ਕਰਦਿਆਂ ਕਿਹਾ ਕਿ ਉਹ ਸ਼੍ਰੋਮਣੀ ਕਮੇਟੀ ਦੇ ਪ੍ਰਬੰਧਾਂ ਵਿਚ ਹਮੇਸ਼ਾਂ ਚੰਗੇ ਸਹਿਯੋਗੀ ਵਜੋਂ ਕਾਰਜਸ਼ੀਲ ਰਹਿੰਦੇ ਸਨ। ਉਨ੍ਹਾਂ ਕਿਹਾ ਕਿ ਜਥੇਦਾਰ ਕਾਲਬੂਲਾ ਨੇ ਪਿਛਲੀ ਅੰਤ੍ਰਿੰਗ ਕਮੇਟੀ ਵਿਚ ਰਹਿੰਦਿਆਂ ਸ੍ਰੀ ਗੁਰੂ ਨਾਨਕ ਦੇਵ ਜੀ ਨਾਲ ਸਬੰਧਤ ਗੁਰੂ ਸਾਹਿਬ ਦੇ ਮੁਸਲਮਾਨ ਸ਼ਰਧਾਲੂਆਂ ਦੀਆਂ ਤਸਵੀਰਾਂ ਕੇਂਦਰੀ ਸਿੱਖ ਅਜਾਇਬ ਘਰ ਵਿਚ ਲਗਾਉਣ ਦਾ ਮਤਾ ਪਾਸ ਕਰਵਾਇਆ। ਇਨ੍ਹਾਂ ਵਿੱਚੋਂ ਰਾਏ ਬੁਲਾਰ ਜੀ ਦੀ ਤਸਵੀਰ ਵੀ ਇਕ ਹੈ। ਉਨ੍ਹਾਂ ਕਿਹਾ ਕਿ ਅਜੇ ਤਿੰਨ ਕੁ ਦਿਨ ਪਹਿਲਾਂ ਹੀ ਜਥੇਦਾਰ ਕਾਲਾਬੂਲਾ ਦੇ ਭਰਾ ਦੀ ਹੋਈ ਅਚਾਨਕ ਮੌਤ ਦੇ ਸਦਮੇ ਵਿੱਚੋਂ ਅਜੇ ਉਨ੍ਹਾਂ ਦਾ ਪਰਿਵਾਰ ਨਿਕਲਿਆ ਨਹੀਂ ਸੀ ਕਿ ਹੁਣ ਜਥੇਦਾਰ ਕਾਲਾਬੂਲਾ ਚਲਾਣਾ ਕਰ ਗਏ। ਉਨ੍ਹਾਂ ਪਰਿਵਾਰ ਨਾਲ ਹਮਦਰਦੀ ਪ੍ਰਗਟ ਕਰਦਿਆਂ ਕਿਹਾ ਕਿ ਕਰਤਾ ਪੁਰਖ ਦਾ ਭਾਣਾ ਅਟੱਲ ਹੈ, ਜਿਸ ਨੂੰ ਟਾਲਿਆ ਨਹੀਂ ਜਾ ਸਕਦਾ। ੨੨ ਫ਼ਰਵਰੀ

## ੩੦ ਮਾਰਚ ਨੂੰ ਹੋਵੇਗਾ ਸ਼੍ਰੋਮਣੀ ਕਮੇਟੀ ਦਾ ਸਾਲਾਨਾ ਬਜਟ ਇਜਲਾਸ

## 'ਇਕ ਨਗਰ ਇਕ ਗੁਰਦੁਆਰਾ' ਮੁਹਿੰਮ ਨੂੰ ਉਤਸ਼ਾਹਤ ਕਰਨ ਵਾਲੀਆਂ ਕਮੇਟੀਆਂ ਤੇ ਪੰਚਾਇਤਾਂ ਹੋਣਗੀਆਂ ਸਨਮਾਨਤ : ਭਾਈ ਲੌਂਗੋਵਾਲ

## ਸ਼੍ਰੋਮਣੀ ਕਮੇਟੀ 'ਚ ਹੋਈਆਂ ਨਿਯੁਕਤੀਆਂ ਸਬੰਧੀ ਬਣਾਈ ਸਬ-ਕਮੇਟੀ ਦੀ ਰਿਪੋਰਟ ਪ੍ਰਵਾਨ

## ਸ਼੍ਰੋਮਣੀ ਕਮੇਟੀ ਸਿੱਖ ਖਿਡਾਰੀ ਨਵਜੋਤ ਕੌਰ ਅਤੇ ਅਰਸ਼ਦੀਪ ਸਿੰਘ ਨੂੰ ਦੇਵੇਗੀ ਵਿਸ਼ੇਸ਼ ਸਨਮਾਨ

ਸ੍ਰੀ ਫਤਹਿਗੜ੍ਹ ਸਾਹਿਬ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਅੱਜ ਇਥੇ ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ ਦੇ ਗਿਆਨੀ ਗੁਰਮੁੱਖ ਸਿੰਘ ਯਾਦਗਾਰੀ ਹਾਲ ਵਿਖੇ ਹੋਈ ਇਕੱਤਰਤਾ 'ਚ ਸ਼੍ਰੋਮਣੀ ਕਮੇਟੀ ਦਾ ਸਾਲਾਨਾ ਬਜਟ ਇਜਲਾਸ ੩੦ ਮਾਰਚ ਨੂੰ ਸੱਦਣ ਦਾ ਫੈਸਲਾ ਕੀਤਾ ਗਿਆ। ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਅਗਵਾਈ 'ਚ ਹੋਈ ਇਸ ਇਕੱਤਰਤਾ ਦੌਰਾਨ ਪਿਛਲੇ ਸਾਲ ਸ਼੍ਰੋਮਣੀ ਕਮੇਟੀ 'ਚ ਹੋਈਆਂ ਨਿਯੁਕਤੀਆਂ ਸਬੰਧੀ ਬਣਾਈ ਸਬ ਕਮੇਟੀ ਦੀ ਰਿਪੋਰਟ ਵੀ ਪ੍ਰਵਾਨ ਕਰ ਲਈ ਗਈ। ਇਕੱਤਰਤਾ ਦੀ

ਆਰੰਭਤਾ ਸਮੇਂ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਸੁਰਜੀਤ ਸਿੰਘ ਕਾਲਾਬੂਲਾ ਦੇ ਅਕਾਲ ਚਲਾਣੇ 'ਤੇ ਸ਼ੋਕ ਮਤਾ ਪਾਸ ਕਰਦਿਆਂ ਉਨ੍ਹਾਂ ਨਮਿੱਤ ਮੂਲ ਮੰਤਰ ਅਤੇ ਗੁਰਮੰਤਰ ਦੇ ਪਾਠ ਕਰਕੇ ਸ਼ਰਧਾਂਜਲੀ ਦਿੱਤੀ।

ਇਕੱਤਰਤਾ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਦਾ ਬਜਟ ਇਜਲਾਸ ੩੦ ਮਾਰਚ ਨੂੰ ਸੱਦਣ ਦਾ ਫੈਸਲਾ ਕੀਤਾ ਗਿਆ ਹੈ, ਜੋ ਸ਼੍ਰੋਮਣੀ ਕਮੇਟੀ ਦੇ ਸ੍ਰੀ ਅੰਮ੍ਰਿਤਸਰ ਸਥਿਤ ਮੁੱਖ ਦਫਤਰ ਤੇਜ਼ਾ ਸਿੰਘ ਸਮੁੰਦਰੀ ਹਾਲ ਵਿਖੇ ਹੋਵੇਗਾ। ਇਸ ਇਜਲਾਸ ਵਿਚ ਸ਼੍ਰੋਮਣੀ ਕਮੇਟੀ ਦਾ ਸਾਲਾਨਾ ਬਜਟ ਪਾਸ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਪਿਛਲੇ ਸਾਲ ਦੌਰਾਨ ਸ਼੍ਰੋਮਣੀ ਕਮੇਟੀ ਦੀਆਂ ਨਿਯੁਕਤੀਆਂ ਦੀ ਘੋਖ ਪੜਤਾਲ ਕਰਨ ਸਬੰਧੀ ਬਣਾਈ ਗਈ ਸਬ ਕਮੇਟੀ ਵੱਲੋਂ ਦਿੱਤੀ ਰਿਪੋਰਟ ਨੂੰ ਪ੍ਰਵਾਨ ਕਰ ਲਿਆ ਗਿਆ ਹੈ। ਇਸ ਤਹਿਤ ਜੋ ਨਿਯਮਾਂ ਦੀ ਉਲੰਘਣਾ ਕਰਕੇ ਕੀਤੀਆਂ ਗਈਆਂ ਨਿਯੁਕਤੀਆਂ ਪ੍ਰਭਾਵਤ ਹੋਣਗੀਆਂ। ਇਸ ਦੌਰਾਨ ਭਾਈ ਲੌਂਗੋਵਾਲ ਨੇ ਦੱਸਿਆ ਕਿ ਪਿੰਡਾਂ ਅਤੇ ਸ਼ਹਿਰਾਂ ਵਿਚ ਆਪਸੀ ਮੇਲ ਮਿਲਾਪ ਅਤੇ ਮਿਲਵਰਤਣ ਵਧਾਉਣ, ਜਾਤਾਂ-ਪਾਤਾਂ ਤੇ ਬਰਾਦਰੀਆਂ ਦੀ ਵਿੱਥ ਨੂੰ ਖ਼ਤਮ ਕਰਨ ਲਈ 'ਇਕ ਨਗਰ ਇਕ ਗੁਰਦੁਆਰਾ ਮੁਹਿੰਮ' ਨੂੰ ਉਤਸ਼ਾਹਤ ਕਰਨ ਵਾਲੀਆਂ ਪੰਚਾਇਤਾਂ ਅਤੇ ਗੁਰਦੁਆਰਾ ਕਮੇਟੀਆਂ ਨੂੰ ਸਨਮਾਨਤ ਕੀਤਾ ਜਾਵੇਗਾ।

ਇਕੱਤਰਤਾ ਦੌਰਾਨ ਲਏ ਗਏ ਹੋਰ ਫੈਸਲਿਆਂ ਸਬੰਧੀ ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਦੱਸਿਆ ਕਿ ਏਸ਼ਿਆਈ ਕੁਸ਼ਤੀ ਚੈਂਪੀਅਨਸ਼ਿਪ ਵਿਚ ਸੋਨ ਤਮਗਾ ਪ੍ਰਾਪਤ ਕਰਨ ਵਾਲੀ ਤਰਨਤਾਰਨ ਜ਼ਿਲ੍ਹੇ ਦੀ ਸਿੱਖ ਲੜਕੀ ਨਵਜੋਤ ਕੌਰ ਨੂੰ ਸ਼੍ਰੋਮਣੀ ਕਮੇਟੀ ਵੱਲੋਂ ੨ ਲੱਖ ੫੧ ਹਜ਼ਾਰ ਰੁਪਏ ਦੀ ਰਾਸ਼ੀ ਨਾਲ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਜਾਵੇਗਾ। ਇਸ ਦੇ ਨਾਲ ਹੀ ਅੰਡਰ-੧੯ ਵਿਚ ਕ੍ਰਿਕਟ ਵਿਸ਼ਵ ਕੱਪ-੨੦੧੮ ਦੌਰਾਨ ਵਧੀਆ ਕਾਰਗੁਜ਼ਾਰੀ ਵਿਖਾਉਣ ਵਾਲੇ ਸਿੱਖ ਖਿਡਾਰੀ ਅਰਸ਼ਦੀਪ ਸਿੰਘ ਨੂੰ ਵੀ ੧ ਲੱਖ ੨੫ ਹਜ਼ਾਰ ਰੁਪਏ ਦਾ ਸਨਮਾਨ ਦੇਣ ਦਾ ਫੈਸਲਾ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਵਾਤਾਵਰਣ ਦੀ ਸਾਂਭ ਸੰਭਾਲ ਲਈ ਵੀ ਸੁਹਿਰਦ ਵਿਚਾਰਾਂ ਤੋਂ ਬਾਦ ਇਹ ਫੈਸਲਾ ਲਿਆ ਗਿਆ ਹੈ ਕਿ ਸ੍ਰੀ ਗੁਰੂ ਹਰਿਰਾਏ ਸਾਹਿਬ ਜੀ ਦੇ ਗੁਰਗੱਦੀ ਦਿਵਸ ਮੌਕੇ ੧੫ ਮਾਰਚ ਨੂੰ ਸਿੱਖ ਵਾਤਾਵਰਣ ਦਿਵਸ ਵਜੋਂ ਵਿਸ਼ਾਲ ਪੱਧਰ 'ਤੇ ਮਨਾਉਂਦਿਆਂ ਵੱਡੀ ਗਿਣਤੀ ਵਿਚ ਬੂਟੇ ਲਗਾਏ ਜਾਣਗੇ। ਇਸ ਸਬੰਧੀ ਸਕੂਲਾਂ ਕਾਲਜਾਂ ਤੇ ਗੁਰਦੁਆਰਾ ਸਾਹਿਬਾਨ ਵਿਖੇ ਵਾਤਾਵਰਣ ਦੀ ਸੰਭਾਲ ਲਈ ਸੰਗਤਾਂ ਅਤੇ ਵਿਦਿਆਰਥੀਆਂ ਨੂੰ ਜਾਗਰੂਕ ਵੀ ਕੀਤਾ ਜਾਵੇਗਾ। ਅੰਤ੍ਰਿੰਗ ਕਮੇਟੀ ਨੇ ਇਕ ਹੋਰ ਅਹਿਮ ਫੈਸਲਾ ਕਰਦਿਆਂ ਧਰਮ ਪ੍ਰਚਾਰ ਲਹਿਰ ਤਹਿਤ ਸੇਵਾ ਨਿਭਾ ਰਹੇ ਪ੍ਰਚਾਰਕਾਂ, ਢਾਡੀ ਕਵੀਸ਼ਰਾਂ ਨੂੰ ਤੇਲ ਖਰਚ ਵਜੋਂ ੧੦੦੦ ਰੁਪਏ ਮਹੀਨੇ ਵਿਸ਼ੇਸ਼ ਭੱਤਾ ਦੇਣ ਨੂੰ ਪ੍ਰਵਾਨਗੀ ਦਿੱਤੀ ਹੈ। ਭਾਈ ਲੌਂਗੋਵਾਲ ਨੇ ਕਿਹਾ ਕਿ ਧਰਮ ਪ੍ਰਚਾਰ ਲਹਿਰ ਵਿਚ ਪ੍ਰਚਾਰਕ ਅਹਿਮ ਯੋਗਦਾਨ ਪਾ ਰਹੇ ਹਨ ਅਤੇ ਉਨ੍ਹਾਂ ਵੱਲੋਂ ਵਰਤੇ ਜਾਂਦੇ ਵਹੀਕਲਾਂ ਦੇ ਤੇਲ ਲਈ ਸ਼੍ਰੋਮਣੀ ਕਮੇਟੀ ਇਹ ਵਿਸ਼ੇਸ਼ ਭੱਤਾ ਦੇਵੇਗੀ ਤਾਂ ਜੋ ਉਹ ਧਰਮ ਪ੍ਰਚਾਰ ਲਹਿਰ ਨੂੰ ਹੋਰ ਸ਼ਿੱਦਤ ਨਾਲ ਪ੍ਰਚੰਡ ਕਰ ਸਕਣ। ਉਨ੍ਹਾਂ ਇਹ ਵੀ ਦੱਸਿਆ ਕਿ ਸ਼੍ਰੋਮਣੀ ਕਮੇਟੀ ਦੇ ਵਿੱਦਿਅਕ ਅਦਾਰਿਆਂ ਦੀਆਂ ਲੋਕਲ ਮੈਨੇਜਿੰਗ ਕਮੇਟੀਆਂ ਨੂੰ ਨਵੇਂ ਸਿਰੇ ਤੋਂ ਗਠਿਤ ਕਰਨ ਨੂੰ ਵੀ ਪ੍ਰਵਾਨਗੀ ਦਿੱਤੀ ਗਈ ਹੈ। ਇਸ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦੇ ਵਿੱਦਿਅਕ ਅਦਾਰਿਆਂ ਵਿਚ ਬਾਇਓਮੈਟਰਿਕ ਹਾਜ਼ਰੀ ਸਿਸਟਮ ਪ੍ਰਣਾਲੀ ਨੂੰ ਲਾਗੂ ਕਰਕੇ ਇਸ ਨੂੰ ਮੁੱਖ ਦਫਤਰ ਅੰਮ੍ਰਿਤਸਰ ਅਤੇ ਡਾਇਰੈਕਟੋਰੇਟ ਆਫ ਐਜੂਕੇਸ਼ਨ ਨਾਲ ਜੋੜਿਆ ਜਾਵੇਗਾ। ਉਨ੍ਹਾਂ ਦੱਸਿਆ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸ੍ਰੀ ਗੁਰੂ ਰਾਮਦਾਸ ਲੰਗਰ ਅਤੇ ਗੁਰਦੁਆਰਾ ਮੰਜੀ ਸਾਹਿਬ ਦੀਵਾਨ ਹਾਲ ਦੇ ਵਿਚਕਾਰ ਪਾਰਕਾਂ ਵਿਚ ੪੦੦ ਕਿਸਮਾਂ ਦੇ ਫੁੱਲ ਲਗਾਏ ਜਾਣਗੇ।

ਭਾਈ ਲੌਂਗੋਵਾਲ ਨੇ ਅੱਗੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਅਧੀਨ ਵੱਖ ਵੱਖ ਗੁਰਦੁਆਰਾ ਸਾਹਿਬਾਨ ਵਿਖੇ ਲੋੜ ਅਨੁਸਾਰ ਗ੍ਰੰਥੀ ਅਤੇ ਰਾਗੀ ਸਿੰਘਾਂ ਦੀ ਭਰਤੀ ਕੀਤੀ ਜਾਵੇਗੀ ਅਤੇ ਲੋੜ ਅਨੁਸਾਰ ਡਰਾਈਵਰ ਵੀ ਰੱਖੇ

ਜਾਣਗੇ। ਇਨ੍ਹਾਂਨਿਯੁਕਤੀਆਂ ਲਈ ਅਖ਼ਬਾਰਾਂ ਵਿਚ ਇਸ਼ਤਿਹਾਰ ਦੇ ਕੇ ਦਰਖਾਸਤਾਂ ਮੰਗੀਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਲੋੜ ਅਨੁਸਾਰ ਪ੍ਰਮੋਸ਼ਨਾਂ ਕਰਨ ਨੂੰ ਵੀ ਪ੍ਰਵਾਨਗੀ ਦਿੱਤੀ ਗਈ ਹੈ। ਇਕ ਹੋਰ ਅਹਿਮ ਫੈਸਲੇ ਬਾਰੇ ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਪਹਿਲਾਂ ਲਏ ਗਏ ਇਕ ਫੈਸਲੇ ਅਨੁਸਾਰ ਪੱਛੜੇ ਇਲਾਕਿਆਂ ਵਿਚ ਸ਼੍ਰੋਮਣੀ ਕਮੇਟੀ ਵੱਲੋਂ ਮੈਡੀਕਲ ਸਹੂਲਤਾਂ ਦੇਣ ਦਾ ਫੈਸਲਾ ਕੀਤਾ ਗਿਆ ਸੀ। ਇਸ ਨੂੰ ਲਾਗੂ ਕਰਨ ਲਈ ਅੱਜ ਦੀ ਇਕੱਤਰਤਾ ਵਿਚ ਗਿਆਰਾਂ ਮੈਡੀਕਲ ਵੈਨਾਂ ਠੇਕੇ 'ਤੇ ਲੈਣ ਦੀ ਪ੍ਰਵਾਨਗੀ ਦਿੱਤੀ ਗਈ ਹੈ ਅਤੇ ਇਸ ਤੋਂ ਇਲਾਵਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨ ਇਸ਼ਨਾਨ ਦੀ ਸੰਗਤਾਂ ਨੂੰ ਸਹੂਲਤ ਦੇਣ ਲਈ ੧੫ ਬੱਸਾਂ ਵੀ ਇਕ ਸਾਲ ਲਈ ਠੇਕੇ 'ਤੇ ਲਈਆਂ ਜਾਣਗੀਆਂ।

ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਪਿਛਲੇ ਦਿਨੀਂ ਮਨੀਕਰਨ ਸਾਹਿਬ ਦੀ ਯਾਤਰਾ 'ਤੇ ਗਏ ਅੰਮ੍ਰਿਤਸਰ ਜ਼ਿਲ੍ਹੇ ਦੇ ੮ ਨੌਜਵਾਨਾਂ ਦੀ ਹਾਦਸੇ ਦੌਰਾਨ ਹੋਈ ਮੌਤ ਕਾਰਨ ਉਨ੍ਹਾਂ ਦੇ ਪਰਿਵਾਰਾਂ ਨੂੰ ੫੦-੫੦ ਹਜ਼ਾਰ ਰੁਪਏ ਦੀ ਸਹਾਇਤਾ ਦਿੱਤੀ ਜਾਵੇਗੀ। ਇਸ ਤੋਂ ਇਲਾਵਾ ਇਸ ਹਾਦਸੇ ਦੌਰਾਨ ਜ਼ਖ਼ਮੀ ਹੋਏ ਇਕ ਨੌਜਵਾਨ ਨੂੰ ਇਲਾਜ ਲਈ ੫੦ ਹਜ਼ਾਰ ਰੁਪਏ ਇਲਾਜ ਲਈ ਦਿੱਤੇ ਜਾਣਗੇ।

ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਦੌਰਾਨ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ, ਜੂਨੀਅਰ ਮੀਤ ਪ੍ਰਧਾਨ ਸ. ਹਰਪਾਲ ਸਿੰਘ ਜੱਲ੍ਹਾ, ਜਨਰਲ ਸਕੱਤਰ ਸ. ਗੁਰਬਚਨ ਸਿੰਘ ਕਰਮੂੰਵਾਲਾ, ਅੰਤ੍ਰਿੰਗ ਮੈਂਬਰਾਨ ਸ. ਭਗਵੰਤ ਸਿੰਘ ਸਿਆਲਕਾ, ਸ. ਲਖਬੀਰ ਸਿੰਘ ਅਰਾਈਆਂਵਾਲਾ, ਸ. ਗੁਰਤੇਜ ਸਿੰਘ ਢੱਡੇ, ਸ. ਨਵਤੇਜ ਸਿੰਘ ਕਾਉਣੀ, ਸ. ਹਰਦੇਵ ਸਿੰਘ ਰੋਗਲਾ, ਸ. ਗੁਰਮੀਤ ਸਿੰਘ ਬੂਹ, ਸ. ਸੱਜਣ ਸਿੰਘ ਬੱਜੂਮਾਨ, ਬਾਬਾ ਗੁਰਮੀਤ ਸਿੰਘ ਤ੍ਰਿਲੋਕਵਾਲਾ, ਬੀਬੀ ਗੁਰਪ੍ਰੀਤ ਕੌਰ ਤੇ ਸ. ਅਮਰੀਕ ਸਿੰਘ ਸ਼ਾਹਪੁਰ, ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਮਨਜੀਤ ਸਿੰਘ ਬਾਠ ਤੇ ਸ. ਅਵਤਾਰ ਸਿੰਘ ਸੈਂਪਲਾ, ਵਧੀਕ ਸਕੱਤਰ ਸ. ਕੇਵਲ ਸਿੰਘ, ਸ. ਪ੍ਰਤਾਪ ਸਿੰਘ ਤੇ ਸ. ਬਲਵਿੰਦਰ ਸਿੰਘ ਜੌੜਾਸਿੰਘਾ, ਸ਼੍ਰੋਮਣੀ ਕਮੇਟੀ ਪ੍ਰਧਾਨ ਦੇ ਨਿੱਜੀ ਸਹਾਇਕ ਸ. ਜਗਜੀਤ ਸਿੰਘ ਜੱਗੀ, ਸ. ਦਰਸ਼ਨ ਸਿੰਘ ਅਤੇ ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ ਦੇ ਮੈਨੇਜਰ ਸ. ਜਗੀਰ ਸਿੰਘ ਸਮੇਤ ਹੋਰ ਹਾਜ਼ਰ ਸਨ। ■

## ਅੰਮ੍ਰਿਤ ਸੰਚਾਰ

**ਸ੍ਰੀ ਅਕਾਲ ਤਖ਼ਤ ਸਹਿਬ ਵਿਖੇ ਹਰ ਬੁੱਧਵਾਰ ਤੇ ਐਤਵਾਰ ਨੂੰ ਦੁਪਹਿਰ ੧੨ ਵਜੇ ਅੰਮ੍ਰਿਤ-ਸੰਚਾਰ ਹੁੰਦਾ ਹੈ। ਅੰਮ੍ਰਿਤ ਅਭਿਲਾਖੀ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਹਾਜ਼ਰ ਹੋ ਕੇ ਅੰਮ੍ਰਿਤਪਾਨ ਕਰ ਕੇ ਗੁਰੂ ਵਾਲੇ ਬਣਨ।**

# ਧਰਮ ਪ੍ਰਚਾਰ ਸਰਗਰਮੀਆਂ

## ਸ਼੍ਰੋਮਣੀ ਕਮੇਟੀ ਵੱਲੋਂ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਵਿਸ਼ਾਲ ਗੁਰਮਤਿ ਸਮਾਗਮ

## ਸ਼੍ਰੋਮਣੀ ਕਮੇਟੀ ਗੁਰਮਤਿ ਸੱਭਿਆਚਾਰ ਦੇ ਪ੍ਰਸਾਰ ਲਈ ਵਚਨਬੱਧ-ਭਾਈ ਗੋਬਿੰਦ ਸਿੰਘ ਲੌਂਗੋਵਾਲ

ਸ੍ਰੀ ਅਨੰਦਪੁਰ ਸਾਹਿਬ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਅੱਜ ਇਥੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਧਰਮ ਪ੍ਰਚਾਰ ਲਹਿਰ ਤਹਿਤ ਕਰਵਾਏ ਗਏ ਇਕ ਵਿਸ਼ਾਲ ਗੁਰਮਤਿ ਸਮਾਗਮ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਗੁਰਬਾਣੀ, ਸਿੱਖ ਇਤਿਹਾਸ ਅਤੇ ਗੁਰਮਤਿ ਰਹਿਣੀ ਨਾਲ ਅਜੋਕੀ ਨੌਜੁਆਨੀ ਨੂੰ ਜੋੜਨਾ ਵਰਤਮਾਨ ਸਮੇਂ ਦੀ ਵੱਡੀ ਲੋੜ ਹੈ ਅਤੇ ਇਸੇ ਕਰਕੇ ਹੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਧਰਮ ਪ੍ਰਚਾਰ ਲਹਿਰ ਨੂੰ ਹੋਰ ਪ੍ਰਚੰਡ ਕਰਨ ਲਈ ਵਿਉਂਤਬੰਦੀ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬਾਨ ਨੇ ਸਿੱਖ ਕੌਮ ਨੂੰ ਜੋ ਮਾਰਗ ਦਰਸ਼ਨ ਦਿੱਤਾ, ਉਹ ਦੁਨੀਆਂ ਨਾਲੋਂ ਨਿਵੇਕਲਾ ਹੈ। ਉਨ੍ਹਾਂ ਕਿਹਾ ਕਿ ਬੇਸ਼ੱਕ ਅੱਜ ਦੇ ਪ੍ਰਸੰਗ ਵਿਚ ਧਰਮ ਪ੍ਰਚਾਰ ਕਰਨ ਦੇ ਸਰੋਕਾਰ ਬਦਲੇ ਹਨ ਪਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਹਰ ਤਰ੍ਹਾਂ ਗੁਰਮਤਿ ਸੱਭਿਆਚਾਰ ਦੇ ਪ੍ਰਸਾਰ ਲਈ ਵਚਨਬੱਧ ਹੈ। ਭਾਈ ਲੌਂਗੋਵਾਲ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਜਿਥੇ ਰਵਾਇਤੀ ਪ੍ਰਚਾਰ ਤਰੀਕਿਆਂ ਨੂੰ ਅਪਣਾ ਕੇ ਧਰਮ ਪ੍ਰਚਾਰ ਨੂੰ ਅੱਗੇ ਵਧਾਇਆ ਜਾ ਰਿਹਾ ਹੈ ਉਥੇ ਹੀ ਪਿੰਡਾਂ ਦੀ ਸੱਥਾਂ, ਸਕੂਲਾਂ, ਕਾਲਜਾਂ ਦੇ ਨਾਲ-ਨਾਲ ਪਰਿਵਾਰਕ ਮਿਲਣੀਆਂ ਦਾ ਵੀ ਪ੍ਰਬੰਧ ਕੀਤਾ ਗਿਆ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਅਜੋਕੀਆਂ ਚੁਣੌਤੀਆਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਅੱਜ ਸਮਾਜ ਨੂੰ ਨਸ਼ੇ, ਭਰੂਣ ਹੱਤਿਆ, ਵਾਤਾਵਰਣ ਦੀ ਦੂਸ਼ਤਤਾ ਦੇ ਨਾਲ-ਨਾਲ ਕਈ ਮਾਨਸਿਕ ਸਮੱਸਿਆਵਾਂ ਦਾ ਵੀ ਸਾਹਮਣਾ ਕਰਨਾ ਪੈ ਰਿਹਾ ਹੈ, ਜਿਨ੍ਹਾਂ ਵਿੱਚੋਂ ਨਿਕਲਣ ਲਈ ਗੁਰਮਤਿ ਜੁਗਤ ਨੂੰ ਅਪਣਾਉਣਾ ਪਵੇਗਾ। ਉਨ੍ਹਾਂ ਸੰਗਤਾਂ ਨੂੰ ਅਪੀਲ ਕੀਤੀ ਕਿ ਧਰਮ ਪ੍ਰਚਾਰ ਲਹਿਰ ਦਾ ਹਿੱਸਾ ਬਣ ਕੇ ਸਮਾਜ ਨੂੰ ਸਿਹਤਮੰਦ ਅਤੇ ਨਰੋਆ ਬਣਾਉਣ ਲਈ ਆਪੋ-ਆਪਣਾ ਯੋਗਦਾਨ ਪਾਈਏ।

ਇਸ ਮੌਕੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਕਿਹਾ ਕਿ ਸ੍ਰੀ ਅਨੰਦਪੁਰ ਸਾਹਿਬ ਦੀ ਪਾਵਨ ਧਰਤੀ ਸਦਾ ਹੀ ਸਿੱਖ ਧਰਮ ਦੇ ਪ੍ਰਚਾਰ ਦਾ ਕੇਂਦਰੀ ਧੁਰਾ ਰਹੀ ਹੈ ਅਤੇ ਇਸੇ ਮਹੱਤਤਾ ਦੇ ਮੱਦੇਨਜ਼ਰ ਸ਼੍ਰੋਮਣੀ ਕਮੇਟੀ ਵੱਲੋਂ ਇਥੇ ਵਿਸ਼ੇਸ਼ ਤੌਰ 'ਤੇ ਧਰਮ ਪ੍ਰਚਾਰ ਕੇਂਦਰ ਸਥਾਪਿਤ ਕੀਤਾ ਗਿਆ ਹੈ, ਤਾਂ ਜੋ ਇਸ ਇਲਾਕੇ ਵਿਚ ਧਰਮ ਪ੍ਰਚਾਰ ਸਰਗਰਮੀਆਂ ਨੂੰ ਸੁਚਾਰੂ ਢੰਗ ਨਾਲ ਚਲਾਇਆ ਜਾ ਸਕੇ। ਉਨ੍ਹਾਂ ਧਰਮ ਪ੍ਰਚਾਰ ਲਈ ਕੀਤੇ ਜਾ ਰਹੇ ਵਿਸ਼ੇਸ਼ ਉਪਰਾਲਿਆਂ ਲਈ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਪ੍ਰਸ਼ੰਸਾ ਕਰਦਿਆਂ ਸੰਗਤਾਂ ਨੂੰ ਇਸ ਵਿਚ ਵੱਧ ਚੜ੍ਹ ਕੇ ਹਿੱਸਾ ਪਾਉਣ ਦੀ ਅਪੀਲ ਕੀਤੀ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸਾਬਕਾ ਜਨਰਲ ਸਕੱਤਰ ਤੇ ਹਲਕਾ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ ਨੇ ਸਿੱਖ ਵਿਰਸੇ ਦੀ ਵਿਲੱਖਣਤਾ ਦਾ ਜ਼ਿਕਰ ਕਰਦਿਆਂ ਕਿਹਾ ਕਿ ਸਮੁੱਚਾ ਸਿੱਖ ਇਤਿਹਾਸ ਹੀ ਹੱਕ ਸੱਚ, ਨਿਆਂ, ਹਮਦਰਦੀ ਆਦਿ ਦੀ ਉਘੜਵੀਂ ਮਿਸਾਲ ਹੈ ਅਤੇ ਸਿੱਖ ਇਤਿਹਾਸ ਤੋਂ ਅਗਵਾਈ ਲੈ ਕੇ ਸਾਨੂੰ ਆਪਣੇ ਜੀਵਨ ਦੀਆਂ ਸੇਧਾਂ ਨਿਰਧਾਰਤ ਕਰਨੀਆਂ ਚਾਹੀਦੀਆਂ ਹਨ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਤੋਂ ਟੁੱਟ ਕੇ ਅਸੀਂ ਸੁਖ਼ਦ ਜੀਵਨ ਦੀ ਕਾਮਨਾ ਨਹੀਂ ਕਰ ਸਕਦੇ। ਸਮਾਗਮ ਦੌਰਾਨ ਸ਼੍ਰੋਮਣੀ ਕਮੇਟੀ ਮੈਂਬਰ ਪ੍ਰਿੰਸੀਪਲ ਸੁਰਿੰਦਰ ਸਿੰਘ, ਬੀਬੀ ਪਰਮਜੀਤ ਕੌਰ ਲਾਂਡਰਾਂ, ਸ. ਸੁਰਿੰਦਰ ਸਿੰਘ ਭੁੱਲੇਵਾਲ ਰਾਠਾਂ, ਭਾਈ ਪ੍ਰਿਤਪਾਲ ਸਿੰਘ ਲੁਧਿਆਣਾ ਅਤੇ ਸ. ਦਿਲਜੀਤ ਸਿੰਘ ਬੇਦੀ ਨੇ ਵੀ ਵਿਚਾਰ ਪ੍ਰਗਟ ਕੀਤੇ। ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ

ਲੌਂਗੋਵਾਲ ਨੂੰ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਅਤੇ ਸ਼੍ਰੋਮਣੀ ਕਮੇਟੀ ਮੈਂਬਰਾਂ ਨੇ ਸਾਂਝੇ ਰੂਪ ਵਿਚ ਸਨਮਾਨਿਤ ਵੀ ਕੀਤਾ। ਇਸ ਤੋਂ ਪਹਿਲਾਂ ਸਿੱਖ ਕੌਮ ਦੇ ਪ੍ਰਸਿੱਧ ਰਾਗੀ, ਢਾਡੀ ਅਤੇ ਕਵੀਸ਼ਰ ਜਥਿਆਂ ਨੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਅਤੇ ਕੌਮ ਦੇ ਸ਼ਾਨਾਮੱਤੇ ਇਤਿਹਾਸ ਨਾਲ ਜੋੜਿਆ।

ਸਮਾਗਮ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ੧੯੮੪ ਸਿੱਖ ਕਤਲੇਆਮ ਦੇ ਦੋਸ਼ੀ ਜਗਦੀਸ਼ ਟਾਈਟਲਰ ਖ਼ਿਲਾਫ਼ ਸਖ਼ਤ ਕਾਰਵਾਈ ਹੋਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਉਸ ਦੇ ਹਾਲ ਹੀ ਵਿਚ ਸਾਹਮਣੇ ਆਏ ਇਕ ਸਟਿੰਗ ਦੀ ਵੀਡੀਓ ਵਿਚ ਉਸ ਵੱਲੋਂ ਕੀਤੇ ਗਏ ਖੁਲਾਸਿਆਂ ਦੀ ਜਾਂਚ ਨੂੰ ਸਮਾਂਬੱਧ ਕਰਨਾ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਲੰਗਰਾਂ ਤੇ ਲਗਾਏ ਜਾ ਰਹੇ ਜੀ.ਐਸ.ਟੀ. ਮੁਆਫ਼ ਕਰਵਾਉਣ ਸਬੰਧੀ ਸ਼੍ਰੋਮਣੀ ਕਮੇਟੀ ਵੱਲੋਂ ਲਗਾਤਾਰ ਯਤਨ ਕੀਤੇ ਜਾ ਰਹੇ ਹਨ ਅਤੇ ਜਲਦੀ ਹੀ ਇਸ ਮਾਮਲੇ ਵਿਚ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਨਾਲ ਵੀ ਮੁਲਾਕਾਤ ਕੀਤੀ ਜਾਵੇਗੀ।

ਇਸ ਮੌਕੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੁੱਖ ਗ੍ਰੰਥੀ ਭਾਈ ਫੂਲਾ ਸਿੰਘ, ਗਿਆਨੀ ਹਰਪਾਲ ਸਿੰਘ ਫ਼ਤਹਿਗੜ੍ਹ ਸਾਹਿਬ, ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਰਵਿੰਦਰ ਸਿੰਘ ਚੱਕ, ਸ਼੍ਰੋਮਣੀ ਕਮੇਟੀ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਪ੍ਰਿੰਸੀਪਲ ਸੁਰਿੰਦਰ ਸਿੰਘ, ਸ. ਦਵਿੰਦਰ ਸਿੰਘ ਖੱਟੜਾ, ਸ. ਜੰਗਬਹਾਦਰ ਸਿੰਘ ਰਾਏ, ਸ. ਪ੍ਰਿਤਪਾਲ ਸਿੰਘ ਲੁਧਿਆਣਾ, ਬੀਬੀ ਰਣਜੀਤ ਕੌਰ ਮਾਹਿਲਪੁਰ, ਸ. ਗੁਰਬਖ਼ਸ਼ ਸਿੰਘ ਖ਼ਾਲਸਾ, ਸ. ਦਲਜੀਤ ਸਿੰਘ ਭਿੰਡਰ, ਬੀਬੀ ਪਰਮਜੀਤ ਕੌਰ ਲਾਂਡਰਾਂ, ਸ. ਚਰਨਜੀਤ ਸਿੰਘ ਕਾਲੇਵਾਲ, ਸ. ਅਜਮੇਰ ਸਿੰਘ ਖੇੜਾ, ਸ. ਰਵਿੰਦਰ ਸਿੰਘ ਖ਼ਾਲਸਾ, ਬੀਬੀ ਹਰਜਿੰਦਰ ਕੌਰ ਪਵਾਤ, ਸ. ਰਘਬੀਰ ਸਿੰਘ ਸਹਾਰਨਮਾਜਰਾ, ਸ. ਸੁਰਿੰਦਰ ਸਿੰਘ ਭੁੱਲੇਵਾਲ ਰਾਠਾਂ, ਬਾਬਾ ਚਰਨਜੀਤ ਸਿੰਘ ਊਨਾ ਵਾਲੇ, ਬਾਬਾ ਗੁਰਪ੍ਰੀਤ ਸਿੰਘ ਹਰੀਆਂ ਵੇਲਾਂ, ਬਾਬਾ ਭਗਤ ਸਿੰਘ ਬੁੱਢਾ ਦਲ, ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਦਿਲਜੀਤ ਸਿੰਘ ਬੇਦੀ, ਪ੍ਰੋ. ਬਲਵਿੰਦਰ ਸਿੰਘ ਜੌੜਾਸਿੰਘਾ, ਡਾ. ਪਰਮਜੀਤ ਸਿੰਘ ਸਰੋਆ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੈਨੇਜਰ ਸ. ਰਣਜੀਤ ਸਿੰਘ, ਸੂਚਨਾ ਅਧਿਕਾਰੀ ਸ. ਹਰਦੇਵ ਸਿੰਘ, ਸ. ਜਗਦੇਵ ਸਿੰਘ ਕੁੱਕੂ, ਜਥੇਦਾਰ ਸੰਤੋਖ ਸਿੰਘ, ਸ. ਸ਼ਰਨਜੀਤ ਸਿੰਘ ਤਾਲਮੇਲ ਕਮੇਟੀ ਨੰਗਲ, ਸ. ਬਲਵਿੰਦਰ ਸਿੰਘ, ਸ. ਮਨਜਿੰਦਰ ਸਿੰਘ ਬਰਾੜ, ਸ. ਸਵਿੰਦਰ ਸਿੰਘ ਮਟੌਰ, ਪ੍ਰਿੰਸੀਪਲ ਜਸਬੀਰ ਸਿੰਘ, ਪ੍ਰਿੰਸੀਪਲ ਪ੍ਰੀਤਮਹਿੰਦਰ ਸਿੰਘ, ਡਾ. ਕਸ਼ਮੀਰ ਸਿੰਘ, ਡਾ. ਕੁਲਦੀਪ ਕੌਰ, ਡਾ. ਗੁਰਚਰਨ ਸਿੰਘ ਲਾਂਬਾ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

੧੧ ਫ਼ਰਵਰੀ

## ਧਰਮ ਪ੍ਰਚਾਰ ਲਹਿਰ ਤਹਿਤ ਪਿੰਡ ਬਹਿੜਵਾਲ ਵਿਖੇ ਗੁਰਮਤਿ ਸਮਾਗਮ ਕਰਵਾਇਆ

ਸ੍ਰੀ ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ੫੫੦ ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪਿੰਡ ਪੱਧਰ 'ਤੇ ਆਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਤਰਨ ਤਾਰਨ ਜ਼ਿਲ੍ਹੇ ਦੇ ਪਿੰਡ ਬਹਿੜਵਾਲ ਵਿਖੇ ਗੁਰਮਤਿ ਸਮਾਗਮ ਕਰਵਾਇਆ ਗਿਆ। ਇਸ ਸਮੇਂ ਸ੍ਰੀ ਅਖੰਡਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਜਬਰਤੋੜ ਸਿੰਘ ਅਤੇ ਭਾਈ ਪ੍ਰਤਾਪ ਸਿੰਘ ਦੇ ਰਾਗੀ ਜੱਥਿਆਂ ਵੱਲੋਂ ਗੁਰਬਾਣੀ ਦੇ ਮਨੋਹਰ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਸਜਾਏ ਗਏ ਦੀਵਾਨਾਂ ਵਿਚ ਭਾਈ ਗੁਰਭੇਜ ਸਿੰਘ ਦੇ ਢਾਡੀ ਜੱਥੇ ਅਤੇ ਭਾਈ ਕੇਵਲ ਸਿੰਘ ਮਹਿਤਾ ਤੇ ਭਾਈ ਮਨਜੀਤ ਸਿੰਘ ਮਾਣਕ ਦੇ ਕਵੀਸ਼ਰੀ ਜੱਥਿਆਂ ਵੱਲੋਂ ਸੰਗਤਾਂ ਨੂੰ ਗੁਰ ਇਤਿਹਾਸ ਤੇ ਸਿੱਖ ਇਤਿਹਾਸ ਸਰਵਣ ਕਰਵਾਇਆ ਗਿਆ। ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ ਨੇ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਉਂਦਿਆਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਵਾਂ ਉਪਰ ਚੱਲਣਾ ਹੀ ਉਨ੍ਹਾਂ ਪ੍ਰਤੀ ਸੱਚੀ ਸ਼ਰਧਾ ਦਾ ਪ੍ਰਗਟਾਵਾ ਹੈ। ਉਨ੍ਹਾਂ ਕਿਹਾ ਕਿ ਪਹਿਲੇ ਪਾਤਸ਼ਾਹ ਨੇ ਸਾਨੂੰ ਕਰਮ-ਕਾਂਡਾਂ ਤੇ ਵਹਿਮਾਂ-ਭਰਮਾਂ ਤੋਂ ਵਰਜਦਿਆਂ ਸ਼ਬਦ-ਗੁਰੂ ਦੇ ਲੜ ਲਾਇਆ ਹੈ। ਉਨ੍ਹਾਂ ਨਰੋਏ ਤੇ ਨੈਤਿਕ ਸਮਾਜ ਦੀ ਸਿਰਜਣਾ ਲਈ ਗੁਰੂ ਸਾਹਿਬ ਵੱਲੋਂ ਦਰਸਾਏ ਗਏ ਮਾਰਗ ਉਪਰ ਚੱਲਣ ਦੀ ਅਪੀਲ ਕੀਤੀ। ਇਸ ਸਮੇਂ ਬਾਬਾ ਗੁਰਨਾਮ ਸਿੰਘ ਡਰੋਲੀ

ਭਾਈ ਵੱਲੋਂ ਵੀ ਸੰਗਤਾਂ ਨਾਲ ਵਿਚਾਰਾਂ ਦੀ ਸਾਂਝ ਪਾਈ ਗਈ।

ਇਸ ਮੌਕੇ ਬਾਬਾ ਸੁੱਖਾ ਸਿੰਘ ਘਰਿਆਲੇ ਵਾਲੇ, ਬਾਬਾ ਮੌਜੀ ਦਾਸ ਮਾੜੀ ਕੰਬੋਕੀ, ਸ. ਪੰਜਾਬ ਸਿੰਘ ਨੰਬਰਦਾਰ, ਸ਼੍ਰੋਮਣੀ ਕਮੇਟੀ ਦੇ ਸ/ਸੁਪ੍ਰਿੰਟੈਂਡੈਂਟ ਸ. ਮਲਕੀਤ ਸਿੰਘ ਬਹਿੜਵਾਲ, ਗੁਰਦੁਆਰਾ ਬਾਬਾ ਬੀਰ ਸਿੰਘ ਰੱਤੋਕੇ ਦੇ ਮੈਨੇਜਰ ਸ. ਲਖਬੀਰ ਸਿੰਘ, ਸ. ਦਰਸ਼ਨ ਸਿੰਘ, ਸ. ਸਤਨਾਮ ਸਿੰਘ, ਸ. ਕੁਲਦੀਪ ਸਿੰਘ, ਸ. ਮੁਖਤਾਰ ਸਿੰਘ, ਸ. ਦਲੇਰ ਸਿੰਘ, ਸ. ਗੁਰਮੀਤ ਸਿੰਘ, ਸ. ਸੁਖਚੈਨ ਸਿੰਘ, ਸ. ਕਸ਼ਮੀਰ ਸਿੰਘ ਸੰਧੂ, ਸ. ਗੁਰਬਚਨ ਸਿੰਘ ਅਤੇ ਵੱਡੀ ਗਿਣਤੀ ਸੰਗਤਾਂ ਹਾਜ਼ਰ ਸਨ। ੧੬ ਫ਼ਰਵਰੀ

## ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਹੋਇਆ ਹਫ਼ਤਾਵਾਰੀ ਗੁਰਮਤਿ ਸਮਾਗਮ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਹਫ਼ਤਾਵਾਰੀ ਗੁਰਮਤਿ ਸਮਾਗਮ ਕਰਵਾਇਆ ਗਿਆ, ਜਿਸ ਵਿਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਸੰਦੀਪ ਸਿੰਘ ਦੇ ਜਥੇ ਨੇ ਗੁਰਬਾਣੀ ਦਾ ਮਨੋਹਰ ਕੀਰਤਨ ਕੀਤਾ। ਇਸ ਮੌਕੇ ਭਾਈ ਜਗਦੀਸ਼ ਸਿੰਘ ਵਡਾਲਾ ਦੇ ਢਾਡੀ ਜਥੇ ਅਤੇ ਭਾਈ ਸੁੱਚਾ ਸਿੰਘ ਡੇਰਾ ਪਠਾਣਾਂ ਦੇ ਕਵੀਸ਼ਰ ਜਥੇ ਨੇ ਸਿੱਖ ਕੌਮ ਦੇ ਸ਼ਾਨਾਮੱਤੇ ਇਤਿਹਾਸ ਵਿੱਚੋਂ ਪ੍ਰਸੰਗ ਸਾਂਝੇ ਕੀਤੇ।

ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਮਲਕੀਤ ਸਿੰਘ ਨੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਗੁਰਮਤਿ ਦਾ ਫ਼ਲਸਫ਼ਾ ਮਨੁੱਖਾ ਜੀਵਨ ਨੂੰ ਸਚਿਆਰ ਬਣਾਉਣ ਲਈ ਸੁਚੱਜਾ ਮਾਰਗ ਦਰਸ਼ਨ ਕਰਦਾ ਹੈ। ਉਨ੍ਹਾਂ ਕਿਹਾ ਕਿ ਅਜੋਕੇ ਸਮੇਂ ਅੰਦਰ ਸਮਾਜ ਵਿਚ ਪ੍ਰਚੱਲਤ ਕੁਰੀਤੀਆਂ ਦੇ ਖ਼ਾਤਮੇ ਲਈ ਗੁਰਬਾਣੀ ਦੀ ਸਿੱਖਿਆ 'ਤੇ ਅਮਲ ਕਰਨਾ ਜ਼ਰੂਰੀ ਹੈ। ਉਨ੍ਹਾਂ ਸੰਗਤਾਂ ਨੂੰ ਗੁਰੂ ਸਾਹਿਬਾਨ ਵੱਲੋਂ ਦਰਸਾਏ ਗਏ ਮਾਰਗ 'ਤੇ ਚੱਲਦਿਆਂ ਬਾਣੀ ਅਤੇ ਬਾਣੇ ਦੇ ਧਾਰਨੀ ਬਣਨ ਦੀ ਅਪੀਲ ਕੀਤੀ। ਇਸ ਸਮੇਂ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜਾਇਬ ਸਿੰਘ ਅਭਿਆਸੀ ਨੇ ਸੰਗਤਾਂ ਨਾਲ ਵਿਚਾਰਾਂ ਦੀ ਸਾਂਝ ਕਰਦਿਆਂ ਕਿਹਾ ਕਿ ਧਰਮ ਪ੍ਰਚਾਰ ਕਮੇਟੀ ਵੱਲੋਂ ਇਹ ਸਮਾਗਮ ਸ੍ਰੀ ਗੁਰੂ ਨਾਨਕ ਦੇਵ ਜੀ ਦੇ ੫੫੦ ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਹਨ, ਇਸ ਲਈ ਸਾਨੂੰ ਗੁਰੂ ਸਾਹਿਬ ਵੱਲੋਂ ਬਖ਼ਸ਼ੇ ਕਿਰਤ ਕਰੋ, ਨਾਮ ਜਪੋ ਤੇ ਵੰਡ ਛਕੋ ਦੇ ਸਿਧਾਂਤ ਨੂੰ ਘਰ-ਘਰ ਤੱਕ ਪਹੁੰਚਾਉਣ ਲਈ ਇਸ ਲਹਿਰ ਨਾਲ ਜੁੜਨ ਦੀ ਲੋੜ ਹੈ। ਇਸ ਮੌਕੇ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਜਗਦੇਵ ਸਿੰਘ, ਭਾਈ ਜਸਪਾਲ ਸਿੰਘ, ਭਾਈ ਗੁਰਵਿੰਦਰ ਸਿੰਘ ਵੜੈਚ ਤੇ ਭਾਈ ਲਖਬੀਰ ਸਿੰਘ ਕੱਕਾ ਕੰਡਿਆਲਾ ਨੇ ਵੀ ਗੁਰਮਤਿ ਵਿਚਾਰਾਂ ਸਾਂਝੀਆਂ ਕੀਤੀਆਂ। ਇਸੇ ਦੌਰਾਨ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਹੋਏ ਅੰਮ੍ਰਿਤ ਸੰਚਾਰ ਸਮੇਂ ਦੋ ਸੌ ਦੱਸ ਪ੍ਰਾਣੀਆਂ ਨੇ ਅੰਮ੍ਰਿਤਪਾਨ ਕੀਤਾ। ਧਰਮ ਪ੍ਰਚਾਰ ਕਮੇਟੀ ਵੱਲੋਂ ਪਿੰਡਾਂ ਅੰਦਰ ਚਲਾਈ ਜਾ ਰਹੀ ਧਰਮ ਪ੍ਰਚਾਰ ਲਹਿਰ ਤਹਿਤ ਵੱਖ-ਵੱਖ ਹਲਕਿਆਂ ਤੋਂ ਸੰਗਤਾਂ ਹਫ਼ਤਾਵਾਰੀ ਸਮਾਗਮਾਂ ਲਈ ਵਿਸ਼ੇਸ਼ ਬੱਸਾਂ ਰਾਹੀਂ ਪਹੁੰਚੀਆਂ। ਇਸ ਵਿਚ ਹਲਕਾ ਡੇਰਾ ਬਾਬਾ ਨਾਨਕ ਤੋਂ ੨ ਬੱਸਾਂ, ਹਲਕਾ ਅਜਨਾਲਾ ਤੋਂ ੧, ਹਲਕਾ ਪੱਟੀ ਤੋਂ ੧, ਹਲਕਾ ਜਲਾਲਾਬਾਦ ਤੋਂ ੨, ਹਲਕਾ ਕਾਲਾ ਅਫ਼ਗਾਨਾ ਤੋਂ ੧, ਹਲਕਾ ਫਗਵਾੜਾ ਤੋਂ ੧, ਹਲਕਾ ਧਾਰੀਵਾਲ ਤੋਂ ੧ ਅਤੇ ਹਲਕਾ ਗੁਰਦਾਸਪੁਰ (ਸੇਖਵਾਂ) ੧ ਬੱਸ ਰਾਹੀਂ ਸੰਗਤਾਂ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਹਫ਼ਤਾਵਾਰੀ ਗੁਰਮਤਿ ਸਮਾਗਮ ਵਿਚ ਸ਼ਾਮਲ ਹੋਈਆਂ। ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਰਾਮ ਸਿੰਘ, ਸ. ਹਰਜਾਪ ਸਿੰਘ ਸੁਲਤਾਨਵਿੰਡ, ਸ. ਮੰਗਵਿੰਦਰ ਸਿੰਘ ਖਾਪੜਖੇੜੀ ਤੇ ਭਾਈ ਅਜਾਇਬ ਸਿੰਘ ਅਭਿਆਸੀ, ਧਰਮ ਪ੍ਰਚਾਰ ਕਮੇਟੀ ਦੇ ਵਧੀਕ ਸਕੱਤਰ ਪ੍ਰੋ. ਬਲਵਿੰਦਰ ਸਿੰਘ ਜੌੜਾਸਿੰਘਾ, ਸ. ਨਿਰੰਜਨ ਸਿੰਘ, ਸ. ਬਹਾਲ ਸਿੰਘ, ਪ੍ਰਚਾਰਕ ਭਾਈ ਰਜਿੰਦਰ ਸਿੰਘ, ਭਾਈ ਰਣਜੀਤ ਸਿੰਘ ਵੜੈਚ, ਭਾਈ ਬਲਵੰਤ ਸਿੰਘ ਏਨੋਕੋਟ, ਭਾਈ ਇੰਦਰਜੀਤ ਸਿੰਘ, ਭਾਈ ਗੁਰਵਿੰਦਰ ਸਿੰਘ, ਬੀਬੀ ਹਰਪ੍ਰੀਤ ਕੌਰ, ਸ. ਕੁਲਬੀਰ ਸਿੰਘ, ਕਵੀਸ਼ਰ ਭਾਈ ਗੁਰਿੰਦਰ ਪਾਲ ਸਿੰਘ ਬੈਂਕਾ ਤੇ ਭਾਈ ਲਖਬੀਰ ਸਿੰਘ ਤੇੜੀ ਸਮੇਤ ਸੰਗਤਾਂ ਹਾਜ਼ਰ ਸਨ। ੧੮ ਫ਼ਰਵਰੀ

## ਕਾਰਵਾਈ

**ਜਨਰਲ ਸਮਾਗਮ ੧੪ ਮੱਘਰ ਸੰਮਤ ਨਾਨਕਸ਼ਾਹੀ ੫੪੯ (੨੯ ਨਵੰਬਰ ੨੦੧੭) ਦੀ ਕਾਰਵਾਈ ਗੁਰਦੁਆਰਾ ਗਜ਼ਟ ਅੰਕ ਦਸੰਬਰ ੨੦੧੭ ਦਾ ਬਾਕੀ ਹਿੱਸਾ।**

ਚੋਣ ਦੀ ਪ੍ਰਕਿਰਿਆ ਮੁਕੰਮਲ ਹੋਣ ਤੇ ਚੇਅਰਮੈਨ ਅਤੇ ਪ੍ਰਧਾਨ ਸਾਹਿਬ ਨੇ ਹਾਊਸ ਦਾ ਧੰਨਵਾਦ ਕਰਦਿਆਂ ਹੇਠ ਲਿਖੇ ਮਤੇ ਪ੍ਰਵਾਨਗੀ ਲਈ ਪੇਸ਼ ਕੀਤੇ:-

(੦੫)

ਸ਼੍ਰੋਮਣੀ ਗੁ:ਪ੍ਰ:ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦਾ ਅੱਜ ਦਾ ਜਨਰਲ ਇਜਲਾਸ ਸ਼੍ਰੋਮਣੀ ਗੁ:ਪ੍ਰ:ਕਮੇਟੀ ਦੀ ਜਨਰਲ ਇਕੱਤਰਤਾ (ਬਜ਼ਟ ਸਮਾਗਮ) ੧੬ ਚੇਤ ਨਾਨਕਸ਼ਾਹੀ ੫੪੯ ਮੁਤਾਬਿਕ ੨੯ ਮਾਰਚ ੨੦੧੭ ਦੀ ਕਾਰਵਾਈ ਸ਼੍ਰੋਮਣੀ ਗੁ:ਪ੍ਰ:ਕਮੇਟੀ ਵੱਲੋਂ ਪ੍ਰਕਾਸ਼ਿਤ ਕੀਤੇ ਜਾਂਦੇ ਮਾਸਿਕ ਪੱਤਰ 'ਗੁਰਦੁਆਰਾ ਗਜ਼ਟ' ਦੇ ਅੰਕ ਮਹੀਨਾ ਅਪ੍ਰੈਲ, ਮਈ, ਜੂਨ, ਜੁਲਾਈ, ਅਗਸਤ ਵਿਚ ਛਾਪ ਕੇ ਸਮੂਹ ਮੈਂਬਰ ਸਾਹਿਬਾਨ ਸ਼੍ਰੋਮਣੀ ਗੁ:ਪ੍ਰ:ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਨੂੰ ਭੇਜੀ ਜਾ ਚੁੱਕੀ ਹੈ ਦੀ ਪੁਸ਼ਟੀ ਪੇਸ਼ ਹੋਣ ਤੇ ਹਵਾਲੇ ਵਾਲੀ ਕਾਰਵਾਈ ਦੇ ਦਰੁੱਸਤ ਲਿਖਿਆਂ ਦੀ ਹਾਊਸ ਵਿਚ ਹਾਜ਼ਰ ਸਮੂੰਹ ਮੈਂਬਰ ਸਾਹਿਬਾਨ ਵੱਲੋਂ ਜੈਕਾਰਿਆਂ ਦੀ ਗੂੰਜ ਵਿੱਚ ਸਰਬ ਸੰਮਤੀ ਨਾਲ ਪ੍ਰਵਾਨਗੀ ਦਿੱਤੀ ਗਈ। ਉਪਰੰਤ ਪ੍ਰਧਾਨ ਸਾਹਿਬ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦੇ ਤਸਦੀਕੀ ਦਸਤਖਤ ਕਰਵਾਏ ਗਏ।

(੦੬)

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਦਾ ਅੱਜ ਦਾ ਜਨਰਲ ਇਜਲਾਸ ਸਰਬਸੰਮਤੀ ਨਾਲ ਪ੍ਰਵਾਨ ਕਰਦਾ ਹੈ ਕਿ ਅੰਤ੍ਰਿੰਗ ਕਮੇਟੀ (ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ) ਦੇ ੧੧ ਮੈਂਬਰ ਹੋਣਗੇ।

(੦੭)

ਸ਼੍ਰੋਮਣੀ ਗੁ:ਪ੍ਰ:ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦਾ ਅੱਜ ਦਾ ਜਨਰਲ ਇਜਲਾਸ ਨਵੀਂ ਦਿੱਲੀ ਸਥਿਤ ਦਿਆਲ ਸਿੰਘ ਈਵਨਿੰਗ ਕਾਲਜ ਦਾ ਨਾਮ ਤਬਦੀਲ ਕਰਕੇ ਸਿੱਖ ਹਿਰਦਿਆਂ ਨੂੰ ਭਾਰੀ ਠੇਸ ਪਹੁੰਚਾਣ ਦੀ ਸਖ਼ਤ ਸ਼ਬਦਾਂ ਵਿਚ ਨਿੰਦਿਆ ਕਰਦਾ ਹੈ। ਕਾਲਜ ਦੀ ਗਵਰਨਿੰਗ ਬਾਡੀ ਦਾ ਇਹ ਫੈਸਲਾ ਬਿਲਕੁਲ ਗਲਤ ਹੈ ਅਤੇ ਇਸ ਨਾਲ ਇਤਿਹਾਸਕ ਵਿਰਾਸਤ ਦੀ ਹੋਂਦ ਖਤਮ ਹੋ ਗਈ ਹੈ। ਕਾਲਜ ਦੀ ਗਵਰਨਿੰਗ ਬਾਡੀ ਦੇ ਚੇਅਰਮੈਨ ਅਮਿਤਾਬ ਸਿਨਹਾ ਵਲੋਂ ਨਵੇਂ ਨਾਮ 'ਵੰਦੇ ਮਾਤਰਮ ਮਹਾਂ-ਵਿਦਿਆਲਿਆ' ਨੂੰ ਭਾਰਤੀ ਭਾਵਨਾ ਨੂੰ ਹੁਲਾਰਾ ਦੇਣ ਵਾਲਾ ਕਹਿਣਾ ਉਚਿਤ ਨਹੀਂ ਹੈ, ਕਿਉਂਕਿ ਸਿੱਖਾਂ ਨੇ ਦੇਸ਼ ਦੀ ਅਜ਼ਾਦੀ ਅਤੇ ਏਕਤਾ ਲਈ ੮੦% ਤੋਂ ਵੱਧ ਕੁਰਬਾਨੀਆਂ ਦੇ ਕੇ ਦੇਸ਼ ਦੀ ਸਭਿਅਤਾ, ਸੰਸਕ੍ਰਿਤੀ ਅਤੇ ਇਤਿਹਾਸ ਨੂੰ ਚਾਰ-ਚੰਨ ਲਗਾਏ ਹਨ। ਸ੍ਰ. ਦਿਆਲ ਸਿੰਘ ਕਾਲਜ ਦੀ ਵਿਰਾਸਤੀ ਹੋਂਦ ਖਤਮ ਕਰਕੇ ਘੱਟ- ਗਿਣਤੀਆਂ ਵਿੱਚ ਬੇਗਾਨਗੀ ਦਾ ਅਹਿਸਾਸ ਕਰਵਾਉਣਾ ਅਤੇ ਸਿੱਖਾਂ ਦੀ ਦੇਸ਼ ਭਗਤੀ ਨਾਲ ਵੱਡਾ ਅਨਿਆ ਹੈ।

ਅੱਜ ਦਾ ਜਨਰਲ ਇਜਲਾਸ ਇਸ ਕਾਰਵਾਈ ਦੀ ਸਖ਼ਤ ਨਿੰਦਾ ਕਰਦਾ ਹੋਇਆ ਭਾਰਤ ਸਰਕਾਰ ਤੋਂ ਮੰਗ ਕਰਦਾ ਹੈ ਕਿ ਸ੍ਰ. ਦਿਆਲ ਸਿੰਘ ਮਜੀਠੀਆ ਕਾਲਜ ਦੇ ਨਾਮ ਨੂੰ ਕਾਇਮ ਰੱਖਣ ਲਈ ਕਾਰਵਾਈ ਨੂੰ ਅਮਲੀ ਰੂਪ ਦੇਵੇ ਤਾਂ ਜੋ ਸਿੱਖਾਂ ਦੀਆਂ ਭਾਵਨਾਵਾਂ ਨੂੰ ਠੇਸ ਨਾ ਪਹੁੰਚੇ ਅਤੇ ਭਾਰਤ ਵਿਚਲੀਆਂ ਘੱਟ-ਗਿਣਤੀਆਂ ਇਸ ਦੇਸ਼ ਵਿੱਚ ਆਪਣੇ ਆਪ ਨੂੰ ਅਸੁਰੱਖਿਅਤ ਨਾ ਸਮਝਣ।

(੦੮)

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦਾ ਅੱਜ ਦਾ ਜਨਰਲ ਇਜਲਾਸ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ੧੦ ਅਕਤੂਬਰ ੨੦੧੭ ਦੇ ਮਤਾ ਨੰਬਰ ੧੧੬੩ ਰਾਹੀਂ ਹੋਏ ਫੈਸਲੇ ਅਨੁਸਾਰ ਜਿਨ੍ਹਾਂ ਧਰਮੀ ਫੌਜੀਆਂ ਦਾ ਜਨਰਲ ਕੋਰਟ ਮਾਰਸ਼ਲ ਹੋਇਆ ਹੈ, ਨੌਕਰੀ ਤੋਂ ਡਿਸਮਿਸ ਕਰ ਦੇਣ ਕਾਰਨ ਕੋਈ ਪੈਨਸ਼ਨ ਆਦਿ ਦੀ ਸਹੂਲਤ ਨਹੀਂ ਮਿਲਦੀ, ਕੇਵਲ ਉਨ੍ਹਾਂ ਧਰਮੀ ਫ਼ੌਜੀਆਂ ਨੂੰ ਅਪ੍ਰੈਲ, ੨੦੧੮ ਤੋਂ ਅੱਗੋਂ ਆਉਣ ਵਾਲੇ ਪੰਜ ਸਾਲ ਲਈ ੫੦,੦੦੦/-, ੫੦,੦੦੦/-ਅੱਖਰੀਂ ਪੰਜਾਹ-ਪੰਜਾਹ ਹਜ਼ਾਰ

ਰੁਪਏ ਸਲਾਨਾ ਸਹਾਇਤਾ ਜਾਰੀ ਰੱਖਣ ਅਤੇ ਧਰਮੀ ਫੌਜੀਆਂ ਦੇ ਬੱਚੇ ਜਿਨ੍ਹਾਂ ਦੀ ਕੰਟਰੈਕਟ ਜਾਂ ਆਰਜੀ ਸਰਵਿਸ ਦੋ ਸਾਲ ਹੋ ਗਈ ਹੈ, ਉਨ੍ਹਾਂ ਨੂੰ ਦੋ ਸਾਲ ਬਾਅਦ ਬਿਲਮੁਕਤਾ ਕਰਨ ਦੀ ਬਜਾਏ ਸਿੱਧਾ ਗਰੇਡ ਦੇਣ ਅਤੇ ਬਿਲਮੁਕਤਾ ਡਿਊਟੀ ਨਿਭਾ ਰਹੇ ਮੁਲਾਜਮਾਂ ਨੂੰ ਮਿਤੀ ੦੧-੦੧-੨੦੧੮ ਤੋਂ ਗਰੇਡ ਦੇਣ ਦੀ ਪ੍ਰਵਾਨਗੀ ਦਿੰਦਾ ਹੈ।

ਜਿਹੜੇ ਧਰਮੀ ਫੌਜੀ ਸ਼ਹੀਦ ਹੋ ਗਏ ਹਨ, ਜਿਨ੍ਹਾਂ ਦਾ ਜਨਰਲ ਕੋਰਟ ਮਾਰਸ਼ਲ, ਸਮਰੀਕੋਰਟ ਮਾਰਸ਼ਲ ਹੋਇਆ ਹੈ ਅੱਗੋਂ ਉਨ੍ਹਾਂ ਦੇ ਬੱਚਿਆਂ ਨੂੰ ਕੰਟਰੈਕਟ ਜਾਂ ਆਰਜੀ ਰੱਖਣ ਦੀ ਬਜਾਏ ਸਿੱਧਾ ਬਿਲਮੁਕਤਾ ਰੱਖਣ ਲਈ ਸਰਵਿਸ ਰੂਲਜ਼ ਦੇ ਨਿਯਮ, ਉਪ-ਨਿਯਮ ਤੇ ਪ੍ਰਬੰਧ ਸਕੀਮ ਵਿੱਚ ਸੋਧ ਕਰਨ ਦੀ ਪ੍ਰਵਾਨਗੀ ਦਿੰਦਾ ਹੈ।

(੯)

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦਾ ਅੱਜ ਦਾ ਜਨਰਲ ਇਜਲਾਸ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਇਕੱਤਰਤਾ ੧੦ ਅਕਤੂਬਰ ੨੦੧੭ ਦੇ ਮਤਾ ਨੰਬਰ ੧੧੯੩ ਰਾਹੀਂ ਹੋਏ ਫੈਸਲੇ ਅਨੁਸਾਰ ਗੁਰਦੁਆਰਾ ਕਮੇਟੀ, ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਪਿੰਡ ਲੋਪੋ (ਮੋਗਾ) ਦੀ ਸਲਾਨਾ ਆਮਦਨ ੩੫੦੦੦੦੦/-ਅੱਖਰੀਂ ਪੈਂਤੀ ਲੱਖ ਰੁਪਏ ਤੋਂ ਵੱਧ ਜਾਣ ਕਾਰਨ ਸਿੱਖ ਗੁਰਦੁਆਰਾ ਐਕਟ,੧੯੨੫ ਦੀ ਧਾਰਾ ਸੈਕਸ਼ਨ-੮੭ (I)B ਤੋਂ ਸੈਕਸ਼ਨ ੮੫ ਵਿੱਚ ਤਬਦੀਲ ਕਰਨ ਦੀ ਪ੍ਰਵਾਨਗੀ ਦਿੰਦਿਆਂ ਅੱਗੋਂ ਲੋੜੀਂਦੀ ਕਾਰਵਾਈ ਲਈ ਭਾਰਤ ਸਰਕਾਰ ਪਾਸ ਸਿਫਾਰਸ਼ ਕਰਦਾ ਹੈ।

(੧੦)

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦਾ ਅੱਜ ਦਾ ਜਨਰਲ ਇਜਲਾਸ ਬੜੀ ਸ਼ਿੱਦਤ ਨਾਲ ਮਹਿਸੂਸ ਕਰਦਾ ਹੈ ਕਿ, ਮਾਂ ਬੋਲੀ ਪੰਜਾਬੀ ਨਾਲ ਪੰਜਾਬ ਵਿਚ ਹੀ ਵਿਤਕਰਾ ਤੇ ਵਖਰੇਵਾਂ ਕੀਤਾ ਜਾ ਰਿਹਾ ਹੈ। ਪੰਜਾਬ ਦੇ ਵਾਸੀਆਂ ਦੀ ਬਦਕਿਸਮਤੀ ਹੈ ਕਿ ਉਹ ਆਪਣੀ ਮਾਂ ਬੋਲੀ ਨਾਲ ਵਿਤਕਰਾ/ ਵਖਰੇਵਾਂ ਕਰਦੇ ਹੋਏ ਆਪਣੇ ਵਿੱਦਿਅਕ, ਵਿੱਤੀ ਅਦਾਰਿਆਂ ਤੇ ਆਪਣੇ ਨਾਵਾਂ ਦੀਆਂ ਤਖ਼ਤੀਆਂ ਮਾਂ ਬੋਲੀ ਪੰਜਾਬੀ ਦੀ ਥਾਂ ਹਿੰਦੀ ਅਤੇ ਅੰਗਰੇਜ਼ੀ ਵਿਚ ਲਿਖਦੇ ਹਨ। ਮਾਂ-ਬੋਲੀ ਦਾ ਸਤਿਕਾਰ ਕਰਨਾ ਹਰੇਕ ਦਾ ਪ੍ਰਥਮ ਕਰਤੱਵ ਹੈ, ਪਰ ਪੰਜਾਬ ਵਿਚ ਮਾਂ ਬੋਲੀ ਪੰਜਾਬੀ ਨੂੰ ਧਰਮ ਨਾਲ ਜੋੜ ਕੇ ਵੇਖਿਆ ਜਾ ਰਿਹਾ ਹੈ, ਜੋ ਕਿ ਕਦਾਚਿਤ ਵੀ ਉਚਿਤ ਨਹੀਂ। ਘਰਾਂ ਵਿਚ ਹਿੰਦੀ ਬੋਲੀ ਜਾਣੀ, ਚੰਡੀਗੜ੍ਹ ਵਿਚ ਪੰਜਾਬੀ ਨੂੰ ਪਹਿਲਾ ਸਥਾਨ ਨਾ ਮਿਲਣਾ, ਕੌਮੀ ਰਾਜ ਮਾਰਗਾਂ ਦੇ ਚਿੰਨ੍ਹ ਹਿੰਦੀ ਤੇ ਅੰਗਰੇਜ਼ੀ ਵਿਚ ਪਹਿਲਾਂ ਲਿਖਣੇ ਇਸ ਗੱਲ ਦਾ ਪ੍ਰਮਾਣ ਹਨ। ਭਾਸ਼ਾ ਵਿਭਾਗ ਪੰਜਾਬ ਮਾਂ-ਬੋਲੀ ਪੰਜਾਬੀ ਦੇ ਵਿਕਾਸ ਤੇ ਵਿਸਥਾਰ ਲਈ ਸਥਾਪਤ ਕੀਤਾ ਗਿਆ ਸੀ। ਪਰ ਹੁਣ ਉਸ ਨੇ ਵੀ ਅਵੇਸਲੇਪਣ ਦਾ ਸਬੂਤ ਦਿੰਦਿਆਂ 'ਪੰਜਾਬੀ ਸਪਤਾਹ' ਹੀ ਨਹੀਂ ਮਨਾਇਆ।

ਅੱਜ ਦਾ ਜਨਰਲ ਇਜਲਾਸ ਭਾਰਤ ਸਰਕਾਰ ਤੋਂ ਮੰਗ ਕਰਦਾ ਹੈ ਕਿ ਉਹ ਪੰਜਾਬ, ਹਰਿਆਣਾ, ਹਿਮਾਚਲ, ਚੰਡੀਗੜ੍ਹ ਅਤੇ ਹੋਰ ਪੰਜਾਬੀ ਵਸੋਂ ਵਾਲੇ ਸੂਬਿਆਂ ਵਿੱਚ ਪੰਜਾਬੀ ਭਾਸ਼ਾ ਨੂੰ ਬਣਦਾ ਮਾਣ-ਸਤਿਕਾਰ ਦਿਵਾਉਣ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾਣ ਅਤੇ ਸਮੁੱਚੇ ਪੰਜਾਬੀਆਂ ਨੂੰ ਬੇਨਤੀ ਕਰਦਾ ਹੈ ਕਿ ਉਹ ਆਪਣੀ ਮਾਂ-ਬੋਲੀ ਪੰਜਾਬੀ ਨਾਲ ਜੁੜ ਕੇ ਬੋਲ-ਚਾਲ ਤੇ ਲਿਖਤ ਵਿੱਚ ਪੰਜਾਬੀ ਭਾਸ਼ਾ ਨੂੰ ਸਨਮਾਨਯੋਗ ਰੁਤਬਾ ਦੇਣ।

ਅੱਜ ਦਾ ਜਨਰਲ ਇਜਲਾਸ ਪੰਜਾਬ ਸਰਕਾਰ ਅਤੇ ਚੰਡੀਗੜ੍ਹ ਪ੍ਰਸ਼ਾਸਨ ਨੂੰ ਪੁਰਜ਼ੋਰ ਅਪੀਲ ਕਰਦਾ ਹੈ ਕਿ ਮਾਂ ਬੋਲੀ ਪੰਜਾਬੀ ਦਾ ਸਤਿਕਾਰ ਬਹਾਲ ਕਰਵਾਉਣ ਲਈ ਪਿਛਲੇ ਸਮੇਂ ਵਿੱਚ ਪੰਜਾਬੀ ਪ੍ਰੇਮੀਆਂ 'ਤੇ ਦਰਜ਼ ਕੀਤੇ ਕੇਸਾਂ ਨੂੰ ਰੱਦ ਕੀਤਾ ਜਾਵੇ।

(੧੧)

ਸ਼੍ਰੋਮਣੀ ਗੁ:ਪ੍ਰ:ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦਾ ਅੱਜ ਦਾ ਜਨਰਲ ਇਜਲਾਸ ਖੁਸ਼ੀ ਤੇ ਮਾਣ ਮਹਿਸੂਸ ਕਰਦਾ ਹੈ ਕਿ ਜਗਤ ਗੁਰੂ ਨਾਨਕ ਦੇਵ ਜੀ ਦਾ ੫੫੦ ਸਾਲਾ ਪ੍ਰਕਾਸ਼ ਗੁਰਪੁਰਬ ਜੋ ਸਾਲ ੨੦੧੯ ਵਿਚ ਆ ਰਿਹਾ ਹੈ, ਨੂੰ ਗੁ: ਜਨਮ ਅਸਥਾਨ ਨਨਕਾਣਾ ਸਾਹਿਬ (ਪਾਕਿਸਤਾਨ) ਗੁ: ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ, ਗੁ: ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ (ਗੁਰਦਾਸਪੁਰ) ਅਤੇ ਹੋਰ ਗੁ: ਸਾਹਿਬਾਨ ਵਿਖੇ ਵਿਸ਼ਵ ਪੱਧਰ 'ਤੇ ਮਨਾਇਆ ਜਾ ਰਿਹਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜਨਮ ਅਸਥਾਨ ਸ੍ਰੀ ਨਨਕਾਣਾ ਸਾਹਿਬ (ਪਾਕਿਸਤਾਨ) ਵਿਖੇ ਰਾਏ ਬੁਲਾਰ ਅਹਿਮਦ ਭੱਟੀ ਦੇ ਨਾਮਪੁਰ ਲਾਇਬ੍ਰੇਰੀ ਬਣਾਉਣ, ਸਿੱਖ ਮਿਊਜ਼ੀਅਮ ਸਥਾਪਤ ਕਰਨ, ਸਿੱਖ ਬੱਚਿਆਂ ਨੂੰ

ਗੁਰਮਤਿ ਸੰਗੀਤ ਦੀ ਸਿੱਖਿਆ ਦੇਣ ਲਈ ਭਾਈ ਮਰਦਾਨਾ ਜੀ ਦੇ ਨਾਮਪੁਰ ਅਕੈਡਮੀ ਸਥਾਪਿਤ ਕਰਨ ਪਾਕਿਸਤਾਨ ਵਿਖੇ ਸਿੱਖੀ ਦੇ ਪ੍ਰਚਾਰ ਲਈ ਸ਼੍ਰੋਮਣੀ ਗੁ:ਪ੍ਰ:ਕਮੇਟੀ ਦੀ ਵੈਬ-ਸਾਈਟ ਪੰਜਾਬੀ/ਗੁਰਮੁਖੀ ਅਤੇ ਅੰਗ੍ਰੇਜ਼ੀ ਦੇ ਨਾਲ ਸ਼ਾਹਮੁਖੀ ਲਿਪੀ ਵਿੱਚ ਵੀ ਤਿਆਰ ਕਰਨ ਦੀ ਪ੍ਰਵਾਨਗੀ ਦਿੱਤੀ ਜਾਂਦੀ ਹੈ।

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਅਨਿਨ ਸ਼ਰਧਾਲੂ ਰਾਏ ਬੁਲਾਰ ਅਹਿਮਦ ਭੱਟੀ ਦੀ ਤਸਵੀਰ ਕੇਂਦਰੀ ਸਿੱਖ ਅਜਾਇਬ ਘਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਲਗਾਈ ਜਾ ਰਹੀ ਹੈ।ਰਾਏ ਬੁਲਾਰ ਜੀ ਦੀ ਫੋਟੋ ਸਥਾਪਤੀ ਦੇ ਸਮਾਗਮ ਅਤੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ੫੫੦ ਸਾਲਾ ਗੁਰਪੁਰਬ ਦੇ ਸਮਾਗਮਾਂ ਸਮੇਂ ਰਾਏ ਬੁਲਾਰ ਜੀ ਦੇ ਪਰਿਵਾਰਕ ਮੈਂਬਰਾਂ ਤੇ ਪਾਕਿਸਤਾਨ ਵਿੱਚ ਰਹਿ ਰਹੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਸ਼ਰਧਾਲੂਆਂ ਦੇ ਇਨ੍ਹਾਂ ਸਮਾਗਮਾਂ ਵਿੱਚ ਸ਼ਾਮਿਲ ਹੋਣ 'ਤੇ ਨਿੱਘਾ ਸਵਾਗਤ ਕੀਤਾ ਜਾਵੇਗਾ।

(੧੨)

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਅੱਜ ਦਾ ਜਨਰਲ ਇਜਲਾਸ ਪਾਕਿਸਤਾਨ ਸਥਿਤ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦੇ ਖੁੱਲ੍ਹੇ ਦਰਸ਼ਨ-ਦੀਦਾਰਿਆਂ ਲਈ ਸੰਗਤੀ ਲਾਂਘੇ ਦੀ ਮੰਗ ਕਰਦਾ ਹੈ। ਗੁਰਦੁਆਰਾ ਕਰਤਾਰਪੁਰ ਸਾਹਿਬ ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਨਾਲ ਸਬੰਧਤ ਅਸਥਾਨ ਹੈ, ਜਿਸ ਨਾਲ ਸੰਗਤਾਂ ਦੀਆਂ ਭਾਵਨਾਵਾਂ ਜੁੜੀਆਂ ਹੋਈਆਂ ਹਨ। ਇਹ ਅਸਥਾਨ ਭਾਰਤ ਅੰਦਰ ਪੰਜਾਬ ਦੇ ਸਰਹੱਦੀ ਇਤਿਹਾਸਕ ਕਸਬਾ ਡੇਰਾ ਬਾਬਾ ਨਾਨਕ ਦੀ ਸਰਹੱਦ ਤੋਂ ਕੋਈ ੫-੬ ਮੀਲ ਦੀ ਦੂਰੀ 'ਤੇ ਸਥਿਤ ਹੋਣ ਕਾਰਨ ਸਾਫ਼ ਨਜ਼ਰ ਆਉਂਦਾ ਹੈ। ਭਾਰਤ ਦੀ ਸਰਹੱਦ ਤੋਂ ਇਸ ਪਵਿੱਤਰ ਸਥਾਨ ਦੇ ਦਰਸ਼ਨ ਕਰਨ ਲਈ ਰੋਜ਼ਾਨਾ ਵੱਡੀ ਗਿਣਤੀ ਵਿੱਚ ਸੰਗਤਾਂ ਪੁੱਜਦੀਆਂ ਹਨ। ਇਸ ਸਥਾਨ ਦੇ ਖੁੱਲ੍ਹੇ ਲਾਂਘੇ ਲਈ ਪਹਿਲਾਂ ਵੀ ਸ਼੍ਰੋਮਣੀ ਗੁ:ਪ:ਕਮੇਟੀ, ਸਮੇਂ-ਸਮੇਂ 'ਤੇ ਸਬੰਧਤ ਸਰਕਾਰਾਂ ਪਾਸੋਂ ਮੰਗ ਕਰਦੀ ਰਹੀ ਹੈ।

ਅੱਜ ਦਾ ਜਨਰਲ ਇਜਲਾਸ ਭਾਰਤ ਅਤੇ ਪਾਕਿਸਤਾਨ ਸਰਕਾਰ ਪਾਸੋਂ ਪੁਰਜ਼ੋਰ ਮੰਗ ਕਰਦਾ ਹੈ ਕਿ ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦੇ ੫੫੦ ਸਾਲਾ ਪੁਰਬ ਮਨਾਉਣ ਲਈ ਗੁਰ ਨਾਨਕ-ਨਾਮ ਲੇਵਾ ਸੰਗਤਾਂ ਨੂੰ ਵੱਧ ਤੋਂ ਵੱਧ ਵੀਜੇ ਦੇਣ ਅਤੇ ਪਾਕਿਸਤਾਨ ਸਥਿਤ ਗੁਰਧਾਮਾਂ ਦੇ ਦਰਸ਼ਨ- ਦੀਦਾਰਿਆਂ ਲਈ ਖੁੱਲ੍ਹਾ ਲਾਂਘਾ ਦਿੱਤਾ ਜਾਵੇ।

(੧੩)

ਸ਼੍ਰੋਮਣੀ ਗੁ:ਪ੍ਰ:ਕਮੇਟੀ ਦਾ ਅੱਜ ਦਾ ਜਨਰਲ ਇਜਲਾਸ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਚਰਨ-ਛੋਹ ਪ੍ਰਾਪਤ ਗੁਰਦੁਆਰਾ ਗੁਰੂ ਡਾਂਗਮਾਰ, ਚੁੰਗਥਾਂਗ (ਸਿੱਕਮ) ਵਿਚ ਗੁਰਦੁਆਰਾ ਸਾਹਿਬ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਰੂਪ ਨੂੰ ਚੁਕਵਾਉਣ, ਗੁਰਦੁਆਰਾ ਪੱਥਰ ਸਾਹਿਬ ਦੇ ਦੁਆਲੇ ਦੀਵਾਰ ਆਦਿ ਕਰਕੇ ਇਤਿਹਾਸਕ ਸਥਾਨ ਦੀ ਇਤਿਹਾਸਕਤਾ ਨੂੰ ਖਤਮ ਕਰਨ ਲਈ ਸਥਾਨਿਕ ਪੰਚਾਇਤ ਅਤੇ ਪ੍ਰਸਾਸ਼ਨ ਵੱਲੋਂ ਮਿਲ ਕੇ ਕੀਤੇ ਗਏ ਕੋਝੇ ਯਤਨ ਦੀ ਨਿਖੇਧੀ ਕਰਦਾ ਹੈ।

ਅੱਜ ਦਾ ਜਨਰਲ ਇਜਲਾਸ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਨਾਲ ਸਬੰਧਤ ਪਾਵਨ ਪਵਿੱਤਰ ਅਸਥਾਨ ਗੁਰਦੁਆਰਾ ਗੁਰੂ ਡਾਂਗਮਾਰ ਸਾਹਿਬ (ਸਿੱਕਮ) ਦੇ ਫਿਰਕਾਪ੍ਰਸਤ ਲੋਕਾਂ ਵੱਲੋਂ ਕੀਤੀ ਗਈ ਬੇ-ਹੁਰਮਤੀ, ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਤਿਕਾਰ ਨੂੰ ਲਗਾਈ ਢਾਹ ਅਤੇ ਸਿੱਖ ਮਰਿਯਾਦਾ ਤੇ ਪ੍ਰੰਪਰਾਵਾਂ ਦੀ ਕੀਤੀ ਗਈ ਘੋਰ ਉਲੰਘਣਾ ਦੀ ਸਖਤ ਸ਼ਬਦਾਂ ਵਿਚ ਨਿੰਦਾ ਕਰਦਾ ਹੈ। ਇਸ ਗੁਰੂ-ਘਰ ਦੀ ਹੋਈ ਘੋਰ ਬੇਅਦਬੀ ਸਬੰਧੀ ਸਿੱਕਮ ਹਾਈਕੋਰਟ ਵਿਖੇ ਕੇਸ ਕੀਤਾ ਗਿਆ ਹੈ ਅਤੇ ਨਿਆਂ ਪ੍ਰਣਾਲੀ ਪਾਸ ਇਨਸਾਫ ਦੀ ਮੰਗ ਕੀਤੀ ਜਾਂਦੀ ਹੈ।

ਅੱਜ ਦਾ ਜਨਰਲ ਇਜਲਾਸ ਗੁਰੂ-ਘਰ ਦੀ ਮਾਣ ਮਰਯਾਦਾ ਨੂੰ ਬਹਾਲ ਰੱਖਣ ਲਈ ਭਾਰਤ ਦੇ ਰਾਸ਼ਟਰਪਤੀ, ਪ੍ਰਧਾਨ ਮੰਤਰੀ ਅਤੇ ਸਿੱਕਮ ਦੇ ਗਵਰਨਰ ਤੇ ਮੁੱਖ ਮੰਤਰੀ ਪਾਸੋਂ ਮੰਗ ਕਰਦਾ ਹੈ ਕਿ ਗੁਰਦੁਆਰਾ ਸਾਹਿਬ ਦਾ ਪ੍ਰਬੰਧ ਸ਼੍ਰੋਮਣੀ ਗੁ:ਪ੍ਰ:ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਨੂੰ ਸੌਂਪਿਆ ਜਾਵੇ।

(੧੪)

ਸ਼੍ਰੋਮਣੀ ਗੁ:ਪ੍ਰ:ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦਾ ਅੱਜ ਦਾ ਜਨਰਲ ਇਜਲਾਸ ਸ਼੍ਰੋਮਣੀ ਗੁ:ਪ੍ਰ:ਕਮੇਟੀ ਦੇ ਪ੍ਰਬੰਧ ਅਧੀਨ ਚਲ ਰਹੇ ਗੁਰਦੁਆਰਾ ਸਾਹਿਬਾਨ ਦੀ ਆਮਦਨ ਪੁਰ ਭਾਰਤ ਸਰਕਾਰ ਵੱਲੋਂ ਲਗਾਏ ਜੀ.ਐਸ.ਟੀ. ਦੀ

ਨਿੰਦਾ ਕਰਦਾ ਹੈ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਜਿਥੇ ਰੋਜ਼ਾਨਾ ਲੱਖਾਂ ਦੀ ਗਿਣਤੀ ਵਿਚ ਸਿੱਖ ਸ਼ਰਧਾਲੂ, ਯਾਤਰੂ ਤੇ ਵੱਖ-ਵੱਖ ਧਰਮਾਂ ਨਾਲ ਸਬੰਧਤ ਪ੍ਰੇਮੀ ਨਤ-ਮਸਤਕ ਹੁੰਦੇ ਹਨ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ ਦੇ ਗੁਰੂ ਰਾਮਦਾਸ ਲੰਗਰ ਵਿੱਚ ਰੋਜ਼ਾਨਾ ਇੱਕ ਲੱਖ ਤੋਂ ਵੱਧ ਸੰਗਤਾਂ ਪ੍ਰਸ਼ਾਦਾ ਛਕਦੀਆਂ ਹਨ। ਇਸ ਤੋਂ ਇਲਾਵਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਵੱਲੋਂ ਦੇਸ਼-ਵਿਦੇਸ਼ ਵਿਚ ਕੁਦਰਤੀ ਆਫਤਾਂ ਦੌਰਾਨ ਬਿਨਾਂ ਕਿਸੇ ਭੇਦ-ਭਾਵ ਦੇ ਵੱਧ ਚੜ੍ਹ ਕੇ ਲੋਕਾਂ ਦੀ ਹਰ ਪੱਖ ਤੋਂ ਮਦਦ ਕੀਤੀ ਜਾਂਦੀ ਹੈ। ਗੁਰਦੁਆਰਾ ਸਾਹਿਬਾਨ ਦੀ ਆਮਦਨ ਸੰਗਤਾਂ ਵੱਲੋਂ ਕੀਤੇ ਦਾਨ ਉਪਰ ਹੀ ਨਿਰਭਰ ਹੈ। ਜੀ.ਐਸ.ਟੀ. ਲਗਾਉਣ ਨਾਲ ਗੁਰਦੁਆਰਾ ਸਾਹਿਬਾਨ ਦਾ ਮਾਇਕ ਤੌਰ 'ਤੇ ਨੁਕਸਾਨ ਹੋ ਰਿਹਾ ਹੈ।

ਅੱਜ ਦਾ ਜਨਰਲ ਇਜਲਾਸ ਭਾਰਤ ਸਰਕਾਰ ਤੋਂ ਸ਼੍ਰੋਮਣੀ ਗੁ:ਪ੍ਰ:ਕਮੇਟੀ ਦੇ ਪ੍ਰਬੰਧ ਅਧੀਨ ਚਲਦੇ ਗੁਰਦੁਆਰਾ ਸਾਹਿਬਾਨ 'ਤੇ ਜੀ.ਐਸ.ਟੀ. ਤੋਂ ਛੋਟ ਦੇਣ ਦੀ ਪੁਰਜ਼ੋਰ ਮੰਗ ਕਰਦਾ ਹੈ।

(੧੫)

ਸ਼੍ਰੋਮਣੀ ਗੁ:ਪ੍ਰ:ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦਾ ਅੱਜ ਦਾ ਜਨਰਲ ਇਜਲਾਸ ਸ਼੍ਰੋਮਣੀ ਗੁ:ਪ੍ਰ:ਕਮੇਟੀ ਦੇ ਪ੍ਰਬੰਧ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ੦੫ ਨਵੰਬਰ ੨੦੧੬ ਤੋਂ ਅੰਤ੍ਰਿੰਗ ਕਮੇਟੀ, ਐਜੂਕੇਸ਼ਨ ਕਮੇਟੀ ਅਤੇ ਧਰਮ ਪ੍ਰਚਾਰ ਕਮੇਟੀ, ਜਿੰਨ੍ਹਾਂ ਮੀਟਿੰਗਾਂ ਦੀ ਪੁਸ਼ਟੀ ਹੋ ਚੁੱਕੀ ਸੀ ਰਾਹੀਂ ਕੀਤੇ ਕਾਰਜਾਂ ਦੀ ਪੁਸ਼ਟੀ ਕੀਤੀ ਜਾਂਦੀ ਹੈ।

ਉਪਰੋਕਤ ਪੇਸ਼ ਹੋਏ ਮਤਿਆਂ ਦੀ ਹਾਊਸ ਵਿਚ ਹਾਜ਼ਰ ਮੈਂਬਰ ਸਾਹਿਬਾਨ ਵਲੋਂ 'ਬੋਲੇ ਸੋ ਨਿਹਾਲ, ਸਤਿ ਸ੍ਰੀ ਅਕਾਲ' ਦੇ ਜੈਕਾਰਿਆਂ ਦੀ ਗੂੰਜ ਵਿਚ ਸਰਬਸੰਮਤੀ ਨਾਲ ਪ੍ਰਵਾਨਗੀ ਦਿੱਤੀ ਗਈ।

ਸ੍ਰ. ਗੋਬਿੰਦ ਸਿੰਘ ਜੀ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਹਾਊਸ ਨੂੰ ਸੰਬੋਧਨ ਕਰਦਿਆਂ ਬੇਨਤੀ ਕੀਤੀ ਕਿ ਮੈਂ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਕੋਟਾਨ-ਕੋਟ ਧੰਨਵਾਦ ਕਰਦਾ ਹਾਂ ਕਿ ਪਾਤਸ਼ਾਹ ਨੇ ਨਿਮਾਣੇ ਜਿਹੇ ਸਿੱਖ ਨੂੰ ਸਿੱਖ ਪੰਥ ਦੀ ਸਿਰਮੌਰ ਜਥੇਬੰਦੀ ਜੋ ਸਿੱਖਾਂ ਦੀ ਪਾਰਲੀਮੈਂਟ ਹੈ ਦਾ ਪ੍ਰਧਾਨ ਚੁਣੇ ਜਾਣ ਦਾ ਮਾਣ ਬਖਸ਼ਿਆ ਹੈ, ਇਸ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਦੇ ਸਮੂਹ ਮੈਂਬਰ ਸਾਹਿਬਾਨ ਦਾ ਤਹਿ ਦਿਲੋਂ ਧੰਨਵਾਦ ਕਰਦਾ ਹਾਂ।

ਇਜਲਾਸ ਦੀ ਕਾਰਵਾਈ ਮੁਕੰਮਲ ਹੋਣ ਤੇ ਅਨੰਦ ਸਾਹਿਬ ਦਾ ਪਾਠ ਕਰਨ ਉਪਰੰਤ ਸਮਾਪਤੀ ਦੀ ਅਰਦਾਸ ਭਾਈ ਸੁਲਤਾਨ ਸਿੰਘ ਅਰਦਾਸੀਆ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ ਨੇ ਕੀਤੀ ਅਤੇ ਸਮਾਪਤੀ ਦਾ ਹੁਕਮਨਾਮਾ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਮੁੱਖ ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ ਨੇ ਲਿਆ। ਮੁੱਖ ਵਾਕ ਆਇਆ:-

**ਸੋਰਠਿ ਮਹਲਾ ੫ ॥**
**ਅਬਿਨਾਸੀ ਜੀਅਨ ਕੋ ਦਾਤਾ ਸਿਮਰਤ ਸਭ ਮਲੁ ਖੋਈ ॥**
**ਗੁਣ ਨਿਧਾਨ ਭਗਤਨ ਕਉ ਬਰਤਨਿ ਬਿਰਲਾ ਪਾਵੈ ਕੋਈ ॥੧॥**

(ਅੰਗ ੬੧੭-੧੮)

ਇਸ ਉਪਰੰਤ ਇਕੱਤਰਤਾ ਸਮਾਪਤ ਹੋਈ।

ਸਹੀ/-
ਰੂਪ ਸਿੰਘ (ਡਾ.)
ਮੁੱਖ ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

ੴ ਸ੍ਰੀ ਵਾਹਿਗੁਰੂ ਜੀ ਕੀ ਫ਼ਤਹਿ॥

# ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

## ਚਿੱਠਾ ਆਮਦਨ/ਖਰਚ ਧਰਮ ਪ੍ਰਚਾਰ ਕਮੇਟੀ, ਮਹੀਨਾ ਅਗਸਤ ੨੦੧੭

| ਸੀ: ਨੰ: | ਨਾਮ ਖਾਤਾ | ਪੰਨਾ | ਨਾਮ | ਜਮ੍ਹਾਂ |
|---|---|---|---|---|
| ੧ | ਧਾਰਮਿਕ ਫੰਡ ੮੫ | ੧੩ | | ੨੯੭੮੨੫੦੫.੫੦ |
| ੨ | ਧਾਰਮਿਕ ਫੰਡ ੮੭ | ੪੫ | | ੧੩੩੮੮੮੫.੦੦ |
| ੩ | ਪ੍ਰਚਾਰ ਸਹਾਇਤਾ | ੭੦ | ੧੪੦੦.੦੦ | ੧੮੦੬੫੦.੫੦ |
| ੪ | ਲਿਟਰੇਚਰ ਭੇਟਾ ਰਹਿਤ ਡਾਇਰੀਆਂ, ਕੈਲੰਡਰ, ਸੇਵਾਫਲ ਖਰੜੇ ਆਦਿ (ਛਪਾਈ ਤੇ ਖ੍ਰੀਦ) | ੯੩ | ੧੮੭੪੩੮੫.੦੦ | |
| ੫ | ਲਿਟਰੇਚਰ ਫੁੱਟਕਲ | ੧੦੩ | ੯੪੮੪.੦੦ | |
| ੬ | ਧਾਰਮਿਕ ਪ੍ਰੀਖਿਆ ਵਜੀਫੇ | ੧੧੯ | ੪੪੯੧੭੨.੦੦ | ੬੮੦.੦੦ |
| ੭ | ਪੱਤਰ ਵਿਹਾਰ ਕੋਰਸ ਤੇ ਖੋਜ ਕੇਂਦਰ | ੧੭੨ | ੨੯੬੫੦੬.੦੦ | ੨੧੪੦੦.੦੦ |
| ੮ | ਧਰਮ ਤੇ ਅੰਮ੍ਰਿਤ ਪ੍ਰਚਾਰ | ੧੯੫ | ੩੧੭੮੮੬.੦੦ | |
| ੯ | ਗੁਰਮਤਿ ਪ੍ਰਕਾਸ਼ (ਪੰਜਾਬੀ ਮਾਸਿਕ ਪੱਤਰ) | ੨੨੯ | ੧੩੪੩੬੪੯.੦੦ | ੩੨੩੫੦.੦੦ |
| ੧੦ | ਗੁਰਮਤਿ ਗਿਆਨ ਹਿੰਦੀ | ੨੭੨ | ੨੬੧੮੯੩.੦੦ | ੩੮੪੦.੦੦ |
| ੧੧ | ਸਟੇਸ਼ਨਰੀ ਛਪਾਈ | ੨੯੧ | ੫੭੭੫.੦੦ | |
| ੧੨ | ਤਨਖ਼ਾਹ ਸਟਾਫ ਦਫ਼ਤਰ | ੨੯੬ | ੩੬੩੯੪੯੧.੦੦ | |
| ੧੩ | ਤਨਖ਼ਾਹ ਸਟਾਫ਼ ਲਿਟਰੇਚਰ ਅਤੇ ਕਮਿਸ਼ਨ ਆਦਿ | ੩੦੬ | ੪੮੫੭੧੬.੦੦ | |
| ੧੪ | ਤਨਖ਼ਾਹ ਤੇ ਸਫਰ ਖ਼ਰਚ ਅਲਾਊਂਸ ਡਰਾਈਵਰਜ਼ | ੩੧੫ | ੭੦੨੮੭੬.੦੦ | |
| ੧੫ | ਤਨਖ਼ਾਹ ਧਾਰਮਿਕ ਟੀਚਰ | ੩੨੨ | ੬੯੬੨੩੧.੦੦ | |
| ੧੬ | ਡਾਕ ਤੇ ਤਾਰ ਖ਼ਰਚ | ੩੨੮ | ੫੪੮੭.੦੦ | |
| ੧੭ | ਫਿਲਮਾਂ ਰਾਹੀਂ ਪ੍ਰਚਾਰ (ਤਨਖ਼ਾਹ ਫਿਲਮ ਉਪਰੇ:, ਮੁੰਰ: ਤੇ ਸ:ਖ: ਆਦਿ) | ੩੪੧ | ੨੫੮੧੪੪.੦੦ | |
| ੧੮ | ਖ਼ਰਚ ਗੱਡੀਆਂ (ਤੇਲ ਤੇ ਮੁਰੰਮਤਾਂ) | ੩੬੩ | ੧੫੨੪੨੯.੦੦ | |
| ੧੯ | ਟੈਲੀਫੋਨ | ੩੮੯ | ੨੧੭੯੦.੦੦ | |
| ੨੦ | ਮੁਰੰਮਤ ਸਮਾਨ ਦਫ਼ਤਰ | ੪੦੪ | ੧੪੯੬੪.੦੦ | |
| ੨੧ | ਐਂਟਰਟੇਨਮੈਂਟ | ੪੧੬ | ੧੧੨੬੧.੦੦ | |

| | | | |
|---|---|---|---|
| ੨੨ ਵਰਦੀਆਂ ਮੁਲਾਜਮਾਂ | ੪੨੨ | ੧੦੯੫੮੨.੦੦ | |
| ੨੩ ਸਫ਼ਰ ਖ਼ਰਚ ਮੁਲਾਜਮਾਂ | ੪੩੭ | ੨੫੩੪੪.੦੦ | |
| ੨੪ ਫੁਟਕਲ ਦਫਤਰ ਤੇ ਰੋਸ਼ਨੀ | ੪੫੨ | ੨੦੧੨੬.੦੦ | |
| ੨੫ ਬੀਮਾ ਗੱਡੀਆਂ ਤੇ ਕੈਸ਼ | ੪੭੪ | ੭੯੫੪੪.੦੦ | |
| ੨੬ ਗਰੈਚੁਇਟੀ ਤੇ ਛੁੱਟੀਆਂ ਆਦਿ (ਸ਼੍ਰੋਮਣੀ ਕਮੇਟੀ ਨੂੰ) | ੫੨੩ | ੫੦੦੦੦੦੦.੦੦ | |
| ੨੭ ਸ਼ਤਾਬਦੀਆਂ ਸਮਾਰੋਹ | ੫੨੮ | ੮੦੯੯.੦੦ | |
| ੨੮ ਸ਼ਹੀਦ ਸਿੱਖ ਮਿਸ਼ਨਰੀ ਕਾਲਜ ਅੰਮ੍ਰਿਤਸਰ ਅਤੇ ਸੰਤ ਫਤਹਿ ਸਿੰਘ ਸੰਤ ਚੰਨਣ ਸਿੰਘ ਬੁੱਢਾ ਜੋਹੜ | ੫੮੨ | ੮੯੦੭੧੧.੦੦ | ੨੬੮੬੨.੦੦ |
| ੨੯ ਗੁਰੂ ਕਾਸ਼ੀ ਗੁ: ਇੰਸ: ਤਲਵੰਡੀ ਸਾਬੋ ਕੀ (ਬਠਿੰਡਾ) | ੫੯੯ | ੩੮੨੫੬੬.੦੦ | ੮੫੬੬.੦੦ |
| ੩੦ ਭਾਈ ਗੁਰਦਾਸ ਵਿਦਿਆਲਾ ਜੁਬਲੀ ਧਰਮਸ਼ਾਲਾ ਫ਼ਿਰੋਜਪੁਰ | ੬੧੨ | ੮੩੪੯੩.੦੦ | |
| ੩੧ ਗੁਰਮਤਿ ਸੰਗੀਤ ਅਕੈਡਮੀ (ਸ੍ਰੀ ਅਨੰਦਪੁਰ ਸਾਹਿਬ) | ੬੨੧ | ੪੩੫੫੫੩.੦੦ | |
| ੩੨ ਸਬ ਆਫਿਸ (ਸ੍ਰੀ ਅਨੰਦਪੁਰ ਸਾਹਿਬ) | ੬੨੬ | ੧੮੯੫.੦੦ | |
| ੩੩ ਗੁਰ:ਸੰਗੀਤ ਵਿਦਿਆਲੇ:(ਬਾਦੀਆਂ ਮੁਕਤਸਰ ਸਾਹਿਬ, ਭੂਰਾ ਕੋਹਨਾ ,ਕਾਲਾਮਾਲਾ ਸੰਗਰੂਰ ) ਤਨ:,ਸ:ਖ: ਤੇ ਫੁਟ:ਆਦਿ | ੬੩੪ | ੩੯੩੬੩੪.੦੦ | |
| ੩੪ ਗੁਰਮਤਿ ਕਾਲਜ (ਸੁਲਤਾਨਪੁਰ ਲੋਧੀ, ਬਾਬਾ ਦੀਪ ਸਿੰਘ ਬਰਨਾਲਾ ਤੇ ਡੇਰਾ ਬਾਬਾ ਨਾਨਕ, ਭਾਈ ਗੁਰਦਾਸ ਵਿਦਿ: ਆਲਮਗੀਰ) ਤਨਖ਼ਾਹਾਂ,ਸਫ਼ਰ ਖ਼ਰਚ ਤੇ ਫੁਟਕਲ ਆਦਿ | ੬੫੨ | ੪੯੦੩੮੯.੦੦ | ੬੮੦.੦੦ |
| ੩੫ ਬੇਬੇ ਨਾਨਕੀ ਗੁਰਮਤਿ ਸੰਗੀਤ ਅਕੈਡਮੀ ਸ੍ਰੀ ਅੰਮ੍ਰਿਤਸਰ | ੬੭੨ | ੫੦੨੧੭.੦੦ | |
| ੩੬ ਜਥੇ:ਗੁਰਚਰਨ ਸਿੰਘ ਟੌਹੜਾ ਇੰਸੀ: ਆਫ ਐਡਵਾਂਸ ਸਿੱਖ ਸਟੱਡੀਜ, (ਤਨਖ਼ਾਹਾਂ,ਆਨਰੇਰੀਅਮ ਤੇ ਫੁਟਕਲ ਆਦਿ) | ੬੭੯ | ੫੦੩੨੧੮.੦੦ | |
| ੩੭ ਤਨਖ਼ਾਹ ਪ੍ਰਚਾਰਕ, ਢਾਡੀ ਤੇ ਕਵੀਸ਼ਰ ਸਾਹਿਬਾਨ ਪੰਜਾਬ ਪ੍ਰਚਾਰ | ੭੦੪ | ੫੦੬੭੫੩੬.੦੦ | ੪੦੦੦੦.੦੦ |
| ੩੮ ਸਫ਼ਰ ਖ਼ਰਚ ਪ੍ਰਚਾਰਕ, ਢਾਡੀ ਤੇ ਕਵੀਸ਼ਰ ਸਾਹਿਬਾਨ | | | |

| | | | | |
|---|---|---|---|---|
| | ਪੰਜਾਬ ਪ੍ਰਚਾਰ | ੭੧੯ | ੨੪੯੯੪੬.੦੦ | ੧੦੬੬੦.੦੦ |
| ੩੯ | ਦੀਵਾਨ ਮੇਲੇ ਤੇ ਕੈਂਪਸ ਪੰਜਾਬ ਪ੍ਰਚਾਰ, ਨਸ਼ਾ ਮੁਕਤੀ ਮੁਹਿੰਮ ਅਤੇ ਗੁਰਮਤਿ ਦਸਤਾਰ ਸਮਾਗਮ | ੭੫੬ | ੧੦੬੨੫੭੪.੦੦ | |
| ੪੦ | ਫੁਟਕਲ  ਖ਼ਰਚ ਪੰਜਾਬ ਪ੍ਰਚਾਰ | ੭੬੩ | ੦.੦੦ | ੫੦੦੦.੦੦ |
| ੪੧ | ਸਟਾਕ ਲਿਟਰੇਚਰ, ਡਾਇਰੀ, ਕੈਲੰਡਰ ਆਦਿ (ਛਪਾਈ) ਪੂੰਜੀਗਤ ਖ਼ਰਚੇ | ੭੭੩ | ੩੦੪੭੩੬.੦੦ | ੧੩੭੨੧੩.੦੦ |
| ੪੨ | ਨਵੀਆਂ ਗੱਡੀਆਂ | ੮੦੬ | | ੧੦੩੫੦੦੦.੦੦ |
| ੪੩ | ਇਮਾਰਤ ਦਫ਼ਤਰ ਧਰਮ ਪ੍ਰਚਾਰ ਕਮੇਟੀ | ੮੧੯ | ੧੫੦੦੦੦.੦੦ | |
| ੪੪ | ਇਮਾਰਤ ਗੁ: ਇੰਸ: ਤਲਵੰਡੀ ਸਾਬੋ ਕੀ (ਬਠਿੰਡਾ) (ਸੀਮਿੰਟ) | ੮੨੪ | ੮੨੫੦੦.੦੦ | |
| ੪੫ | ਇਮਾਰਤ ਗੁ: ਇੰਸ: ਤਲਵੰਡੀ ਸਾਬੋ ਕੀ (ਬਠਿੰਡਾ) | ੮੨੫ | ੬੦੦.੦੦ | |
| ੪੬ | ਇਮਾਰਤ ਖ਼ਾਲਸਾ ਸਕੂਲ ਚਿੱਟੀ ਸਿੰਘਪੁਰਾ ਅਨੰਤ ਨਾਗ ਜੰਮੂ ਕਸ਼ਮੀਰ (ਸੀਮਿੰਟ) | ੮੭੦ | ੧੬੬੬੮੦.੦੦ | |
| ੪੭ | ਸਮਾਨ ਦਫ਼ਤਰ ਧਰਮ ਪ੍ਰਚਾਰ | ੮੮੫ | ੨੮੫੯੭.੦੦ | |
| ੪੮ | ਸਮਾਨ  ਜਥੇ:ਗੁਰਚਰਨ ਸਿੰਘ ਟੌਹੜਾ ਇੰਸੀ: ਬਹਾਦਰਗੜ੍ਹ ਪਟਿਆਲਾ | ੯੦੩ | ੬੮੧੮੦.੦੦ | |
| ੪੯ | ਸਮਾਨ ਗੁ: ਭਗਤ ਕਬੀਰ ਜੀ ਮਗਹਰ ਗੋਰਖਪੁਰ ਯੂ.ਪੀ. | ੯੦੬ | ੭੪੭੭੦.੦੦ | |
| ੫੦ | ਸਮਾਨ ਗੁਰਮਤਿ ਸੰ: ਵਿਦਿਆਲਾ ਕਾਲਾਮਾਲਾ (ਸੰਗਰੂਰ) | ੯੧੫ | ੨੨੦੦.੦੦ | |
| ੫੧ | ਸਮਾਨ ਭਾਈ ਨਗਾਈਆ ਜੀ ਪਬ:ਸਕੂਲ ਫਾਰ ਡੈਫ ਆਲਮਗੀਰ ਲੁਧਿਆਣਾ | ੯੪੬ | ੧੦੬੬੦੬.੦੦ | |
| ੫੨ | ਕਿਤਾਬਾਂ ਜਥੇ:ਗੁਰਚਰਨ ਸਿੰਘ ਟੌਹੜਾ ਇੰਸਟੀ: ਬਹਾਦਰਗੜ੍ਹ,ਪਟਿਆਲਾ | ੯੨੬ | ੨੦੪੭.੦੦ | |
| ੫੩ | ਕਿਤਾਬਾਂ ਭਾਈ ਨਗਾਈਆ ਜੀ ਪਬ:ਸਕੂਲ ਫਾਰ ਡੈਫ ਆਲਮਗੀਰ ਲੁਧਿਆਣਾ | ੯੫੪ | ੩੦੯੦.੦੦ | |
| ੫੪ | ਕਰਜਾ ਖ਼੍ਰੀਦ ਜਮੀਨ (ਗੁ:ਸ੍ਰੀ ਮੰਜੀ ਸਾਹਿਬ ਲਸ਼ਕਰੀ ਕੋਟਾਂ ਲੁਧਿਆਣਾ) ਸ੍ਰੀ ਦਰਬਾਰ ਸਾਹਿਬ | | | |

| | | | | |
|---|---|---|---|---|
| | ਸ੍ਰੀ ਅੰਮ੍ਰਿਤਸਰ | ੯੩੬ | | ੧੯੭੦੦੦੦੦.੦੦ |
| ੫੫ | ਤਨਖ਼ਾਹ ਤੇ ਸਫ਼ਰ ਖਰਚ ਸਟਾਫ਼ ਹਰਿਆਣਾ ਸਿੱਖ ਮਿਸ਼ਨ, ਕੁਰੂਕਸ਼ੇਤਰ | ੧੦੦੩ | ੪੪੯੦੦੬.੦੦ | |
| ੫੬ | ਫੁਟਕਲ ਦਫ਼ਤਰ ਹਰਿਆਣਾ ਸਿੱਖ ਮਿਸ਼ਨ | ੧੦੧੦ | ੯੫੧੩੯.੦੦ | |
| ੫੭ | ਦੀਵਾਨ, ਮੇਲੇ, ਕੈਂਪਸ ਤੇ ਫਿਲਮਾਂ ਰਾਹੀਂ ਪ੍ਰਚਾਰ ਹਰਿਆਣਾ ਸਿੱਖ ਮਿਸ਼ਨ | ੧੦੨੧ | ੭੩੭੫੬.੦੦ | |
| ੫੮ | ਖ਼ਰਚ ਗੱਡੀਆਂ ਹਰਿਆਣਾ ਸਿੱਖ ਮਿਸ਼ਨ | ੧੦੨੭ | ੪੭੩੦.੦੦ | |
| ੫੯ | ਗੁਰ:ਵਿਦਿਆਲਾ ਸ਼ੇਖੂਪੁਰਾ ਮੰਚੂਰੀ, ਕਰਨਾਲ ਤਨ:,ਵਜੀ:,ਸ:ਖਰਚ ਤੇ ਫੁਟ: | ੧੦੩੭ | ੧੦੫੭੭੯.੦੦ | |
| ੬੦ | ਤਨਖ਼ਾਹ ਤੇ ਸਫ਼ਰ ਖ਼ਰਚ ਸਟਾਫ਼ (ਰੋਸ਼ਨੀ,ਬਿੱਲ ਅਤੇ ਫੁਟਕਲ ਆਦਿ) ਹਿਮਾਚਲ ਪ੍ਰਦੇਸ਼ ਸਿੱਖ ਮਿਸ਼ਨ (ਗੁ: ਪਲਾਹ ਸਾਹਿਬ, (ਊਨਾ) | ੧੦੪੮ | ੧੩੧੩੮੨.੦੦ | |
| ੬੧ | ਤਨਖ਼ਾਹ ਤੇ ਸਫ਼ਰ ਖ਼ਰਚ ਸਟਾਫ਼ (ਰੋਸ਼ਨੀ,ਬਿੱਲ ਅਤੇ ਫੁਟਕਲ ਆਦਿ) ਰਾਜਸਥਾਨ ਸਿੱਖ ਮਿਸ਼ਨ (ਬੁਢਾ ਜੌਹੜ) | ੧੦੫੯ | ੬੬੮੬੦.੦੦ | |
| ੬੨ | ਤਨ:ਸਫ਼ਰ ਖ਼ਰਚ ਸਟਾਫ਼ ਯੂ:ਪੀ:,ਦਿੱਲੀ ਅਤੇ ਮੱਧ ਪ੍ਰਦੇਸ਼ ਮਿਸ਼ਨ | ੧੦੭੦ | ੧੧੩੫੧੦੨.੦੦ | |
| ੬੩ | ਦੀਵਾਨ,ਮੇਲੇ,ਕੈਂਪਸ, ਫਿਲਮਾਂ ਰਾਹੀਂ ਪ੍ਰਚਾਰ ਅਤੇ ਗੁਰਮਤਿ ਦਸਤਾਰ ਸਮਾਗਮ,ਖਰਚ ਗੱਡੀਆਂ ਯੂ:ਪੀ:, ਦਿੱਲੀ ਅਤੇ ਮੱਧ ਪ੍ਰਦੇਸ਼ ਸਿੱਖ ਮਿਸ਼ਨ | ੧੦੮੧ | ੬੭੫੯੦.੦੦ | |
| ੬੪ | ਮੁਰੰਮਤ ਇਮਾ: ਹਾਪੜ ਅਤੇ ਅਲੀਗੜ ਯੂ:ਪੀ:, ਦਿੱਲੀ ਅਤੇ ਮੱਧ ਪਦੇਸ਼ ਮਿਸ਼ਨ | ੧੦੯੩ | ੪੫੫੬੩.੦੦ | |
| ੬੫ | ਟੈਕਸਿਸ ਹਾਊਸ ਤੇ ਪਾਣੀ ਅਤੇ ਬਿੱਲ ਬਿਜਲੀ ਮੁਰੰਮਤ ਸਮਾਨ ਯੂ:ਪੀ:, ਦਿੱਲੀ ਅਤੇ ਮੱਧ ਪ੍ਰਦੇਸ਼ ਸਿੱਖ ਮਿਸ਼ਨ | ੧੦੯੬ | ੪੦੦੬੯.੦੦ | ੧੩੧੪੬.੦੦ |
| ੬੬ | ਫੁੱਟਕਲ ਦਫ਼ਤਰ ਯੂ:ਪੀ:, ਦਿੱਲੀ ਅਤੇ ਮੱਧ ਪ੍ਰਦੇਸ਼ ਸਿੱਖ ਮਿਸ਼ਨ | ੧੧੦੨ | ੧੨੫੨੨.੦੦ | |
| ੬੭ | ਸ੍ਰੀ ਗੁਰੂ ਰਾਮ ਦਾਸ ਜੀ ਗੁਰਮਤਿ ਵਿਦਿਆਲਾ | | | |

| | | | |
|---|---|---|---|
| | ਸ਼ਾਹਜਹਾਨਪੁਰ ਯੂ.ਪੀ. | ੧੧੧੨ | ੧੯੦੯੬੩.੦੦ |
| ੬੮ | ਗੁਰਦੁਆਰਾ ਗੁਰੂ ਨਾਨਕ ਦਰਬਾਰ ਯੂ:ਪੀ: | ੧੧੨੦ | ੪੬੮੨੦.੦੦ |
| ੬੯ | ਗੁਰ: ਸਾਹਿਬਾਨ ਨੱਕਾ ਕੂਆਂ,ਸੰਤ ਸਭਾ ਨਗੀਨਾ, ਬ੍ਰਿੰਦਾਬਨ,ਗੜਮੁਕਤੇਸਰ ਯੂ:ਪੀ: | ੧੧੨੮ | ੨੩੧੫੮.੦੦ |
| ੭੦ | ਸੰਗੀਤ ਵਿਦਿਆਲਾ ਬਗੜੀ ਗਜਰੋਲਾ ਯੂ:ਪੀ: | ੧੧੩੬ | ੭੦੬੧.੦੦ |
| ੭੧ | ਗੁ: ਭਗਤ ਕਬੀਰ ਜੀ ਮਗਹਰ ਗੋਰਖਪੁਰ ਯੂ.ਪੀ. | ੧੧੩੮ | ੪੦੨੮੭.੦੦ |
| ੭੨ | ਗੁਰਦੁਆਰਾ ਸਾਹਿਬਾਨ ਪਿੰਡ ਸਾਦੂਲਾਪੁਰ (ਲੋਧੀ ਕੋਠੀ) ਯੂ:ਪੀ: | ੧੧੪੧ | ੫੭੦.੦੦ |
| ੭੩ | ਤਨਖ਼ਾਹ ਤੇ ਸਫ਼ਰ ਖ਼ਰਚ ਸਟਾਫ਼ ਪੂਰਬੀ ਭਾਰਤ ਸਿੱਖ ਮਿਸ਼ਨ (ਕਲਕੱਤਾ) ਅਤੇ ਉੜੀਸਾ ਮਿਸ਼ਨ (ਬਿੱਲ ਫੁਟਕਲ ਆਦਿ)ਅਹਿਮਦਾਬਾਦ, ਗੁਜਰਾਤ | ੧੧੫੨ | ੪੭੬੫੨.੦੦ |
| ੭੪ | ਦੀਵਾਨ, ਮੇਲੇ, ਕੈਂਪਸ ਤੇ ਫ਼ਿਲਮਾਂ ਰਾਹੀਂ ਪ੍ਰਚਾਰ, ਗੁਰਮਤਿ ਦਸਤਾਰ ਸਮਾਗਮ, ਪੂਰਬੀ ਭਾਰਤ ਸਿੱਖ ਮਿਸ਼ਨ (ਕਲਕੱਤਾ) ਅਤੇ ਉੜੀਸਾ ਮਿਸ਼ਨ | ੧੧੬੧ | ੨੩੮੫.੦੦ |
| ੭੫ | ਤਨ: ਤੇ ਸਫ਼ਰ ਖ਼ਰਚ ਸਟਾਫ਼ ਛਤੀਸਗੜ੍ਹ ਸ਼ਿੱਖ ਮਿਸ਼ਨ ਬਿੱਲ ਫੁਟਕਲ ਆਦਿ | ੧੧੬੪ | ੧੩੨੩੬੬.੦੦ |
| ੭੬ | ਦੀਵਾਨ, ਮੇਲੇ, ਕੈਂਪਸ ਤੇ ਫ਼ਿਲਮਾਂ ਰਾਹੀਂ ਪ੍ਰਚਾਰ, ਗੁਰਮਤਿ ਦਸਤਾਰ ਸਮਾਗਮ ਛੱਤੀਸਗੜ੍ਹ ਮਿਸ਼ਨ | ੧੧੭੩ | ੨੭੫੫.੦੦ |
| ੭੭ | ਗੁਰੂ ਨਾਨਕ ਦੇਵ ਗੁ:ਵਿਦਿ: ਛੱਤੀਸਗੜ੍ਹ ਮਿਸ਼ਨ (ਤਨ:ਸਫਰ ਖਰਚ ਅਤੇ ਬਿੱਲ ਆਦਿ) | ੧੧੭੮ | ੧੮੭੯੮੮.੦੦ |
| ੭੮ | ਤਨਖ਼ਾਹ ਤੇ ਸਫ਼ਰ ਖ਼ਰਚ ਸਟਾਫ਼ ਜੰਮੂ-ਕਸ਼ਮੀਰ ਸਿੱਖ ਮਿਸ਼ਨ | ੧੧੯੦ | ੧੩੪੩੫੨.੦੦ |
| ੭੯ | ਦੀਵਾਨ, ਮੇਲੇ, ਕੈਂਪਸ ਤੇ ਫਿਲਮਾਂ ਰਾਹੀਂ ਪ੍ਰਚਾਰ, ਗੁਰਮਤਿ ਦਸਤਾਰ ਸਮਾਗਮ ਜੰਮੂ ਕਸ਼ਮੀਰ ਸਿੱਖ ਮਿਸ਼ਨ | ੧੨੦੦ | ੧੧੭੯੫.੦੦ |
| ੮੦ | ਫੁਟਕਲ ਦਫ਼ਤਰ ਲੰਗਰ (ਆਉ ਭਗਤ) ਜੰਮੂ ਕਸ਼ਮੀਰ ਸਿੱਖ ਮਿਸ਼ਨ | ੧੨੦੬ | ੩੮੬੦.੦੦ |
| ੮੧ | ਤਨਖ਼ਾਹ ਤੇ ਸਫ਼ਰ ਖ਼ਰਚ ਸਟਾਫ਼ ਉਤਰਾਂਚਲ | | |

| | | | |
|---|---|---|---|
| ਸਿੱਖ ਮਿਸ਼ਨ ,ਫੁਟਕਲ ਆਦਿ(ਕਾਸ਼ੀਪੁਰ) | ੧੨੧੩ | ੩੪੫੦੪੨.੦੦ | |
| ੮੨ ਤਨਖ਼ਾਹ ,ਸਫਰ ਖ਼ਰਚ ਆਦਿ ਸਿੱਖ ਮਿਸ਼ਨ ਨੇਪਾਲ | ੧੨੨੮ | ੨੫੯੫੦.੦੦ | |
| ੮੩ ਸਹਾਇਤਾ ਲਾਇਬ੍ਰੇਰੀਆਂ ਲਿਟਰੇਚਰ ਆਦਿ | ੧੨੩੯ | ੧੯੦੨੨੦.੦੦ | |
| ੮੪ ਸਹਾਇਤਾ ਗੁਰਦੁਆਰਾ ਸਾਹਿਬਾਨ | ੧੨੫੭ | ੩੯੪੦੯੮.੦੦ | |
| ੮੫ ਸਹਾਇਤਾ ਗੁਰੂ ਕਾਸ਼ੀ ਕਾਲਜ ਆਫ ਸਿੱਖ ਸਟੱਡੀਜ ਤਲਵੰਡੀ ਸਾਬੋ ਕੀ (ਬਠਿੰਡਾ) | ੧੨੭੫ | ੮੦੦੦੦੦.੦੦ | |
| ੮੬ ਸਹਾਇਤਾ ਪੰਜਾਬ ਤੋਂ ਬਾਹਰਲੇ ਗੁਰਦੁਆਰਾ ਸਾਹਿਬਾਨ | ੧੨੮੩ | ੧੩੪੭੩੦.੦੦ | |
| ੮੭ ਸਹਾਇਤਾ ਧਾਰਮਿਕ ਵਿਦਿਆ ਸਕੂਲਾਂ/ਕਾਲਜਾਂ | ੧੨੯੭ | ੫੦੨੦੦.੦੦ | |
| ੮੮ ਸਹਾਇਤਾ ਧਰਮ ਪ੍ਰਚਾਰ ਵਿਦਿਆਰਥੀ ਖੇਤਰ ਅਤੇ ਸਿੱਖ ਸ਼ਸ਼ਤਰ ਵਿਦਿਆ (ਗਤਕਾ) | ੧੩੧੮ | ੪੯੯੮੮੫.੦੦ | |
| ੮੯ ਸਹਾਇਤਾ ਪੀੜ੍ਹਤ ਪਰਿਵਾਰ | ੧੩੨੭ | ੩੭੯੯੬੭.੦੦ | |
| ੯੦ ਸਹਾਇਤਾ ਸਿਕਲੀਗਰ ਤੇ ਵਣਜਾਰੇ ਸਿੱਖਾਂ | ੧੩੪੪ | ੧੧੦੯੮੧.੦੦ | |
| ੯੧ ਸਹਾਇਤਾ ਕੁਦਰਤੀ ਆਫਤਾਂ, ਕੈਂਸਰ ਰਲੀਫ ਫੰਡ (ਸ਼ੋ:ਗੁ:ਪ੍ਰ:ਕਮੇਟੀ ਨੂੰ) | ੧੩੫੩ | | ੧੧੧੫.੦੦ |
| ੯੨ ਸਹਾਇਤਾ ਯਾਦਗਾਰੀ ਪ੍ਰੋਜੈਕਟ ਤੇ ਇਤਿਹਾਸਕ ਇਮਾਰਤਾਂ | ੧੩੬੭ | ੪੦੨੦੨੫.੦੦ | ੪੨੮੯੧.੦੦ |
| ੯੩ ਸਹਾਇਤਾ ਧਾਰਮਿਕ, ਪੰਥਕ ਤੇ ਸਮਾਜ ਸੇਵੀ ਸੰਸਥਾਵਾਂ,ਪਿੰਡਾਂ ਦੇ ਗ੍ਰੰਥੀ ਸਿੰਘਾਂ ਰਾਹੀਂ ਪ੍ਰਚਾਰ, ਪੰਥਕ ਵਿਦਿਵਾਨਾਂ ਨੂੰ ਸਨਮਾਨਤ | ੧੩੭੫ | ੨੧੨੪੫੮.੦੦ | |
| ੯੪ ਸਹਾਇਤਾ ਮੁਫ਼ਤ ਵਿੱਦਿਆ ਅੰਮ੍ਰਿਤਧਾਰੀ ਵਿਦਿਆਰਥੀ (ਸ਼ੋ:ਗੁ:ਪ੍ਰ:ਕਮੇਟੀ ਨੂੰ) | ੧੩੯੬ | ੫੬੮੦੦੦.੦੦ | |
| ੯੫ ਸਹਾਇਤਾ ਗੁਰਦੁਆਰਾ ਸਾਹਿਬਾਨ,ਪੀੜ੍ਹਤ ਪਰਿਵਾਰ, ਲਾਇਬੇਰ੍ਰੀਆਂ ਆਦਿ ਹਰਿਆਣਾ ਸਿੱਖ ਮਿਸ਼ਨ | ੧੪੦੦ | ੨੭੮੫੯੯.੦੦ | |
| ੯੬ ਆਮਦਨ ਕਰ | ੧੪੩੭ | ੨੦੯੫੦੦.੦੦ | ੨੩੨੫੦੦.੦੦ |
| ੯੭ ਟੀ.ਡੀ.ਐਸ. (ਅਦਾਇਗੀ ਯੋਗ) | ੧੪੫੭ | ੩੫੦੩੨.੦੦ | ੧੮੭੩੦.੦੦ |
| ੯੮ ਸਹਾਇਤਾ ਭਾਈ ਨਗਾਈਆ ਜੀ ਪਬ:ਸਕੂਲ ਫਾਰ ਡੈਫ ਆਲਮਗੀਰ ਲੁਧਿਆਣਾ | ੧੪੮੫ | ੫੧੬੮੮੧.੦੦ | |

| | | | |
|---|---|---|---|
| ੯੯ ਅਣਦਿੱਤੀ ਤਨਖ਼ਾਹ | ੧੫੦੬ | ੮੫੬੮.੦੦ | ੭੪੯੯੧.੦੦ |
| ੧੦੦ ਅਣਦਿੱਤੇ ਬਿਲਜ਼ ਸ਼੍ਰੋਮਣੀ ਕਮੇਟੀ (ਗੁਰਬਾਣੀ ਤੇ ਗੁਰਮਤਿ ਲਿਟ: ਫੰਡ) | ੧੫੩੭ | | ੨੦੧੦੫੫.੦੦ |
| ੧੦੧ ਅਮਾਨਤ ਕਿਰਾਇਆ ਤੇ ਬਿਜਲੀ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ | ੧੫੫੧ | ੪੮੩੪੦.੦੦ | ੪੮੩੪੦.੦੦ |
| ੧੦੨ ਅਮਾਨਤ ਕਿਰਾਇਆ ਗੁ:ਸ੍ਰੀ ਫਤਹਿਗੜ੍ਹ ਸਾਹਿਬ | ੧੫੭੨ | | ੧੭੬੬.੦੦ |
| ੧੦੩ ਅਮਾਨਤ ਕਿਰਾਇਆ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ, ਬਠਿੰਡਾ | ੧੫੭੮ | | ੬੪੮੬.੦੦ |
| ੧੦੪ ਅਮਾਨਤ ਜਨਰਲ | ੧੫੮੭ | | ੬੦੦੦.੦੦ |
| ੧੦੫ ਅਮਾਨਤ ਮੁਲਾਜ਼ਮਾਂ | ੧੬੦੯ | ੩੬੬੯੦੫.੦੦ | ੩੫੫੧੧੯.੦੦ |
| ੧੦੬ ਅਮਾਨਤ ਸ਼੍ਰੋਮਣੀ ਕਮੇਟੀ | ੧੬੨੮ | ੧੪੫੨੮.੦੦ | ੧੪੫੨੮.੦੦ |
| ੧੦੭ ਪੇਸ਼ਗੀ ਜਨਰਲ | ੧੬੭੧ | ੨੭੩੭੫੨੧.੦੦ | ੨੩੦੪੬੮੨.੦੦ |
| ੧੦੮ ਪੇਸ਼ਗੀ ਹਥਿਆਰ | ੧੭੨੧ | | ੨੮੦੦.੦੦ |
| ੧੦੯ ਪੇਸ਼ਗੀ ਤਨਖ਼ਾਹ | ੧੭੪੬ | ੮੩੨੩੮੭.੦੦ | ੭੬੮੭੪੩.੦੦ |
| ੧੧੦ ਕਿਰਾ: ਦੁਕਾਨਾਂ ਤੇ ਫਲੈਟਸ, ਯੂ.ਪੀ. ਸਿੱਖ ਮਿਸ਼ਨ | ੧੭੯੯ | | ੨੦੪੯੦.੦੦ |
| ੧੧੧ ਅਮਾਨਤ ਕਿਰਾਇਆ ਸ੍ਰੀ ਦੂਖ ਨਿਵਾਰਨ ਸਾਹਿਬ ( ਗੁ:ਸ੍ਰੀ ਮੋਤੀ ਬਾਗ) ਪਟਿਆਲਾ | ੧੮੨੧ | | ੪੬੦.੦੦ |
| ੧੧੨ ਅਮਾਨਤ ਕਿਰਾਇਆ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ | ੧੮੨੫ | | ੧੨੪੦.੦੦ |
| ੧੧੩ ਅਮਾਨਤ ਕਿਰਾਇਆ ਗੁ:ਸ੍ਰੀ ਲੱਧੇਵਾਲ ਸਾਹਿਬ | ੧੮੨੭ | | ੪੪੦.੦੦ |
| ੧੧੪ ਪ੍ਰੋ: ਫੰਡ ਸਟਾਫ਼ | ੨੦੧੧ | ੧੭੭੨੧੭੦.੦੦ | ੧੭੭੨੧੭੦.੦੦ |
| ੧੧੫ ਕਰਜਾ ਪ੍ਰੋ: ਫੰਡ | ੨੦੩੬ | ੧੨੬੫੨੦.੦੦ | ੧੨੬੫੨੦.੦੦ |
| ੧੧੬ ਸੇਫ਼ ਖਾਤਾ | ੨੦੪੬ | | ੪੩੫੩੮੫.੦੦ |
| ੧੧੭ S.B a/c no.੬੫੦੩੮੬੦੦੪੯੦ SBP, ਬਾਗ ਜਲ੍ਹਿਆਂ ਵਾਲਾ,ਅੰਮ੍ਰਿਤਸਰ | ੨੦੭੦ | ੩੭੬੨੦੦੦੦.੦੦ | ੧੪੧੨੮੩੩੫.੦੦ |
| ੧੧੮ S.B a/c no.੦੦੯੭੬੦੦੦/੦੦੭੦੧੨੭ PNB,ਬਾਗ ਜਲ੍ਹਿਆਂ ਵਾਲਾ, ਅੰਮ੍ਰਿਤਸਰ | ੨੧੦੮ | | ੨੪੪੫੩੨.੦੦ |
| ੧੧੯ S.B a/c no.੭੪੭੯੦੦੦/੦੦੦੦੮੭੩੨ | | | |

| | | | |
|---|---|---|---|
| PNB, ਸਰਾਂਏ, ਅੰਮ੍ਰਿਤਸਰ | ੨੧੨੮ | ੧੪੫੭੫੫੮.੦੦ | ੧੯੮੩੭੭੨.੦੦ |
| ੧੨੦ S.B a/c no.੧੩੧੩੧੦੦੦੦੧੭੯੬੬ HDFC, | | | |
| ਗੋਲਡਨ ਟੈਂਪਲ,ਅੰਮ੍ਰਿਤਸਰ | ੨੧੪੬ | ੨੨੮੫੬੩੮.੦੦ | ੫੧੧੨੯੧੮.੦੦ |
| ੧੨੧ S.B a/c no.੨੪੮੦ PSB, ਸਰਾਂਏ ਅੰਮ੍ਰਿਤਸਰ | ੨੧੮੧ | ੪੪੫੫੬੭੯.੦੦ | ੭੯੬੪੯੫੩.੦੦ |
| ੧੨੨ S.B a/c no. ੨੩੩ PSB, ਗੜ੍ਹ ਰੋਡ, | | | |
| ਹਾਪੁੜ (ਯੂ.ਪੀ) | ੨੨੩੧ | | ੫੦੦੦੦੦.੦੦ |
| ੧੨੩ S.B a/c no. ੨੧੯੨੧ Induslnd Bank, | | | |
| ਮਾਲ ਰੋਡ,ਅੰਮ੍ਰਿਤਸਰ | ੨੨੭੪ | ੧੦੦੦੦੦੦੦.੦੦ | |
| ੧੨੪ S.B a/c no.੦੦੬੬੦੧੦੦੩੨੩੩ ICICI Bank, | | | |
| ਮਾਲ ਰੋਡ,ਅੰਮ੍ਰਿਤਸਰ | ੨੨੮੫ | | ੫੦੦੦੦੦.੦੦ |
| ੧੨੫ S.B a/c no.੯੧੧੦੧੦੦੩੦੩੭੪੬੭੨ | | | |
| Axis Bank, ਕੋਰਟ ਰੋਡ, ਅੰਮ੍ਰਿਤਸਰ | ੨੨੯੩ | ੪੭੦੦੦੦੦.੦੦ | ੯੮੬੬੯੪੨.੦੦ |
| ੧੨੬ S.Ba/c No ੭੫੦੧੦੧੦੧੧੦੦੧੭੨੪ | | | |
| ਵਿਜੈ ਬੈਂਕ ਮਾਲਵੀਆ ਰੋਡ | ੨੩੦੦ | | ੪੦੦੦੦੦.੦੦ |
| ੧੨੭ S.Ba/c No ੦੮੧੧੬੫੫੬੪੨ | | | |
| ਕੋਟਿਕ ਮਹਿੰਦਰਾ ਬੈਂਕ ਮਾਲ ਰੋਡ | ੨੩੧੫ | | ੧੦੦੦੦੦੦.੦੦ |
| ੧੨੮ ਕਮਿਸ਼ਨ ਬੈਂਕਾਂ | ੨੩੯੧ | ੧੫.੦੦ | |
| ੧੨੯ ਜਮਾਨਤਾਂ ਜਨਰਲ ਤੇ ਠੇਕੇਦਾਰਾਂ | ੨੩੯੮ | | ੨੦੧੦੧.੦੦ |
| ੧੩੦ ਜਮਾਨਤ ਵਿਦਿਆਰਥੀਆਂ | ੨੪੧੯ | ੧੧੬੦੦੦.੦੦ | ੧੭੪੦੦੦.੦੦ |
| ੧੩੧ ਜਮਾਨਤਾਂ ਮੁਲਾਜਮਾਂ | ੨੪੪੧ | ੨੮੦੫੩.੦੦ | ੨੨੫੦੦.੦੦ |
| | ਜੋੜ :- | ੧੦੧੧੭੫੯੦੨.੦੦ | ੧੦੦੬੯੧੯੪੨.੦੦ |
| | ਹੱਥ ਦੀ ਬਾਕੀ :- | ੪੧੪੯੫੫.੦੦ | ੮੯੮੯੧੫.੦੦ |
| | ਕੁਲ ਜੋੜ :- | ੧੦੧੫੯੦੮੫੭.੦੦ | ੧੦੧੫੯੦੮੫੭.੦੦ |

ਸਹੀ/- ਸਹੀ/-

ਚੀਫ਼ ਅਕਾਊਂਟੈਂਟ, ਐਡੀ. ਸਕੱਤਰ,

ਧਰਮ ਪ੍ਰਚਾਰ ਕਮੇਟੀ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

ੴ ਸ੍ਰੀ ਵਾਹਿਗੁਰੂ ਜੀ ਕੀ ਫ਼ਤਹਿ॥

# ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।
## ਚਿੱਠਾ ਆਮਦਨ/ਖਰਚ ਜਨਰਲ ਬੋਰਡ ਫੰਡਜ਼, ਮਹੀਨਾ ਮਈ ੨੦੧੭

| ਸੀ: ਨੰ: | ਨਾਮ ਖਾਤਾ | ਪੰਨਾ | ਨਾਮ | ਜਮ੍ਹਾਂ |
|---|---|---|---|---|
| | ਜਨਰਲ ਲੈਜਰ ਨੰ:੧ | | | |
| ੧ | ਦਸਵੰਧ ਸੈਕਸ਼ਨ-੮੫ | ੪ | ੦.੦੦ | ੩੦੮੬੩੦੭੪.੦੦ |
| ੨ | ਦਸਵੰਧ ਸੈਕਸ਼ਨ-੮੭ | ੪੩ | ੦.੦੦ | ੪੭੫੨੧੧੭.੦੦ |
| ੩ | ਵਿਕਰੀ ਸਟੇਸ਼ਨਰੀ ਸਟਾਕ | ੧੨੩ | ੦.੦੦ | ੯੪੬੬.੦੦ |
| ੪ | ਆਮਦਨ ਗੁਰਦੁਆਰਾ ਗਜ਼ਟ | ੧੩੫ | ੦.੦੦ | ੮੦.੦੦ |
| ੫ | ਖ਼ਰਚ ਗੁਰਦੁਆਰਾ ਗਜ਼ਟ | ੧੪੧ | ੮੩੫੨੭.੦੦ | ੦.੦੦ |
| ੬ | ਕਿਰਾਇਆ ਕੁਆਰਟਰ (ਮੁਲਾਜਮਾਂ) | ੧੪੭ | ੦.੦੦ | ੨੯੬੫੦.੦੦ |
| ੭ | ਐਂਟਰਟੇਨਮੈਂਟ | ੧੬੧ | ੨੪੫੪੬.੦੦ | ੦.੦੦ |
| ੮ | ਖ਼ਰਚ ਸਬ-ਆਫਿਸ, ਚੰਡੀਗੜ੍ਹ | ੧੮੬ | ੧੦੦੬੫੯੪.੦੦ | ੦.੦੦ |
| ੯ | ਖ਼ਰਚ ਸ੍ਰੀ ਕਲਗੀਧਰ ਨਿਵਾਸ,ਚੰਡੀਗੜ੍ਹ | ੧੯੫ | ੩੬੪੮੭੮.੦੦ | ੦.੦੦ |
| ੧੦ | ਸਟੇਸ਼ਨਰੀ ਦਫ਼ਤਰ | ੨੦੨ | ੧੩੯੯੬੫.੦੦ | ੦.੦੦ |
| ੧੧ | ਸਮਾਨ ਤੇ ਫਰਨੀਚਰ ਦਫ਼ਤਰ | ੨੧੪ | ੧੧੨੦੯੦.੦੦ | ੦.੦੦ |
| ੧੨ | ਮੁਰੰਮਤ ਸਮਾਨ | ੨੨੭ | ੧੦੬੩੯.੦੦ | ੦.੦੦ |
| ੧੩ | ਮੁਕਦੱਮੇ ਸਮੇਤ ਖ਼ਰਚ ਸਿੱਖ ਜੁਡੀਸ਼ਲ ਕਮਿਸ਼ਨ | ੨੪੦ | ੯੯੪੪੯੨.੦੦ | ੦.੦੦ |
| ੧੪ | ਸਫ਼ਰ ਖ਼ਰਚ ਮੁਲਾਜਮਾਂ | ੨੭੭ | ੪੩੮੩੬੪.੦੦ | ੦.੦੦ |
| ੧੫ | ਖ਼ਰਚ ਗੱਡੀਆਂ | ੩੮੫ | ੫੪੬੦੫੯.੦੦ | ੦.੦੦ |
| ੧੬ | ਪਬਲੀਸਿਟੀ | ੪੩੪ | ੧੯੧੭੭੫.੦੦ | ੩੨੧੧੦.੦੦ |
| ੧੭ | ਅਮਾਨਤ ਬੀਮਾ ਸਾਬਕਾ ਮੁਲਾਜ਼ਮਾਂ | ੦੦ | ੦੦.੦੦ | ੦੦.੦੦ |
| ੧੮ | ਫੁਟਕਲ | ੪੪੮ | ੨੨੪੮੦.੦੦ | ੨੧੮੬੫.੦੦ |
| ੧੯ | ਸਮਾਨ ਕੰਪਿਊਟਰ | ੪੬੮ | ੩੦੦੦.੦੦ | ੦.੦੦ |
| ੨੦ | ਡਾਕ ਤੇ ਤਾਰ ਖ਼ਰਚ | ੪੭੨ | ੧੬੦੧੧.੦੦ | ੦.੦੦ |
| ੨੧ | ਖ਼ਰਚ ਜਨਰਲ ਸਮਾਗਮ | ੪੭੮ | ੭੭੭੫੦.੦੦ | ੦.੦੦ |
| | ਜਨਰਲ ਲੈਜਰ ਨੰ:੨ | | | |
| ੨੨ | ਟੈਲੀਫੋਨ ਦਫਤਰ | ੫੦੨ | ੨੦੯੫੮.੦੦ | ੦.੦੦ |
| ੨੩ | ਤਨਖ਼ਾਹ ਜਨਰਲ ਵਿਭਾਗ ਕਲਰਕਾਂ ਤੇ ਸੇਵਾਦਾਰਾਂ | ੫੧੫ | ੧੨੪੪੭੧੯੩.੦੦ | ੪੮੪.੦੦ |

| | | | | |
|---|---|---|---|---|
| ੨੪ | ਤਨਖ਼ਾਹ ਇੰਸਪੈਕਸ਼ਨ ਵਿਭਾਗ | ੫੨੫ | ੪੨੫੧੦੪੪.੦੦ | ੦.੦੦ |
| ੨੫ | ਇੰਟਰਨਲ ਆਡਿਟ ਫ਼ੀਸ | ੫੩੨ | ੪੮੮੭੫੦.੦੦ | ੦.੦੦ |
| ੨੬ | ਤਨਖਾਹ ਸਟਾਫ ਆਨ ਡੈਪੂਟੇਸ਼ਨ (ਵਸੂਲਣ ਯੋਗ ਤਨਖ਼ਾਹ) | ੫੩੬ | ੪੭੪੪੬.੦੦ | ੦.੦੦ |
| ੨੭ | ਪੇਸ਼ਗੀ ਜਨਰਲ | ੫੪੬ | ੫੦੨੨੧੪੦.੦੦ | ੪੯੭੯੫੮.੦੦ |
| ੨੮ | ਟੈਲੀਫੋਨ ਇੰਟਰਨਲ | ੫੮੮ | ੭੫੧੪੦.੦੦ | ੦.੦੦ |
| ੨੯ | ਪੇਸ਼ਗੀ ਅਸਲਾ | ੫੯੨ | ੦.੦੦ | ੧੪੦੦.੦੦ |
| ੩੦ | ਵਰਦੀਆਂ ਸੇਵਾਦਾਰਾਂ | ੫੯੮ | ੮੧੯੬੦.੦੦ | ੪੩੮੦.੦੦ |
| ੩੧ | ਅਣਦਿੱਤੀ ਤਨਖ਼ਾਹ | ੬੦੭ | ੬੪੭੩੬.੦੦ | ੩੬੫੫੧.੦੦ |
| ੩੨ | ਸਹਾਇਤਾ ਮੀਰੀ-ਪੀਰੀ ਮੈਡੀਕਲ ਕਾਲਜ ਸ਼ਾਹਬਾਦ ਮਾਰਕੰਡਾ ਹਰਿਆਣਾ | ੬੧੬ | ੧੩੦੦੦੦੦੦.੦੦ | ੨੧੫੦੦੦੦੦.੦੦ |
| ੩੩ | ਕੈਸ਼ ਹੋਣ ਯੋਗ ਚੈੱਕ | ੬੨੪ | ੨੦੬੨੦੦.੦੦ | ੩੮੫੦੦੦.੦੦ |
| ੩੪ | ਕਰਜਾ ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ | ੬੩੧ | ੨੫੦੦੦੦੦੦.੦੦ | ੦.੦੦ |
| ੩੫ | ਪੇਸ਼ਗੀ ਤਨਖ਼ਾਹ | ੬੪੭ | ੧੪੨੧੦੦੦.੦੦ | ੧੨੪੮੦੦੦.੦੦ |
| ੩੬ | ਸਹਾਇਤਾ :- ਸ੍ਰੀ ਗੁਰੂ ਗ੍ਰੰਥ ਸਾਹਿਬ ਚੌਥੀ ਸਤਾਬਦੀ ਮੈਮੋਰੀਅਲ ਟੱਰਸਟ (ਸ੍ਰੀ ਗੁਰੂ ਗ੍ਰੰਥ ਸਾਹਿਬ ਯੂਨੀਵਰਸਿਟੀ) ਫਤਹਿਗੜ੍ਹ ਸਾਹਿਬ | ੭੬੫ | ੧੭੦੦੦੦੦੦.੦੦ | ੧੦੦੦੦੦੦੦.੦੦ |
| ੩੭ | ਤਨਖ਼ਾਹ ਅਤੇ ਬਿੱਲ ਸਬ-ਆਫਿਸ ਕੁਰੂਕਸ਼ੇਤਰ (ਹਰਿਆਣਾ) | ੭੭੬ | ੩੧੬੦੭੭.੦੦ | ੦.੦੦ |
| ੩੮ | ਰੋਸ਼ਨੀ ਦਫ਼ਤਰ | ੭੮੬ | ੧੩੮੫੭.੦੦ | ੦.੦੦ |
| ੩੯ | ਨਵੀਆਂ ਗੱਡੀਆਂ | ੭੯੨ | ੫੧੮੫੦.੦੦ | ੦.੦੦ |
| ੪੦ | ਇੰਟਰਨੈੱਟ | ੭੯੮ | ੨੪੭੨੫੦.੦੦ | ੦.੦੦ |
| ੪੧ | ਕਿਰਾਇਆ ਮੁਲਾਜਮਾਂ ਸ੍:ਹਰਚਰਨ ਸਿੰਘ ਜੀ ਮੁੱਖ ਸਕੱਤਰ | ੮੦੫ | ੪੫੦੦੦.੦੦ | ੦.੦੦ |
| ੪੨ | ਸਹਾਇਤਾ ਗਰੀਬ ਬੱਚਿਆਂ ਦੀ ਪੜ੍ਹਾਈ | ੮੧੦ | ੧੯੭੧੦੦.੦੦ | ੦.੦੦ |
| ੪੩ | ਇਮਾਰਤ ਦਸਮੇਸ਼ ਪਬਲਿਕ ਸਕੂਲ, ਮਾਣੂੰਕੇ (ਲੁਧਿਆਣਾ) | ੮੮੭ | ੦.੦੦ | ੨੯੫੦੦.੦੦ |
| ੪੪ | ਸੀਮੈਂਟ ਸਰੀਆ ਦਸਮੇਸ਼ ਪਬਲਿਕ ਸਕੂਲ ਮਾਣੂੰਕੇ, ਲੁਧਿਆਣਾ | ੮੯੯ | ੯੦੨੩੨.੦੦ | ੦.੦੦ |
| ੪੫ | ਸੀਮੇਂਟ ਸਰੀਆ ਮਾਤਾ ਸਾਹਿਬ ਕੌਰ | | | |

| | | | | |
|---|---|---|---|---|
| | ਗ:ਕਾਲਜ ਤਲਵੰਡੀ ਭਾਈ (ਫਿਰੋਜ਼ਪੁਰ) | ੯੧੩ | ੩੪੪੦੦.੦੦ | ੬੦੭੩੨.੦੦ |
| ੪੬ | ਸੀਮੈਂਟ ਸਰੀਆ ਸਾਹਿਬਜ਼ਾਦਾ ਅਜੀਤ ਸਿੰਘ ਪਬਲਿਕ ਸਕੂਲ ਬਜੀਦਪੁਰ, ਫਿਰੋਜਪੁਰ | ੯੪੯ | ੦.੦੦ | ੩੪੪੦੦.੦੦ |
| | ਜਨਰਲ ਲੈਜਰ ਨੰ:੩ | | | |
| ੪੭ | ਬੱਚਤ ਹਿਸਾਬ ਨੰ: ੨੦੧੬੫੭੧੭੯੩੦ ਇਲਾਹਾਬਾਦ ਬੈਂਕ, ਕਟੜਾ ਆਹਲੂਵਾਲੀਆ | ੧੦੦੧ | ੦.੦੦ | ੪੦੫੦੦.੦੦ |
| ੪੮ | ਬੱਚਤ ਹਿਸਾਬ ਨੰ:੨੧੨੩ ਪੰਜਾਬ ਐਂਡ ਸਿੰਧ ਬੈਂਕ ਨਿਵਾਸ ਅੰਮ੍ਰਿਤਸਰ | ੧੦੧੬ | ੨੧੫੯੧੩੭੮.੦੦ | ੩੭੩੮੨੧੦੭.੦੦ |
| ੪੯ | ਬੱਚਤ ਹਿਸਾਬ ਨੰ: ੯੪੭੪੯ ਐਚ.ਡੀ.ਐਫ.ਸੀ. ਬੈਂਕ, ਘੰਟਾ ਘਰ, ਅੰਮ੍ਰਿਤਸਰ | ੧੦੮੨ | ੩੧੬੪੫੨੯੭.੦ | ੧੭੫੯੫੦੯੭.੦੦ |
| ੫੦ | ਬੱਚਤ ਹਿਸਾਬ ਨੰਬਰ ੫੭੪੪ ਪੰਜਾਬ ਨੈਸ਼ਨਲ ਬੈਂਕ ਗੋਲਡਨ ਟੈਂਪਲ ਕੰਪਲੈਕਸ | ੧੧੦੬ | ੬੦੭੭੪੧.੦੦ | ੩੪੭੧੧੯੪.੦੦ |
| ੫੧ | ਬੱਚਤ ਹਿਸਾਬ ਨੰ: ੬੫੦੨੨੧੬੭੦੭੫ ਸਟੇਟ ਬੈਂਕ ਆਫ਼ ਇੰਡੀਆ(ਪਟਿਆਲਾ) | ੧੧੩੧ | ੯੩੫੬੨੬੮.੦੦ | ੨੨੩੨੮੪੧੨.੦੦ |
| ੫੨ | ਬੱਚਤ ਹਿਸਾਬ ਨੰ: ੦੧੧੨੭੫ ਆਈ.ਸੀ.ਆਈ.ਸੀ.ਆਈ.ਬੈਂਕ | ੧੧੮੦ | ੨੨੯੨੯੦੪.੦੦ | ੨੦੦੦੦੦੦.੦੦ |
| ੫੩ | ਬੱਚਤ ਹਿਸਾਬ ਨੰ: ੧੧੮੨੮ ਕੋਟਕ ਮਹਿੰਦਰਾ ਬੈਂਕ, ਅੰਮ੍ਰਿਤਸਰ | ੧੧੯੦ | ੦.੦੦ | ੧੬੫੮੦੦੨.੦੦ |
| ੫੪ | ਅਮਾਨਤ ਮੈਡੀਕਲੇਮ ਇੰਸ਼ੋਰੈਂਸ ਮੁਲਾਜ਼ਮਾਂ | ੧੨੧੨ | ੧੧੧੮੬੦.੦੦ | ੧੧੫੨੯੭.੦੦ |
| ੫੫ | ਜਮਾਨਤ ਠੇਕੇਦਾਰਾਂ | ੧੨੩੨ | ੨੪੨੨੦੭੩.੦੦ | ੦.੦੦ |
| ੫੬ | ਅਮਾਨਤ ਮੁਲਾਜ਼ਮਾਂ | ੧੨੫੨ | ੧੮੪੯੫੨.੦੦ | ੦.੦੦ |
| ੫੭ | ਸੇਲ ਟੈਕਸ ਫਰਮਾਂ | ੧੩੬੦ | ੫੫੪੯੦.੦੦ | ੦.੦੦ |
| ੫੮ | ਇੰਨਕਮ ਟੈਕਸ (ਫਰਮਾਂ) | ੧੩੭੧ | ੧੩੩੯੩੦.੦੦ | ੭੪੪੫੯.੦੦ |
| ੫੯ | ਇੰਨਕਮ ਟੈਕਸ (ਮੁਲਾਜ਼ਮਾਂ) | ੧੪੦੧ | ੨੪੬੭੪੪੦.੦੦ | ੧੧੭੦੧੧੩.੦੦ |
| | ਜੋੜ :- | | ੧੫੪੯੭੩੭੨੬.੦੦ | ੧੫੫੩੪੧੯੪੮.੦੦ |
| | ਹੱਥ ਦੀ ਬਾਕੀ :- | | ੫੯੯੨੩੧.੦੦ | ੨੩੧੦੦੯.੦੦ |
| | ਕੁਲ ਜੋੜ :- | | ੧੫੫੫੭੨੯੫੭.੦੦ | ੧੫੫੫੭੨੯੫੭.੦੦ |

ਸਹੀ/- ਸਹੀ/-

ਚੀਫ਼ ਅਕਾਊਂਟੈਂਟ, ਐਡੀ. ਸਕੱਤਰ,

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।